People's Herald
Rs- 100/month
People's Herald



# “ਇਕੁਐਲਿਟੀ ਐਂਡ ਜਸਟਿਸ”



https://www.facebook.com/profile.php?id=161037521061610
“Equality and Justice”
स्वतंत्रता, समानता, भाईचारा
PATIALA On line paper 11 ਮਈ 2025 ਐਤਵਾਰ “ਰੋਜ਼ਾਨਾ” ਸਾਲ ਚੌਥਾ w.e.f. 15 August 2022 ਪਟਿਆਲਾ
ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

**ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ**



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ

**“ਇਕੁਐਲਿਟੀ ਐਂਡ ਜਸਟਿਸ” ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ ‘ਪੰਚਸ਼ੀਲ’ ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ ‘ਮਨ ਦੀ ਸਮਾਧੀ’ ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ



## ਭਾਰਤ ਪਾਕਿਸਤਾਨ ਦਰਮਿਆਨ ਗੋਲੀਬਾਰੀ ਬੰਦ ਹੋਣ ਤੇ ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਅੰਮ੍ਰਿਤਸਰ ਵੱਲੋਂ ਖੁਸ਼ੀ ਦਾ ਪ੍ਰਗਟਾਵਾ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਅੰਮ੍ਰਿਤਸਰ ( ਸਵਿੰਦਰ ਸਿੰਘ/ਬੇਅੰਤ ਸਿੰਘ ਰੋਹਟੀ ਖਾਸ) ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਅੰਮ੍ਰਿਤਸਰ ਦੇ ਚੇਅਰਮੈਨ ਸ੍ਰ. ਰਜਿੰਦਰ ਸਿੰਘ ਮਰਵਾਹਾ, ਹਰਪਾਲ ਸਿੰਘ ਆਹਲੂਵਾਲੀਆ, ਹਰਦੇਸ਼ ਦਵੇਸਰ, ਡਾ. ਅਮਰਜੀਤ ਸਿੰਘ ਸਚਦੇਵਾ, ਅਮਰਜੀਤ ਸਿੰਘ ਨਾਰੰਗ, ਰੁਪਿੰਦਰ ਸਿੰਘ ਕਟਾਰੀਆ ਨੇ ਆਗੂਆਂ ਨੇ ਪਿਛਲੇ ਤਿੰਨ ਚਾਰ ਦਿਨ ਤੋਂ ਗਵਾਂਢੀ ਏਸ਼ੀਅਨ ਮੁਲਕਾਂ ਭਾਰਤ ਅਤੇ ਪਾਕਿਸਤਾਨ ਦਰਮਿਆਨ ਪੈਦਾ ਹੋਏ ਜੰਗ ਵਰਗੇ ਹਾਲਾਤ ਆਮ ਵਰਗੇ ਹੋਣ ਤੇ ਹਾਰਦਿਕ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਸੁਹਿਰਦ ਆਗੂਆਂ ਨੇ ਦੋਵਾਂ ਦੇਸ਼ਾਂ ਦਰਮਿਆਨ ਹੋਏ ਗੋਲੀਬੰਦੀ ਦੇ ਫੈਸਲੇ ਤੇ ਪ੍ਰਸੰਨਤਾ ਦਾ ਇਜ਼ਹਾਰ



ਕੀਤਾ ਹੈ। ਵਿਸ਼ਵ ਸਿੱਖ ਚੈਂਬਰ ਆਫ਼ ਕਾਮਰਸ ਦੇ ਆਗੂਆਂ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਰੱਖਿਆ ਮੰਤਰੀ ਸ੍ਰੀ ਰਾਜਨਾਥ ਸਿੰਘ, ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਕੋਲੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਕੀਤੀ ਕਿ ਉਹ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਤੋਂ ਘਰੇਲੂ ਅਤੇ ਅੰਤਰਰਾਸ਼ਟਰੀ ਉਡਾਣਾਂ ਨੂੰ ਮੁੜ ਸ਼ੁਰੂ ਕਰਨ ਲਈ ਜ਼ਰੂਰੀ ਨਿਰਦੇਸ਼ ਜਾਰੀ ਕਰਨ ਤਾਂ ਕਿ ਸਾਰੇ ਹਵਾਈ ਯਾਤਰੀਆਂ, ਜਿਨ੍ਹਾਂ ਦੀਆਂ ਫਲਾਈਟਾਂ ਜੰਗ ਵਰਗੇ ਹਾਲਾਤ ਕਾਰਨ ਰੱਦ ਹੋ ਗਈਆਂ ਸਨ, ਆਪਣੇ ਮਨਭਾਉਂਦੇ ਟਿਕਾਣਿਆਂ ਤੇ ਪਹੁੰਚ ਸਕਣ। ਜ਼ਿਕਰਯੋਗ ਹੈ ਕਿ ਅੰਮ੍ਰਿਤਸਰ ਦਾ ਹਵਾਈ ਅੱਡਾ ਗੁਰੂ ਨਗਰੀ ਅੰਮ੍ਰਿਤਸਰ ਦੀ ਆਰਥਿਕਤਾ ਅਤੇ ਵਿਕਾਸ ਦੀ ਰੀੜ੍ਹ ਦੀ ਹੱਡੀ ਵਜੋਂ ਹੈ। ਮੰਚ ਆਗੂਆਂ ਨੇ ਇਹ ਵੀ ਬੇਨਤੀ ਕੀਤੀ ਹੈ ਕਿ ਬਲੈਕ ਆਊਟ ਦੀਆਂ ਹਦਾਇਤਾਂ ਵੀ ਤੁਰੰਤ ਪ੍ਰਭਾਵ ਨਾਲ ਵਾਪਿਸ ਲਈਆਂ ਜਾਣ ਤਾਂ ਕਿ ਸਾਰੇ ਸ਼ਹਿਰੀ ਆਮ ਜੀਵਨ ਦੀ ਰੌਂਅ ਵਿੱਚ ਵਾਪਿਸ ਪਰਤ ਸਕਣ। ਯਾਦ ਰਹੇ ਕਿ ਜਿਸ ਦਿਨ ਤੋਂ ਦੋਵਾਂ ਗੁਆਂਢੀ ਮੁਲਕਾਂ ਦਰਮਿਆਨ ਗੋਲੀਬਾਰੀ ਸ਼ੁਰੂ ਹੋਈ ਸੀ, ਆਮ ਨਾਗਰਿਕ ਘੋਰ ਨਿਰਾਸ਼ਾ ਦੇ ਆਲਮ ਵਿੱਚ ਵਿਚਰ ਰਿਹਾ ਸੀ। ਅੱਜ ਦੇ ਸੂਝਭਰੇ ਫੈਸਲੇ ਨੇ ਉਨ੍ਹਾਂ ਦੇ ਚਿਹਰਿਆਂ ਤੇ ਖੁਸ਼ੀ ਮੁੜ ਪਰਤਾਈ ਹੈ। ਵਰਨਣਯੋਗ ਹੈ ਕਿ ਗੋਲੀਬੰਦੀ ਬੰਦ ਕਰਨ ਦਾ ਫੈਸਲਾ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦੂਰ ਅੰਦੇਸ਼ੀ ਯਤਨਾਂ ਸਦਕਾ ਲਾਗੂ ਹੋਇਆ ਹੈ। ਇਹ ਖੁਸ਼ਨੁਮਾ ਫੈਸਲਾ ਆਮ ਨਾਗਰਿਕ ਲਈ ਆਸ ਦੀ ਕਿਰਨ ਬਣਿਆ ਹੈ,ਜੋ ਕੁਝ ਦਿਨਾਂ ਤੋਂ ਕੰਮਕਾਜ ਠੱਪ ਹੋ ਜਾਣ ਤੇ ਨਿਰਾਸ਼ਾ ਦੇ ਮਾਹੌਲ ਵਿੱਚ ਸੀ। ਵਿਦਿਆਰਥੀਆਂ ਦੀ ਵਿੱਦਿਅਕ ਕਾਰਜਸ਼ੀਲਤਾ ਨੂੰ ਮੁੜ ਆਮ ਅਤੇ ਨਿਰੰਤਰ ਕਰਨ ਲਈ ਜ਼ਰੂਰੀ ਹੈ ਕਿ ਸਾਰੀਆਂ ਵਿੱਦਿਅਕ ਸੰਸਥਾਵਾਂ, ਸਕੂਲਾਂ, ਕਾਲਿਜਾਂ ਅਤੇ ਯੂਨੀਵਰਸਿਟੀਆਂ ਨੂੰ ਖੋਲ੍ਹਣ ਦੀਆਂ ਹਦਾਇਤਾਂ ਜਾਰੀ ਕਰ ਦਿੱਤੀਆਂ ਜਾਣ।

## ਭਾਰਤ-ਪਾਕਿਸਤਾਨ ਤਣਾਅ ਦੇ ਚੱਲਦਿਆਂ ਪੰਜਾਬ ਸਮੇਤ 9 ਰਾਜਾਂ ਦੇ 32 ਹਵਾਈ ਅੱਡੇ ਬੰਦ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਭਾਰਤ-ਪਾਕਿਸਤਾਨ ਤਣਾਅ ਦੇ ਚੱਲਦਿਆਂ 9 ਰਾਜਾਂ ਦੇ 32 ਹਵਾਈ ਅੱਡੇ 15 ਮਈ ਤੱਕ ਬੰਦ ਕਰ ਦਿੱਤੇ ਗਏ ਹਨ। ਜਿਨ੍ਹਾਂ ਰਾਜਾਂ ਵਿੱਚ ਇਹ ਹਵਾਈ ਅੱਡੇ ਸਥਿਤ ਹਨ ਉਨ੍ਹਾਂ ਵਿੱਚ ਪੰਜਾਬ, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼, ਹਰਿਆਣਾ, ਰਾਜਸਥਾਨ, ਗੁਜਰਾਤ ਅਤੇ ਮੱਧ ਪ੍ਰਦੇਸ਼ ਸ਼ਾਮਲ ਹਨ।

ਕੇਦਾਰਨਾਥ ਧਾਮ ਲਈ ਹੈਲੀਕਾਪਟਰ ਸੇਵਾ ਅਗਲੇ ਹੁਕਮਾਂ ਤੱਕ ਬੰਦ ਕਰ ਦਿੱਤੀ ਗਈ ਹੈ। ਪ੍ਰੀ-ਬੁਕਿੰਗ ਵੀ ਰੱਦ ਕਰ ਦਿੱਤੀ ਗਈ ਹੈ। ਰਾਜ ਸਰਕਾਰ ਨੇ ਕਿਹਾ ਕਿ ਇਹ ਫੈਸਲਾ ਸੁਰੱਖਿਆ ਮਾਪਦੰਡਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਗਿਆ ਹੈ।

ਦਿੱਲੀ ਹਵਾਈ ਅੱਡੇ ਨੇ ਅੱਜ ਸ਼ਨੀਵਾਰ ਨੂੰ ਇੱਕ ਨਵੀਂ ਐਡਵਾਈਜ਼ਰੀ ਜਾਰੀ ਕੀਤੀ ਹੈ। ਇਸ ਵਿੱਚ ਕਿਹਾ ਗਿਆ ਹੈ ਹੁਣ ਹਵਾਈ ਅੱਡੇ ‘ਤੇ ਸਾਰੇ ਕੰਮ ਆਮ ਵਾਂਗ ਹਨ। ਹਾਲਾਂਕਿ, ਸੁਰੱਖਿਆ ਕਾਰਨਾਂ ਕਰਕੇ ਕੁਝ ਉਡਾਣਾਂ ਦਾ ਸਮਾਂ-ਸਾਰਣੀ ਬਦਲ ਸਕਦੀ ਹੈ।

# ਭਾਰਤ ਅਤੇ ਪਾਕਿਸਤਾਨ ਜੰਗਬੰਦੀ ਲਈ ਸਹਿਮਤ

## ਭਾਰਤ ਅਤੇ ਪਾਕਿਸਤਾਨ ਦੇ ਡੀਜੀਐਮਓ 12 ਮਈ ਨੂੰ ਦੁਪਹਿਰ 12 ਵਜੇ ਮੁੜ ਗੱਲਬਾਤ ਕਰਨਗੇ: ਵਿਦੇਸ਼ ਸਕੱਤਰ ਵਿਕਰਮ ਮਿਸਰੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਵਾਸ਼ਿੰਗਟਨ, 10 ਮਈ

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਸ਼ਨਿੱਚਰਵਾਰ ਨੂੰ ਦਾਅਵਾ ਕੀਤਾ ਕਿ ਅਮਰੀਕਾ ਦੀ ਵਿਚੋਲਗੀ ਨਾਲ ਹੋਈ ਗੱਲਬਾਤ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ “ਪੂਰੀ ਅਤੇ ਤੁਰੰਤ” ਜੰਗਬੰਦੀ ਲਈ ਸਹਿਮਤ ਹੋ ਗਏ ਹਨ। ਅਮਰੀਕਾ ਦੀ ਵਿਚੋਲਗੀ ਨਾਲ ਹੋਈ ਜੰਗਬੰਦੀ ਭਾਰਤ ਅਤੇ ਪਾਕਿਸਤਾਨ ਦੀਆਂ ਫੌਜਾਂ ਵੱਲੋਂ ਇਕ ਦੂਜੇ ਦੇ ਫੌਜੀ ਟਿਕਾਣਿਆਂ ‘ਤੇ ਹਮਲਾ ਕਰਨ ਤੋਂ ਕੁਝ ਘੰਟੇ ਬਾਅਦ ਹੋਈ।



ਅਮਰੀਕੀ ਰਾਸ਼ਟਰਪਤੀ ਨੇ ਟਰੁੱਥ ਸੋਸ਼ਲ ’ਤੇ ਇਕ ਪੋਸਟ ਵਿਚ ਐਲਾਨ ਕੀਤਾ, “ਅਮਰੀਕਾ ਦੀ ਵਿਚੋਲਗੀ ਨਾਲ ਹੋਈ ਰਾਤ ਭਰ ਦੀ ਗੱਲਬਾਤ ਤੋਂ ਬਾਅਦ ਮੈਨੂੰ ਇਹ ਐਲਾਨ ਕਰਦਿਆਂ ਖੁਸ਼ੀ ਹੋ ਰਹੀ ਹੈ ਕਿ ਭਾਰਤ ਅਤੇ ਪਾਕਿਸਤਾਨ ਮੁਕੰਮਲ ਅਤੇ ਫ਼ੌਰੀ ਜੰਗਬੰਦੀ ਲਈ ਰਾਜ਼ੀ ਹੋ ਗਏ ਹਨ।’’ ਟਰੰਪ ਨੇ ਹੋਰ ਕਿਹਾ, ‘‘ਯੋਗ ਸਮਝ ਅਤੇ ਮਹਾਨ ਬੁੱਧੀ ਦੀ ਵਰਤੋਂ ਕਰਨ ਲਈ ਦੋਵਾਂ ਦੇਸ਼ਾਂ ਨੂੰ ਵਧਾਈਆਂ। ਇਸ ਮਾਮਲੇ ਵੱਲ ਧਿਆਨ ਦੇਣ ਲਈ ਤੁਹਾਡਾ ਧੰਨਵਾਦ।’’

ਟਰੰਪ ਵੱਲੋਂ ਇਹ ਐਲਾਨ ਅਮਰੀਕੀ ਵਿਦੇਸ਼ ਮੰਤਰੀ ਮਾਰਕ ਰੂਬੀਓ ਵੱਲੋਂ ਵਿਦੇਸ਼ ਮੰਤਰੀ ਐੱਸ ਜੈਸ਼ੰਕਰ, ਪਾਕਿਸਤਾਨ ਦੇ ਵਿਦੇਸ਼ ਮੰਤਰੀ ਇਸਹਾਕ ਡਾਰ ਅਤੇ ਪਾਕਿਸਤਾਨ ਦੇ ਫੌਜ ਮੁਖੀ ਜਨਰਲ ਅਸੀਮ ਮੁਨੀਰ ਨਾਲ ਗੱਲ ਕਰਨ ਤੋਂ ਬਾਅਦ ਆਇਆ। ਰੂਬੀਓ ਨੇ ਵੀ ‘ਐਕਸ’ ’ਤੇ ਇਸੇ ਤਰ੍ਹਾਂ ਦਾ ਬਿਆਨ ਦਿੱਤਾ ਹੈ।

ਰੂਬੀਓ ਕਿਹਾ ਸੀ, ‘‘ਪਿਛਲੇ 48 ਘੰਟਿਆਂ ਦੌਰਾਨ ਵੈਂਸ ਅਤੇ ਮੈਂ ਸੀਨੀਅਰ ਭਾਰਤੀ ਅਤੇ ਪਾਕਿਸਤਾਨੀ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਹੈ, ਜਿਨ੍ਹਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸ਼ਾਹਬਾਜ਼ ਸ਼ਰੀਫ, ਵਿਦੇਸ਼ ਮੰਤਰੀ ਸੁਬ੍ਰਮਣੀਅਮ ਜੈਸ਼ੰਕਰ, ਫੌਜ ਮੁਖੀ ਅਸੀਮ ਮੁਨੀਰ ਅਤੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਅਸੀਮ ਮਲਿਕ ਸ਼ਾਮਲ ਹਨ।’’

ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ “ਇਹ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਤੁਰੰਤ ਜੰਗਬੰਦੀ ਲਈ ਸਹਿਮਤ ਹੋ ਗਈਆਂ ਹਨ ਅਤੇ ਇਕ ਨਿਰਪੱਖ ਸਥਾਨ ’ਤੇ ਮੁੱਦਿਆਂ ਦੇ ਇਕ ਵਿਸ਼ਾਲ ਸਮੂਹ ’ਤੇ ਗੱਲਬਾਤ ਸ਼ੁਰੂ ਕਰਨ ਲਈ ਸਹਿਮਤ ਹੋ ਗਈਆਂ ਹਨ”।

**ਭਾਰਤ ਅਤੇ ਪਾਕਿਸਤਾਨ ਦੇ ਡੀਜੀਐੱਮਓ ਸ਼ਾਮ 5 ਵਜੇ ਤੋਂ ਫੌਜੀ ਕਾਰਵਾਈਆਂ ਨੂੰ ਰੋਕਣ ਲਈ ਰਾਜ਼ੀ: ਮਿਸਰੀ**

ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਐਲਾਨ ਕੀਤਾ ਹੈ ਕਿ ਭਾਰਤ ਅਤੇ ਪਾਕਿਸਤਾਨ ਦੇ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪਰੇਸ਼ਨਜ਼ (ਡੀਜੀਐੱਮਓ) ਸ਼ਨਿਚਰਵਾਰ ਸ਼ਾਮ 5 ਵਜੇ ਤੋਂ ਜ਼ਮੀਨ, ਹਵਾ ਅਤੇ ਸਮੁੰਦਰ ’ਤੇ ਸਾਰੀਆਂ ਗੋਲੀਬਾਰੀ ਅਤੇ ਹੋਰ ਫੌਜੀ ਕਾਰਵਾਈਆਂ ਨੂੰ ਰੋਕਣ ਲਈ ਸਹਿਮਤ ਹੋ ਗਏ ਹਨ। ਵਿਦੇਸ਼ ਸਕੱਤਰ ਵੱਲੋਂ ਇਹ ਸੰਖੇਪ ਐਲਾਨ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਬਿਆਨ ਤੋਂ ਥੋੜ੍ਹੀ ਦੇਰ ਬਾਅਦ ਆਇਆ।

ਮਿਸਰੀ ਨੇ ਕਿਹਾ ਕਿ ਪਾਕਿਸਤਾਨ ਦੇ ਡੀਜੀਐੱਮਓ ਨੇ ਅੱਜ ਦੁਪਹਿਰ 3.35 ਵਜੇ ਭਾਰਤ ਦੇ ਡੀਜੀਐੱਮਓ ਨੂੰ ਫੋਨ ਕੀਤਾ। ਉਨ੍ਹਾਂ ਕਿਹਾ, ‘‘ਦੋਹਾਂ ਵਿਚਕਾਰ ਇਹ ਸਹਿਮਤੀ ਬਣੀ ਕਿ ਦੋਵੇਂ ਧਿਰਾਂ ਸ਼ਨਿਚਰਵਾਰ ਨੂੰ ਭਾਰਤੀ ਸਮੇਂ ਅਨੁਸਾਰ ਸ਼ਾਮ 5 ਵਜੇ ਤੋਂ ਜ਼ਮੀਨ, ਹਵਾ ਅਤੇ ਸਮੁੰਦਰ ਵਿੱਚ ਸਾਰੀਆਂ ਗੋਲੀਬਾਰੀ ਅਤੇ ਹੋਰ ਫੌਜੀ ਕਾਰਵਾਈਆਂ ਨੂੰ ਬੰਦ ਕਰ ਦੇਣਗੀਆਂ।” ਉਨ੍ਹਾਂ ਅੱਗੇ ਕਿਹਾ, ‘‘ਇਸ ਸਮਝੌਤੇ ਨੂੰ ਲਾਗੂ ਕਰਨ ਲਈ ਦੋਵਾਂ ਪਾਸਿਆਂ ਨੂੰ ਨਿਰਦੇਸ਼ ਦਿੱਤੇ ਗਏ ਹਨ। ਡੀਜੀਐੱਮਓ 12 ਮਈ ਨੂੰ ਦੁਪਹਿਰ 12 ਵਜੇ ਦੁਬਾਰਾ ਗੱਲਬਾਤ ਕਰਨਗੇ।’’ -ਪੀਟੀਆਈ

## ਯੂਐੱਨ ਵੱਲੋਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਦੇ ਐਲਾਨ ਦਾ ਸਵਾਗਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਸੰਯੁਕਤ ਰਾਸ਼ਟਰ, 10 ਮਈ

ਭਾਰਤ ਅਤੇ ਪਾਕਿਸਤਾਨ ਵੱਲੋਂ ਜੰਗਬੰਦੀ ’ਤੇ ਸਹਿਮਤੀ ਤੋਂ ਬਾਅਦ ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਐਂਟੋਨੀਓ ਗੁਤੇਰੇਜ਼ ਨੇ ਦੋਹਾਂ ਦੇਸ਼ਾਂ ਦੀਆਂ ‘ਸੰਘਰਸ਼ ਨੂੰ ਘਟਾਉਣ ਦੀਆਂ ਸਾਰੀਆਂ ਕੋਸ਼ਿਸ਼ਾਂ’ ਦਾ ਸਵਾਗਤ ਕੀਤਾ ਹੈ। ਸਕੱਤਰ-ਜਨਰਲ ਦੇ ਉਪ ਬੁਲਾਰੇ ਫਰਹਾਨ ਹੱਕ ਨੇ ਇਥੇ ਪੀਟੀਆਈ ਨੂੰ ਦੱਸਿਆ, ‘‘ਅਸੀਂ ਨਿਗਰਾਨੀ ਕਰ ਰਹੇ ਹਾਂ ਪਰ ਅਸੀਂ ਟਕਰਾਅ ਨੂੰ ਘਟਾਉਣ ਦੀਆਂ ਸਾਰੀਆਂ ਕੋਸ਼ਿਸ਼ਾਂ ਦਾ ਸਵਾਗਤ ਕਰਦੇ ਹਾਂ।’’-



# ਰਾਜੌਰੀ ਵਿਚ ਪਾਕਿ ਗੋਲਾਬਾਰੀ ’ਚ ਏਡੀਸੀ ਦੀ ਮੌਤ, ਦੋ ਸਟਾਫ਼ ਮੈਂਬਰ ਗੰਭੀਰ ਜ਼ਖ਼ਮੀ

## ਮੁੱਖ ਮੰਤਰੀ ਉਮਰ ਅਬਦੁੱਲਾ ਵੱਲੋਂ ਟਵੀਟ ਕਰਕੇ ਦੁੱਖ ਦਾ ਇਜ਼ਹਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਪਾਕਿਸਤਾਨ ਵੱਲੋਂ ਜੰਮੂ ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ਵਿਚ ਸ਼ਨਿੱਚਰਵਾਰ ਤੜਕੇ ਕੀਤੀ ਗੋਲਾਬਾਰੀ ਵਿਚ ਇਕ ਸਰਕਾਰੀ ਅਧਿਕਾਰੀ ਦੀ ਮੌਤ ਹੋ ਗਈ ਜਦੋਂਕਿ ਉਸ ਦੇ ਦੋ ਸਟਾਫ਼ ਮੈਂਬਰ ਗੰਭੀਰ ਜ਼ਖ਼ਮੀ ਦੱਸੇ ਜਾਂਦੇ ਹਨ।

ਅਧਿਕਾਰੀਆਂ ਨੇ ਕਿਹਾ ਕਿ ਵਧੀਕ ਡਿਪਟੀ ਕਮਿਸ਼ਨਰ (ADC) ਰਾਜੌਰੀ ਰਾਜ ਕੁਮਾਰ ਥਾਪਾ ਤੇ ਉਨ੍ਹਾਂ ਦੇ ਦੋ ਸਟਾਫ਼ ਮੈਂਬਰ ਰਾਜੌਰੀ ਕਸਬੇ ਵਿਚ ਘਰ ਉੱਤੇ ਡਿੱਗੇ ਗੋਲੇ ਕਰਕੇ ਗੰਭੀਰ ਜ਼ਖ਼ਮੀ ਹੋ ਗਏ। ਤਿੰਨਾਂ ਨੂੰ ਫੌਰੀ ਸਰਕਾਰੀ ਮੈਡੀਕਲ ਕਾਲਜ ਲਿਆਂਦਾ ਗਿਆ, ਜਿੱਥੇ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਥਾਪਾ ਦੀ ਮੌਤ ਹੋ ਗਈ ਜਦੋਂਕਿ ਉਨ੍ਹਾਂ ਦੇ ਸਟਾਫ ਮੈਂਬਰਾਂ ਦੀ ਹਾਲਤ ਗੰਭੀਰ ਹੈ।

ਮੁੱਖ ਮੰਤਰੀ ਉਮਰ ਅਬਦੁੱਲਾ ਨੇ ਥਾਪਾ ਦੀ ਮੌਤ ’ਤੇ ਦੁੱਖ ਦਾ ਇਜ਼ਹਾਰ ਕਰਦਿਆਂ ਸੰਵੇਦਨਾਵਾਂ ਜ਼ਾਹਿਰ ਕੀਤੀਆਂ ਹਨ। ਅਬਦੁੱਲਾ ਨੇ ਐਕਸ ’ਤੇ ਇਕ ਪੋਸਟ ਵਿਚ ਕਿਹਾ, ‘‘ਰਾਜੌਰੀ ਤੋਂ ਭਿਆਨਕ ਖ਼ਬਰ। ਅਸੀਂ ਜੰਮੂ-ਕਸ਼ਮੀਰ ਪ੍ਰਸ਼ਾਸਨਿਕ ਸੇਵਾਵਾਂ ਦੇ ਇੱਕ ਸਮਰਪਿਤ ਅਧਿਕਾਰੀ ਨੂੰ ਗੁਆ ਦਿੱਤਾ ਹੈ। ਕੱਲ੍ਹ ਹੀ ਉਹ ਜ਼ਿਲ੍ਹੇ ਦੇ ਆਲੇ-ਦੁਆਲੇ ਉਪ ਮੁੱਖ ਮੰਤਰੀ ਨਾਲ ਸੀ ਅਤੇ ਮੇਰੀ ਪ੍ਰਧਾਨਗੀ ਹੇਠ ਹੋਈ ਆਨਲਾਈਨ ਮੀਟਿੰਗ ਵਿੱਚ ਸ਼ਾਮਲ ਹੋਇਆ ਸੀ।’’



ਮੁੱਖ ਮੰਤਰੀ ਨੇ ਕਿਹਾ, ‘‘ਰਾਜੌਰੀ ਸ਼ਹਿਰ ਨੂੰ ਨਿਸ਼ਾਨਾ ਬਣਾ ਕੇ ਕੀਤੀ ਗੋਲਾਬਾਰੀ ਵਿੱਚ ਸਾਡੇ ਵਧੀਕ ਜ਼ਿਲ੍ਹਾ ਵਿਕਾਸ ਕਮਿਸ਼ਨਰ ਸ੍ਰੀ ਰਾਜ ਕੁਮਾਰ ਥਾਪਾ ਦੀ ਮੌਤ ਹੋ ਗਈ। ਇਸ ਭਿਆਨਕ ਜਾਨੀ ਨੁਕਸਾਨ ’ਤੇ ਦੁੱਖ ਦਾ ਪ੍ਰਗਟਾਵਾ ਕਰਨ ਲਈ ਮੇਰੇ ਕੋਲ ਕੋਈ ਸ਼ਬਦ ਨਹੀਂ ਹਨ। ਉਸ ਦੀ ਆਤਮਾ ਨੂੰ ਸ਼ਾਂਤੀ ਮਿਲੇ।’’ -ਪੀਟੀਆਈ

# ਮਾਨਸਾ ਵਿਚ ਅੱਧੀ ਰਾਤ ਨੂੰ ਡਿੱਗੀ ਮਿਜ਼ਾਈਲਨੁਮਾ ਚੀਜ਼

## ਖੇਤਾਂ ਚ ਪਈ ਤੂੜੀ ਨੂੰ ਅੱਗ ਲੱਗੀ, ਜ਼ਮੀਨ ’ਚ ਪੰਜ ਫੁੱਟ ਡੂੰਘਾ ਟੋਇਆ ਪਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਮਾਨਸਾ ਜ਼ਿਲ੍ਹੇ ਦੇ ਪਿੰਡ ਮੱਲ ਸਿੰਘ ਵਾਲਾ ‘ਚ ਅੱਧੀ ਰਾਤ ਨੂੰ ਮਿਜ਼ਾਈਲਨੁਮਾ ਚੀਜ਼ ਡਿੱਗੀ, ਜਿਸ ਨੇ ਖੇਤਾਂ ਵਿਚ ਤਬਾਹੀ ਮਚਾ ਦਿੱਤੀ। ਇਹ ਮਿਜ਼ਾਈਲਨੁਮਾ ਚੀਜ਼ ਡਿੱਗਣ ਨਾਲ ਵੱਡਾ ਧਮਾਕਾ ਹੋਇਆ ਤੇ ਉਥੇ ਪਈ ਤੂੜੀ ਨੂੰ ਅੱਗ ਲੱਗ ਗਈ। ਇਸ ਦੌਰਾਨ ਜ਼ਮੀਨ ’ਚ ਡੂੰਘਾ ਟੋਇਆ ਪੈ ਗਿਆ। ਉਂਝ ਹੋਰ ਕਿਸੇ ਤਰ੍ਹਾਂ ਦੇ ਜਾਨੀ, ਮਾਲੀ ਨੁਕਸਾਨ ਤੋਂ ਬਚਾਅ ਰਿਹਾ।

ਸੂਚਨਾ ਮਿਲਦੇ ਹੀ ਪੁਲੀਸ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਘਟਨਾ ਸਥਾਨ ਉਪਰ ਪੁੱਜੇ। ਪ੍ਰਸ਼ਾਸਨ ਨੇ ਅਧਿਕਾਰਤ ਤੌਰ ’ਤੇ ਇਸ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ, ਪਰ ਮੰਨਿਆ ਜਾ ਰਿਹਾ ਹੈ ਕਿ ਪਾਕਿਸਤਾਨ ਵਲੋਂ ਇਹ ਮਿਜ਼ਾਈਲਨੁਮਾ ਚੀਜ ਇੱਥੇ ਦਾਗੀ ਗਈ ਹੈ। ਇਸ ਨੂੰ ਲੈ ਕੇ ਪਿੰਡ ਵਿੱਚ ਸਹਿਮ ਦਾ ਮਾਹੌਲ ਹੈ।

ਪਿੰਡ ਮੱਲ ਸਿੰਘ ਵਾਲਾ ਦੇ ਸਰਪੰਚ ਜਸਪਾਲ ਸਿੰਘ ਤੇ ਸਾਬਕਾ ਪੰਚ ਦਰਸ਼ਨ ਸਿੰਘ ਨੇ ਦੱਸਿਆ ਕਿ ਸ਼ੁੱਕਰਵਾਰ ਦੀ ਰਾਤ ਕਰੀਬ ਸਵਾ 2 ਵਜੇ ਪਿੰਡ ’ਚ ਇਕਦਮ ਰੌਸ਼ਨੀ ਹੋਈ। ਦੇਖਦੇ ਹੀ ਦੇਖਦੇ ਪਿੰਡ ਦੇ ਬਾਹਰ ਖੇਤਾਂ ’ਚ ਧਮਾਕਾ ਹੋਇਆ ਤੇ ਅੱਗ ਦੇ ਭਾਂਬੜ ਨਿਕਲ ਆਏ। ਉਥੇ ਪਈ ਤੂੜੀ ਨੂੰ ਅੱਗ ਲੱਗ ਗਈ ਤੇ ਕਰੀਬ ਪੰਜ ਫੁੱਟ ਤੱਕ ਡੂੰਘਾ ਟੋਆ ਪੁੱਟਿਆ ਗਿਆ।



# ਪਾਕਿ ਵੱਲੋਂ ਨਾਗਰਿਕ ਖੇਤਰਾਂ ਤੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਖਿਲਾਫ਼ ਪ੍ਰਦਰਸ਼ਨ

## ਸੰਸਦ ਮੈਂਬਰ ਗੁਰਜੀਤ ਔਜਲਾ ਦੀ ਅਗਵਾਈ ’ਚ ਸ਼ਾਹਬਾਜ਼ ਤੇ ਮੁਨੀਰ ਦੇ ਪੁਤਲੇ ਸਾੜੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਅੱਜ ਪਾਕਿਸਤਾਨ ਸਰਕਾਰ ਵੱਲੋਂ ਨਾਗਰਿਕ ਖੇਤਰਾਂ ਅਤੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ। ਉਨ੍ਹਾਂ ਦੇ ਨਾਲ ਨਿਹੰਗ ਸਿੱਖਾਂ ਨੇ ਵੀ ਸ਼ਮੂਲੀਅਤ ਕੀਤੀ ਅਤੇ ਪਾਕਿਸਤਾਨ ਨੂੰ ਸਿੱਖ ਭਾਈਚਾਰੇ ਨੂੰ ਵੰਡਣ ਵਿਰੁੱਧ ਚੇਤਾਵਨੀ ਦਿੱਤੀ।



ਇਸ ਮੌਕੇ ਪ੍ਰਦਰਸ਼ਨਕਾਰੀਆ ਨੇ ਪਾਕਿਸਤਾਨੀ ਫੌਜ ਦੇ ਮੁਖੀ ਅਸੀਮ ਮੁਨੀਰ ਅਤੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਦੀ ਅਗਵਾਈ ਵਾਲੀ ਉਨ੍ਹਾਂ ਦੀ ਸਰਕਾਰ ਦਾ ਪੁਤਲਾ ਸਾੜਿਆ ਅਤੇ ਨਾਅਰੇਬਾਜ਼ੀ ਵੀ ਕੀਤੀ।

ਸ੍ਰੀ ਔਜਲਾ ਨੇ ਕਿਹਾ ਕਿ ਪਾਕਿਸਤਾਨੀ ਫੌਜ ਜੰਮੂ-ਕਸ਼ਮੀਰ ਤੋਂ ਰਾਜਸਥਾਨ ਅਤੇ ਗੁਜਰਾਤ ਤੱਕ ਨਾਗਰਿਕ ਖੇਤਰਾਂ ਅਤੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾ ਰਹੀ ਹੈ ਅਤੇ ਸਿੱਖ ਭਾਈਚਾਰੇ ਨੂੰ ਵੰਡਣ ਲਈ ਝੂਠਾ ਪ੍ਰਚਾਰ ਵੀ ਕਰ ਰਹੀ ਹੈ। ਉਹ ਇਹ ਝੂਠਾ ਪ੍ਰਚਾਰ ਕਰ ਰਹੇ ਹਨ ਕਿ ਪਾਕਿਸਤਾਨ ਫੌਜ ਸਿੱਖਾਂ ‘ਤੇ ਹਮਲਾ ਨਹੀਂ ਕਰ ਰਹੀ ਹੈ ਜਦੋਂ ਕਿ ਪੁਣਛ ਵਿਚ ਗੁਰਦੁਆਰੇ ਤੇ ਹਮਲਾ ਕੀਤਾ ਹੈ, ਜਿਥੇ ਕਈ ਸਿੱਖ ਮਾਰੇ ਗਏ ਹਨ ਅਤੇ ਜ਼ਖਮੀ ਵੀ ਹੋਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਅਤੇ ਪੰਜਾਬੀ ਭਾਰਤ ਦੇ ਨਾਲ ਖੜ੍ਹੇ ਹਨ ਅਤੇ ਉਹ ਉਨ੍ਹਾਂ ਦੇ ਨਾਪਾਕ ਮਨਸੂਬਿਆਂ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਪੰਜਾਬ ਨੇ ਕਦੇ ਵੀ ਪਾਕਿਸਤਾਨੀ ਫੌਜਾਂ ਨੂੰ ਭਾਰਤ ਵਿੱਚ ਦਾਖਲ ਨਹੀਂ ਹੋਣ ਦਿੱਤਾ ਅਤੇ ਇਸ ਵਾਰ ਵੀ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਕਿ ਸਰਹੱਦੀ ਪਿੰਡਾਂ ਦੇ ਲੋਕਾ ਦਾ ਮਨੋਬਲ ਉਚਾ ਹੈ ਅਤੇ ਉਹ ਇਸ ਔਖੀ ਘੜੀ ਵਿਚ ਸੀਮਾ ਸੁਰੱਖਿਆ ਬਲ ਅਤੇ ਫੌਜ ਨਾਲ ਖੜ੍ਹੇ ਹਨ।

# ਪੰਜਾਬ ਵਿੱਚ ਪਹਿਲੀ ਵਾਰ ਲੋਕ ਹਿਤੈਸ਼ੀ ਟੈਂਡਰ ਨੀਤੀ ਲਾਗੂ: ਮੰਤਰੀ ਹਰਭਜਨ ਸਿੰਘ ਈ ਟੀ ਓ ਦਾ ਵੱਡਾ ਐਲਾਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਸੂਬੇ ਦੀਆਂ ਸੜਕਾਂ ਨੂੰ ਬਿਹਤਰ ਬਨਾਉਣ ਅਤੇ ਉਨ੍ਹਾਂ ਦੇ ਰੱਖ ਰਖਾਵ ਨੂੰ ਬਿਹਤਰ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਨਵੀਂ ਟੈਂਡਰ ਨੀਤੀ ਲਾਗੂ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਰਾਜ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ, ਬਿਹਤਰ ਅਤੇ ਟਿਕਾਊ ਤਰੀਕੇ ਨਾਲ ਵਿਕਸਿਤ ਕਰਨ ਲਈ ਪੰਜਾਬ ਸਰਕਾਰ ਨੇ ਸੜਕਾਂ ਦੀ ਉਸਾਰੀ ਲਈ ਕੀਤੇ ਜਾਣ ਵਾਲੇ ਟੈਂਡਰ ਵਿਚ ਲੰਮੀ ਮਿਆਦ ਤਕ ਰੱਖ ਰਖਾਉ ਦਾ ਉਪਬੰਧ ਕੀਤਾ ਗਿਆ ਹੈ ਜਿਸ ਨਾਲ ਸੂਬਾ ਵਾਸੀਆਂ, ਠੇਕੇਦਾਰਾਂ ਅਤੇ ਮਹਿਕਮੇ ਨੂੰ ਫਾਇਦਾ ਹੋਵੇਗਾ।

ਉਨ੍ਹਾਂ ਕਿਹਾ ਕਿ ਇਸ ਨਵੇਂ ਉਪਬੰਧ ਨਾਲ ਸੜਕਾਂ ਦੀ ਸਮੇਂ ਸਿਰ ਅਤੇ ਤੁਰੰਤ ਰਿਪੇਅਰ ਨਾਲ ਲੋਕਾਂ ਨੂੰ ਚੰਗੀ ਸੜਕ ਮਿਲੇਗੀ ਨਾਲ ਹੀ ਠੇਕੇਦਾਰ ਆਪਣੇ ਰੱਖ ਰਖਾਵ ਦੀ ਪਲਾਨਿੰਗ ਕਰ ਸਕੇਗਾ ਅਤੇ ਮਹਿਕਮੇ ਨੂੰ ਬਾਰ ਬਾਰ ਟੈਂਡਰ ਲਾਉਣ ਦੀ ਪ੍ਰੀਕਿਰਿਆ ਤੋਂ ਰਾਹਤ ਮਿਲੇਗੀ।ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਪੰਜਾਬ ਰਾਜ ਦੇ ਰੋਡ ਨੈੱਟਵਰਕ ਦਾ 85% ਹਿੱਸਾ ਪੇਂਡੂ ਸੜਕਾਂ ਜਾਂ ਲਿੰਕ ਸੜਕਾਂ ਦਾ ਹੈ। ਇਹ ਸੜਕਾਂ ਪੰਜ਼ਾਬ ਦੇ ਪਿੰਡਾਂ ਨੂੰ ਮੰਡੀਆਂ, ਸਕੂਲਾਂ/ਕਾਲਜਾਂ, ਹਸਪਤਾਲਾਂ ਅਤੇ ਸ਼ਹਿਰਾਂ ਨਾਲ ਜੋੜਨ ਦਾ ਅਹਿਮ ਕੰਮ ਕਰਦੀਆਂ ਹਨ। ਪੰਜਾਬ ਰਾਜ ਦੇ ਅਰਥਚਾਰੇ ਵਿੱਚ ਇਨ੍ਹਾਂ ਸੜਕਾਂ ਦਾ ਅਹਿਮ ਰੋਲ ਹੈ।

ਉਨ੍ਹਾਂ ਕਿਹਾ ਕਿ ਸਪੈਸ਼ਲ ਰਿਪੇਅਰ ਸਣੇ ਲੰਮੀ ਮਿਆਦ ਦੇ ਉਪਬੰਧ ਸਾਰੀਆਂ ਧਿਰਾਂ ਲਈ ਲਾਹੇਵੰਦ ਹੱਲ ਹੈ। ਇਸ ਤੋਂ ਇਲਾਵਾ ਸਰਕਾਰ ਵੀ ਬਜਟ ਉਪਬੰਧਾਂ ਵਿੱਚ ਖੁੱਲ੍ਹੇ ਫੰਡ ਉਪਲਬੱਧ ਕਰਵਾ ਰਹੀ ਹੈ।ਜਨਤਾ ਦੀ ਕਮਾਈ ਦੇ ਇੱਕ ਇੱਕ ਪੈਸੇ ਦਾ ਸਹੀ ਅਤੇ ਆਮ ਲੋਕਾਂ ਦੀ ਉਮੀਦਾਂ ਮੁਤਾਬਿਕ ਇਸਤੇਮਾਲ ਹੀ ਸਾਡੀ ਸਰਕਾਰ ਦਾ ਮੁੱਖ ਟੀਚਾ ਹੈ।



ਸ.ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਲ 2022-23, 2023-24 ਅਤੇ 2024-25 ਲਈ ਡਿਊ ਸੜਕਾਂ ਦੀ ਸਪੈਸ਼ਲ ਰਿਪੇਅਰ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ, ਜਿਸ ਵਿਚ ਲੋਕ ਨਿਰਮਾਣ ਵਿਭਾਗ ਅਧੀਨ ਪੈਂਦੀਆਂ 6015 ਕਿ:ਮੀ: ਲੰਬਾਈ ਦੀਆਂ 2615 ਲਿੰਕ ਸੜਕਾਂ ਨੂੰ 1188 ਕਰੋੜ ਰੁਪਏ ਨਾਲ ਰਿਪੇਅਰ ਕਰਨ ਦਾ ਟੀਚਾ ਸਰਕਾਰ ਵੱਲੋਂ ਮਿਥਿਆ ਗਿਆ ਹੈ। ਇਸ ਪ੍ਰਾਜੈਕਟ ਵਿਚ ਇਨ੍ਹਾਂ ਲਿੰਕ ਸੜਕਾਂ ਦਾ ਪੰਜ ਸਾਲਾ ਲਈ ਮੈਂਟੀਨੈਂਸ (ਰੱਖ-ਰਖਾਵ) ਵੀ ਸਬੰਧਤ ਠੇਕੇਦਾਰ ਵੱਲੋਂ ਹੀ ਕੀਤਾ ਜਾਣਾ ਹੈ।

ਇਸ ਸਬੰਧ ਵਿੱਚ ਮੁਢਲੇ ਪ੍ਰਾਜੈਕਟ ਵੱਜੋਂ ਪੰਜਾਬ ਦੇ ਦੋ ਜਿਲ੍ਹੇ ਬਰਨਾਲਾ ਅਤੇ ਪਠਾਨਕੋਟ ਦੀਆਂ 94 ਸੜਕਾਂ ਜਿਨ੍ਹਾਂ ਦੀ ਲੰਬਾਈ 2096 ਕਿਲੋਮੀਟਰ ਹੈ, ਦੀ ਸਪੈਸ਼ਲ ਰਿਪੇਅਰ ਸਣੇ ਲੰਮੀ ਮਿਆਦ ਦੇ ਉਪਬੰਧਾਂ ਲਈ ਟੈਂਡਰ ਕਾਲ ਕੀਤੇ ਜਾ ਚੁੱਕੇ ਹਨ। ਇਨ੍ਹਾਂ ਸੜਕਾਂ ਦੀ ਲੰਮੀ ਮਿਆਦ ਦੀ ਰਿਪੇਅਰ ਸਣੇ ਸਪੈਸ਼ਲ ਰਿਪੇਅਰ ਦਾ ਕੰਮ ਜਲਦ ਹੀ ਸ਼ੁਰੂ ਹੋ ਜਾਵੇਗਾ ਅਤੇ ਰਾਜ ਦੀ ਰਹਿੰਦੀਆਂ ਲਿੰਕ ਸੜਕਾਂ ਤੇ ਵੀ ਅਜਿਹੇ ਉਪਬੰਧਾਂ ਅਧੀਨ ਸਪੈਸ਼ਲ ਰਿਪੇਅਰ ਦੇ ਕੰਮਾਂ ਨੂੰ ਨਿਸਚਿਤ ਸਮੇਂ ਦੇ ਅੰਦਰ ਮੁਕੰਮਲ ਕਰ ਦਿੱਤਾ ਜਾਵੇਗਾ।

# ਵਿੱਤ ਮੰਤਰੀ ਤੇ ਸੰਸਦ ਮੈਂਬਰ ਸੰਜੀਵ ਅਰੋੜਾ ਨੇ ਪਾਕਿਸਤਾਨ ਵੱਲੋਂ ਕੀਤੇ ਗਏ ਨਿੰਦਣਯੋਗ ਹਮਲੇ ਦੇ ਪੀੜਤਾਂ ਨਾਲ ਕੀਤੀ ਮੁਲਾਕਾਤ

## ਹਮਲੇ ਦੀ ਕੀਤੀ ਸਖ਼ਤ ਨਿੰਦਾ, ਪ੍ਰਭਾਵਿਤ ਪਰਿਵਾਰਾਂ ਨਾਲ ਇਕਜੁੱਟਤਾ ਪ੍ਰਗਟਾਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨਾਲ ਅੱਜ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਪਾਕਿਸਤਾਨ ਵੱਲੋਂ ਕੀਤੇ ਗਏ ਨਿੰਦਣਯੋਗ ਹਮਲੇ ਵਿੱਚ ਜ਼ਖਮੀ ਹੋਏ ਨਾਗਰਿਕਾਂ ਦੀ ਸਿਹਤ ਬਾਰੇ ਜਾਨਣ ਲਈ ਦਯਾਨੰਦ ਮੈਡੀਕਲ ਕਾਲਜ (ਡੀਐਮਸੀ) ਦਾ ਦੌਰਾ ਕੀਤਾ। ਇਹਨਾਂ ਆਗੂਆਂ ਨੇ ਪ੍ਰਭਾਵਿਤ ਪਰਿਵਾਰਾਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਅਤੇ ਹਮਲੇ ਦੀ ਨਿੰਦਾ ਕੀਤੀ। ਜ਼ਖਮੀਆਂ ਨੂੰ ਹਮਲੇ ਵਿੱਚ ਗੰਭੀਰ ਸੱਟਾਂ ਲੱਗੀਆਂ ਹਨ, ਜਿਨ੍ਹਾਂ ਨੂੰ ਇਸ ਸਮੇਂ ਡੀ.ਐਮ.ਸੀ. ਵਿੱਚ ਵਿਆਪਕ ਡਾਕਟਰੀ ਦੇਖਭਾਲ ਦਿੱਤੀ ਜਾ ਰਹੀ ਹੈ।



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ਖਮੀ ਨਾਗਰਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਡੂੰਘੀ ਚਿੰਤਾ ਪ੍ਰਗਟਾਈ ਅਤੇ ਉਨ੍ਹਾਂ ਨੂੰ ਇਸ ਚੁਣੌਤੀਪੂਰਨ ਸਮੇਂ ਦੌਰਾਨ ਪੰਜਾਬ ਸਰਕਾਰ ਦੇ ਅਟੁੱਟ ਸਮਰਥਨ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਹਮਲੇ ਦੀ ਸਖ਼ਤ ਨਿੰਦਾ ਕਰਦੇ ਹੋਏ ਕਿਹਾ ਕਿ ਬੇਕਸੂਰ ਨਾਗਰਿਕਾਂ ਵਿਰੁੱਧ ਅਜਿਹੀਆਂ ਕਾਇਰਤਾਪੂਰਨ ਕਾਰਵਾਈਆਂ ਪੂਰੀ ਤਰ੍ਹਾਂ ਅਸਵੀਕਾਰਨਯੋਗ ਹਨ ਅਤੇ ਇਸ ਲਈ ਸਖ਼ਤ ਜਵਾਬੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਹਨਾਂ ਪਾਕਿਸਤਾਨ ਦੀਆਂ ਕਾਰਵਾਈਆਂ ਨਿੰਦਣਯੋਗ ਕਰਾਰਦਿਆਂ ਸਖ਼ਤ ਸ਼ਬਦਾਂ ਵਿੱਚ ਇਸਦੀ ਨਿੰਦਾ ਕੀਤੀ।

ਸੰਸਦ ਮੈਂਬਰ ਸੰਜੀਵ ਅਰੋੜਾ ਨੇ ਵੀ ਇਸੇ ਭਾਵਨਾ ਨੂੰ ਦੁਹਰਾਇਆ ਅਤੇ ਕਿਹਾ ਕਿ ਪੰਜਾਬ ਸਰਕਾਰ ਪੀੜਤਾਂ ਦੀ ਸਹਾਇਤਾ ਲਈ ਸਾਰੇ ਜ਼ਰੂਰੀ ਕਦਮ ਚੁੱਕ ਰਹੀ ਹੈ। ਦੋਵਾਂ ਆਗੂਆਂ ਨੇ ਹਸਪਤਾਲ ਅਧਿਕਾਰੀਆਂ ਨਾਲ ਵੀ ਮੁਲਾਕਾਤ ਕਰਕੇ ਪੀੜਤਾਂ ਨੂੰ ਦਿੱਤੀ ਜਾ ਰਹੀ ਡਾਕਟਰੀ ਦੇਖਭਾਲ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੂੰ ਡੀ.ਐਮ.ਸੀ. ਲੁਧਿਆਣਾ ਵਿਖੇ ਜ਼ਖਮੀਆਂ ਨੂੰ ਦਿੱਤੇ ਜਾ ਰਹੇ ਡਾਕਟਰੀ ਇਲਾਜ ਬਾਰੇ ਜਾਣੂ ਕਰਵਾਇਆ ਗਿਆ।

ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਥਿਤੀ ‘ਤੇ ਲਗਾਤਾਰ ਨਜ਼ਰ ਰੱਖ ਰਹੇ ਹਨ ਅਤੇ ਸਰਕਾਰ ਪੰਜਾਬ ਦੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਉਪਾਅ ਕਰ ਰਹੀ ਹੈ । ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਹਾਲਾਤ ਦਾ ਨਾਲੋਂ ਨਾਲ ਜਾਇਜ਼ਾ ਲਈ ਰਹੇ ਹਨ ਅਤੇ ਸੂਬਾ ਸਰਕਾਰ ਪ੍ਰਭਾਵਿਤ ਵਿਅਕਤੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਵਿੱਤ ਮੰਤਰੀ ਚੀਮਾ ਨੇ ਇਸ ਚੁਣੌਤੀਪੂਰਨ ਸਥਿਤੀ ਦਾ ਸਾਹਮਣਾ ਕਰਨ ਲਈ ਲੋਕਾਂ ਨੂੰ ਸ਼ਾਂਤੀ ਅਤੇ ਏਕਤਾ ਦੀ ਅਪੀਲ ਵੀ ਕੀਤੀ। ਸ. ਚੀਮਾ ਨੇ ਅੱਗੇ ਕਿਹਾ ਕਿ ਸਾਨੂੰ ਸੂਬੇ ਅਤੇ ਇਸਦੇ ਲੋਕਾਂ ਦੀ ਸੁਰੱਖਿਆ ਲਈ ਇੱਕਜੁੱਟ ਅਤੇ ਚੌਕਸ ਰਹਿਣਾ ਚਾਹੀਦਾ ਹੈ।

# ਗੁਰਦਾਸਪੁਰ: ਪਿੰਡ ਛਿੱਛਰਾਂ ਵਿੱਚ ਉਪਰੋਥੱਲੀ 5 ਬੰਬ ਧਮਾਕੇ, ਖੇਤਾਂ ਵਿੱਚ ਵੱਡਾ ਟੋਆ ਪਿਆ

## ਨੇੜਲੇ ਘਰਾਂ ਦੇ ਸ਼ੀਸ਼ਿਆਂ ਅਤੇ ਦਰਵਾਜ਼ਿਆਂ ਨੂੰ ਵੀ ਪੁੱਜਿਆ ਨੁਕਸਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com



ਥਾਣਾ ਭੈਣੀ ਮੀਆਂ ਖਾਂ ਦੇ ਪਿੰਡ ਛਿੱਛਰਾਂ ਵਿੱਚ ਸਨਿਚਰਵਾਰ ਸਵੇਰੇ ਪੌਣੇ ਪੰਜ ਵਜੇ ਪੰਜ ਜ਼ੋਰਦਾਰ ਧਮਾਕੇ ਹੋਏ। ਇਨ੍ਹਾਂ ਧਮਾਕਿਆਂ ਨਾਲ ਖੇਤਾਂ ਵਿੱਚ 35 ਫੁੱਟ ਚੌੜਾ ਅਤੇ 10 ਫੁੱਟ ਡੂੰਘਾ ਟੋਆ ਪੈ ਗਿਆ। ਹੈਰਾਨੀਜਨਕ ਗੱਲ ਇਹ ਰਹੀ ਕਿ ਇਸ ਟੋਏ ਨੇੜੇ ਕਿਸੇ ਤਰ੍ਹਾਂ ਦੀ ਮਿਜ਼ਾਈਲ ਜਾਂ ਬੰਬਾਂ ਦੇ ਕੋਈ ਸ਼ੇਲ ਵੇਖਣ ਨੂੰ ਨਹੀਂ ਮਿਲੇ। ਇਸ ਤੋਂ ਇਲਾਵਾ ਨੇੜੇ ਬਿਜਲੀ ਦੀਆਂ ਤਾਰਾਂ ਟੁੱਟ ਗਈਆਂ ਅਤੇ ਟਰਾਂਸਫ਼ਾਰਮਰ ਨੂੰ ਵੀ ਨੁਕਸਾਨ ਪੁੱਜਿਆ। ਸੰਪੂਰਨ ਸਿੰਘ ਅਤੇ ਜਸਬੀਰ ਸਿੰਘ ਦੇ ਘਰਾਂ ਦੀਆਂ ਬਾਰੀਆਂ ਦੇ ਸ਼ੀਸ਼ੇ ਅਤੇ ਦਰਵਾਜ਼ੇ ਵੀ ਧਮਾਕਿਆਂ ਦੇ ਨਾਲ ਟੁੱਟ ਗਏ

ਪਿੰਡ ਵਾਸੀ ਗੁਰਕਰਨ ਸਿੰਘ ਨੇ ਦੱਸਿਆ ਕਿ ਸਵੇਰੇ ਪੌਣੇ ਪੰਜ ਵਜੇ 4 ਤੋਂ 5 ਧਮਾਕੇ ਹੋਏ। ਪਹਿਲੇ ਧਮਾਕਿਆਂ ਨਾਲ ਤਾਂ ਕੁਝ ਨਹੀਂ ਹੋਇਆ ਪਰ ਪਿੱਛੋਂ ਹੋਏ 3 ਧਮਾਕਿਆਂ ਕਾਰਨ ਉਨ੍ਹਾਂ ਦੇ ਘਰ ਦਾ ਕਾਫ਼ੀ ਨੁਕਸਾਨ ਹੋ ਗਿਆ ਹੈ। ਪਿੰਡ ਦੇ ਸਾਬਕਾ ਸਰਪੰਚ ਸੁਖਦੇਵ ਸਿੰਘ ਨੇ ਦੱਸਿਆ ਕਿ ਜਦੋਂ ਬੰਬ ਧਮਾਕੇ ਹੋਏ ਤਾਂ ਉਹ ਘਰ ਦੀ ਛੱਤ ’ਤੇ ਸਨ ਤਾਂ ਲਗਾਤਾਰ ਬੰਬ ਡਿੱਗਣੇ ਸ਼ੁਰੂ ਹੋ ਗਏ। ਪਹਿਲੇ ਧਮਾਕਿਆਂ ਦੀ ਇੰਨੀ ਆਵਾਜ਼ ਨਹੀਂ ਸੀ ਪਰ ਪਿੱਛੋਂ ਡਿੱਗੇ ਤਿੰਨ ਧਮਾਕਿਆਂ ਕਾਰਨ ਪਿੰਡ ਦੇ ਆਲ਼ੇ ਦੁਆਲੇ ਧੂੰਆਂ ਹੀ ਧੂੰਆਂ ਹੋ ਗਿਆ ਸੀ ਅਤੇ ਉਨ੍ਹਾਂ ਨੂੰ ਇੰਜ ਜਾਪਿਆ ਜਿਵੇਂ ਧਮਾਕੇ ਉਨ੍ਹਾਂ ਦੇ ਪਿੰਡ ਵਿੱਚ ਹੀ ਹੋਏ ਹਨ। ਇਸ ਘਟਨਾ ਦੀ ਸੂਚਨਾ ਮਿਲਦਿਆਂ ਹੀ ਡੀਐੱਸਪੀ ਕੁਲਵੰਤ ਸਿੰਘ ਥਾਣਾ ਮੁਖੀ ਸਰਬਜੀਤ ਸਿੰਘ ਚਾਹਲ ਤੋਂ ਇਲਾਵਾ ਭਾਰਤੀ ਫ਼ੌਜ ਦੇ ਉੱਚ ਅਧਿਕਾਰੀਆਂ ਨੇ ਵੀ ਮੌਕੇ ਦਾ ਜਾਇਜ਼ਾ ਲਿਆ। ਹਾਲ ਦੀ ਘੜੀ ਇਨ੍ਹਾਂ ਥਾਵਾਂ ਉੱਤੇ ਇਲਾਕੇ ਦੇ ਲੋਕਾਂ ਦੀ ਭੀੜ ਲੱਗੀ ਰਹੀ ਅਤੇ ਪੁਲੀਸ ਜਾਂ ਹੋਰ ਫ਼ੌਜ ਦੇ ਅਧਿਕਾਰੀ ਕਿਸੇ ਵੀ ਤਰ੍ਹਾਂ ਦਾ ਖ਼ੁਲਾਸਾ ਕਰਨ ਤੋਂ ਇਨਕਾਰੀ ਹਨ

# ਸਰਕਾਰ ਨੇ ਮੀਡੀਆ ਚੈਨਲਾਂ ਨੂੰ ਆਪਣੇ ਪ੍ਰੋਗਰਾਮਾਂ ਵਿੱਚ ਸਾਇਰਨ ਦੀ ਆਵਾਜ਼ ਦੀ ਵਰਤੋਂ ਕਰਨ ’ਤੇ ਲਗਾਈ ਪਾਬੰਦੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com



ਸਰਕਾਰ ਨੇ ਸ਼ਨੀਵਾਰ ਨੂੰ ਸਾਰੇ ਮੀਡੀਆ ਚੈਨਲਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਆਪਣੇ ਪ੍ਰੋਗਰਾਮਾਂ ਵਿੱਚ ਸਿਵਲ ਡਿਫੈਂਸ ਏਅਰ ਰੇਡ ਸਾਇਰਨ ਦੀ ਆਵਾਜ਼ ਦੀ ਵਰਤੋਂ ਕਰਨ ਤੋਂ ਬਚਣ, ਸਿਵਾਏ ਭਾਈਚਾਰਕ ਜਾਗਰੂਕਤਾ ਮੁਹਿੰਮਾਂ ਦੇ।

ਇੱਕ ਸਲਾਹਕਾਰੀ ਵਿੱਚ, ਫਾਇਰ ਸਰਵਿਸਿਜ਼, ਸਿਵਲ ਡਿਫੈਂਸ ਅਤੇ ਹੋਮ ਗਾਰਡਜ਼ ਦੇ ਡਾਇਰੈਕਟੋਰੇਟ ਜਨਰਲ ਨੇ ਕਿਹਾ ਕਿ ਸਿਵਲ ਡਿਫੈਂਸ ਐਕਟ, 1968 ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਸਾਰੇ ਮੀਡੀਆ ਚੈਨਲਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰੋਗਰਾਮਾਂ ਵਿੱਚ ਸਿਵਲ ਡਿਫੈਂਸ ਏਅਰ ਰੇਡ ਸਾਇਰਨ ਦੀ ਆਵਾਜ਼ ਦੀ ਵਰਤੋਂ ਕਰਨ ਤੋਂ ਪਰਹੇਜ਼ ਕਰਨ, ਸਿਵਾਏ ਭਾਈਚਾਰੇ ਵਿੱਚ ਜਾਗਰੂਕਤਾ ਪੈਦਾ ਕਰਨ ਦੇ।

ਸਲਾਹਕਾਰੀ ਵਿੱਚ ਕਿਹਾ ਗਿਆ ਹੈ ਕਿ ਸਾਇਰਨ ਦੀ ਨਿਯਮਤ ਵਰਤੋਂ ਨਾਗਰਿਕਾਂ ਨੂੰ ਹਵਾਈ ਹਮਲੇ ਦੇ ਸਾਇਰਨ ਪ੍ਰਤੀ ਸੰਵੇਦਨਸ਼ੀਲ ਨਹੀਂ ਬਣਾ ਸਕਦੀ ਅਤੇ ਅਸਲ ਹਵਾਈ ਹਮਲਿਆਂ ਦੌਰਾਨ ਵਰਤੇ ਜਾਣ ‘ਤੇ ਇਸਨੂੰ ਇੱਕ ਆਮ ਘਟਨਾ ਵਜੋਂ ਸਮਝਣ ਲਈ ਮਜਬੂਰ ਕਰ ਸਕਦੀ ਹੈ।

ਇਹ ਐਡਵਾਈਜ਼ਰੀ ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧਦੇ ਫੌਜੀ ਟਕਰਾਅ ਦੇ ਵਿਚਕਾਰ ਜਾਰੀ ਕੀਤੀ ਗਈ ਹੈ।

# CM ਅਬਦੁੱਲਾ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 10 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਦਾ ਕੀਤਾ ਐਲਾਨ

## ਲਿਖਿਆ, “ਪਾਕਿਸਤਾਨ ਤੋਂ ਹਾਲ ਹੀ ਵਿੱਚ ਹੋਈ ਗੋਲੀਬਾਰੀ ਕਾਰਨ ਮਾਸੂਮ ਜਾਨਾਂ ਦੇ ਨੁਕਸਾਨ ਤੋਂ ਬਹੁਤ ਦੁਖੀ ਹਾਂ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸ਼ਨੀਵਾਰ ਨੂੰ ਸਰਹੱਦ ਪਾਰ ਤੋਂ ਹੋਈ ਗੋਲੀਬਾਰੀ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨੂੰ ਐਕਸ-ਗ੍ਰੇਸ਼ੀਆ ਦਾ ਐਲਾਨ ਕੀਤਾ।

ਮਾ ਈ ਕ੍ਰੋ - ਬ ਲੌ ਗਿੰ ਗ ਪਲੇਟਫਾਰਮ X ‘ਤੇ ਮੁੱਖ ਮੰਤਰੀ ਦੇ ਅਧਿਕਾਰਤ ਹੈਂਡਲ ਤੋਂ ਲਿਖਿਆ, “ਪਾਕਿਸਤਾਨ ਤੋਂ ਹਾਲ ਹੀ ਵਿੱਚ ਹੋਈ ਗੋਲੀਬਾਰੀ ਕਾਰਨ ਮਾਸੂਮ ਜਾਨਾਂ ਦੇ ਨੁਕਸਾਨ ਤੋਂ ਬਹੁਤ ਦੁਖੀ ਹਾਂ। ਮੇਰੀ ਸਰਕਾਰ ਸਾਡੇ ਲੋਕਾਂ ਦੀ ਮੁਸ਼ਕਲ ਨੂੰ ਘੱਟ ਕਰਨ ਲਈ ਹਰ ਸੰਭਵ ਉਪਾਅ ਕਰ ਰਹੀ ਹੈ।

ਹਾਲਾਂਕਿ ਕੋਈ ਵੀ ਮੁਆਵਜ਼ਾ ਕਦੇ ਵੀ ਕਿਸੇ ਅਜ਼ੀਜ਼ ਦੀ ਥਾਂ ਨਹੀਂ ਲੈ ਸਕਦਾ ਜਾਂ ਪਰਿਵਾਰ ਨੂੰ ਹੋਏ ਸਦਮੇ ਨੂੰ ਭਰ ਨਹੀਂ ਸਕਦਾ, ਸਮਰਥਨ ਅਤੇ ਏਕਤਾ ਦੇ ਸੰਕੇਤ ਵਜੋਂ, ਮ੍ਰਿਤਕਾਂ ਦੇ ਪਰਿਵਾਰਾਂ ਨੂੰ 10 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਰਾਹਤ ਪ੍ਰਦਾਨ ਕੀਤੀ ਜਾਵੇਗੀ।

ਲਿਖਿਆ, ਅਸੀਂ ਦੁੱਖ



ਦੀ ਇਸ ਘੜੀ ਵਿੱਚ ਹਰੇਕ ਪ੍ਰਭਾਵਿਤ ਪਰਿਵਾਰ ਦੇ ਨਾਲ ਖੜ੍ਹੇ ਹਾਂ।

# ਪਹਿਲੇ ਪੜਾਅ ’ਚ ਮਸੂਦ ਅਜ਼ਹਰ ਦੇ ਦੋ ਨੇੜਲੇ ਰਿਸ਼ਤੇਦਾਰਾਂ ਸਣੇ ਪੰਜ ਸਿਖਰਲੇ ਦਹਿਸ਼ਤਗਰਦ ਢੇਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com



ਸਰਕਾਰ ਨੇ Operation Sindoor ਦੇ ਪਹਿਲੇ ਪੜਾਅ ਵਿਚ ਜੈਸ਼-ਏ-ਮੁਹੰਮਦ ਦੇ ਮੁਖੀ ਮਸੂਦ ਅਜ਼ਹਰ ਦੇ ਦੋ ਨੇੜਲੇ ਰਿਸ਼ਤੇਦਾਰਾਂ ਸਣੇ ਪੰਜ ਸਿਖਰਲੇ ਦਹਿਸ਼ਤਗਰਦਾਂ ਨੂੰ ਮਾਰ ਮੁਕਾਉਣ ਦਾ ਦਾਅਵਾ ਕੀਤਾ ਹੈ। ਸਰਕਾਰ ਵਿਚਲੇ ਸੂਤਰਾਂ ਨੇ ਇਸ ਦੀ ਪੁਸ਼ਟੀ ਕੀਤੀ ਹੈ। ਢੇਰ ਕੀਤੇ ਗਏ ਦਹਿਸ਼ਤਗਰਦਾਂ ਵਿਚ ਮੁਦੱਸਰ ਖਾਦਿਆਨ ਖਾਸ ਉਰਫ਼ ਮੁਦੱਸਰ ਉਰਫ਼ ਅਬੂ ਜੁੰਦਾਲ ਵੀ ਸ਼ਾਮਲ ਹੈ, ਜੋ ਲਸ਼ਕਰ ਏ ਤਇਬਾ ਨਾਲ ਸਬੰਧਤ ਤੇ ਮਰਕਜ਼ ਤਇਬਾ ਮੁਰੀਦਕੇ ਦਾ ਇੰਚਾਰਜ ਸੀ। ਮੁਰੀਦਕੇ ਉਹੀ ਦਹਿਸ਼ਤੀ ਟਿਕਾਣਾ ਹੈ ਜਿਸ ਨੂੰ ਭਾਰਤੀ ਸੁਰੱਖਿਆ ਬਲਾਂ ਨੇ 7 ਮਈ ਦੇ ਹਮਲੇ ਦੌਰਾਨ ਨਿਸ਼ਾਨਾ ਬਣਾਇਆ ਸੀ। ਮੁੰਬਈ ਦਹਿਸ਼ਤੀ ਹਮਲੇ ਨਾਲ ਸਬੰਧਤ ਦਹਿਸ਼ਤਗਰਦਾਂ ਅਜਮਲ ਕਸਾਬ ਤੇ ਮੁੱਖ ਸਾਜ਼ਿਸ਼ਘਾੜੇ ਡੇਵਿਡ ਹੈਡਲੀ ਨੂੰ ਮੁਰੀਦਕੇ ਮਰਕਜ਼ ਵਿਚ ਹੀ ਸਿਖਲਾਈ ਦਿੱਤੀ ਗਈ ਸੀ।

ਖਾਸ ਨੂੰ ਸਪੁਰਦੇ ਖਾਕ ਕੀਤੇ ਜਾਣ ਮੌਕੇ ਪਾਕਿਸਤਾਨੀ ਫੌਜ ਵੱਲੋਂ ਗਾਰਡ ਆਫ਼ ਆਨਰ ਵੀ ਦਿੱਤਾ ਗਿਆ ਸੀ। ਪਾਕਿਸਤਾਨੀ ਫੌਜ ਮੁਖੀ ਅਤੇ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਵੱਲੋਂ ਫੁੱਲ ਮਾਲਾਵਾਂ ਭੇਟ ਕੀਤੀਆਂ ਗਈਆਂ। ਖਾਸ ਦੀਆਂ ਅੰਤਿਮ ਰਸਮਾਂ ਸਰਕਾਰੀ ਸਕੂਲ ਵਿੱਚ ਕੀਤੀਆਂ ਗਈਆਂ, ਜਿਸ ਦੀ ਅਗਵਾਈ ਜਮਾਤ-ਉਦ-ਦਾਵਾ (ਇੱਕ ਨਾਮਜ਼ਦ ਆਲਮੀ ਦਹਿਸ਼ਤੀ ਜਥੇਬੰਦੀ) ਦੇ ਹਾਫਿਜ਼ ਅਬਦੁਲ ਰਊਫ ਨੇ ਕੀਤੀ। ਅੰਤਿਮ ਰਸਮਾਂ ਵਿੱਚ ਪਾਕਿਸਤਾਨੀ ਫੌਜ ਦੇ ਇੱਕ ਸੇਵਾਮੁਕਤ ਲੈਫਟੀਨੈਂਟ ਜਨਰਲ ਅਤੇ ਪੰਜਾਬ ਪੁਲੀਸ ਦੇ ਆਈਜੀ ਨੇ ਵੀ ਸ਼ਿਰਕਤ ਕੀਤੀ।

ਭਾਰਤੀ ਹਮਲੇ ਵਿੱਚ ਮਾਰਿਆ ਗਿਆ ਦੂਜਾ ਦਹਿਸ਼ਤਗਰਦ ਹਾਫਿਜ਼ ਮੁਹੰਮਦ ਜਮੀਲ ਹੈ, ਜੋ ਜੈਸ਼-ਏ-ਮੁਹੰਮਦ ਨਾਲ ਜੁੜਿਆ ਹੋਇਆ ਹੈ। ਉਹ ਜੈਸ਼-ਏ-ਮੁਹੰਮਦ ਦੇ ਮੁਖੀ ਮੌਲਾਨਾ ਮਸੂਦ ਅਜ਼ਹਰ ਦਾ ਸਭ ਤੋਂ ਵੱਡਾ ਭਣੌਈਆ ਹੈ, ਜੋ ਕਿ ਭਾਰਤ ਦੇ ਸਭ ਤੋਂ ਵੱਧ ਲੋੜੀਂਦੇ ਅਤਿਵਾਦੀਆਂ ਵਿੱਚੋਂ ਇੱਕ ਹੈ, ਅਤੇ ਉਸ ’ਤੇ ਕਈ ਘਾਤਕ ਹਮਲਿਆਂ ਦੀ ਯੋਜਨਾ ਬਣਾਉਣ ਦਾ ਦੋਸ਼ ਹੈ। ਇਸ ਵਿਚ 2019 ਦਾ ਪੁਲਵਾਮਾ ਬੰਬ ਧਮਾਕਾ ਵੀ ਸ਼ਾਮਲ ਹੈ, ਜਿਸ ਵਿੱਚ 40 ਸੀਆਰਪੀਐੱਫ ਜਵਾਨ ਮਾਰੇ ਗਏ ਸਨ। ਹਾਫਿਜ਼ ਮੁਹੰਮਦ ਜਮੀਲ ਬਹਾਵਲਪੁਰ ਦੇ ਮਰਕਜ਼ ਸੁਭਾਨ ਅੱਲ੍ਹਾ ਦਾ ਇੰਚਾਰਜ ਸੀ। ਇਸੇ ਮਰਕਜ਼ ਉੱਤੇ ਭਾਰਤ ਨੇ ਹਮਲਾ ਕੀਤਾ ਸੀ। ਉਹ ਨੌਜਵਾਨਾਂ ਨੂੰ ਕੱਟੜਪੰਥੀ ਸਿੱਖਿਆ ਦੇਣ ਅਤੇ ਜੈਸ਼-ਏ-ਮੁਹੰਮਦ ਲਈ ਫੰਡ ਇਕੱਠਾ ਕਰਨ ਵਿੱਚ ਸਰਗਰਮੀ ਨਾਲ ਸ਼ਾਮਲ ਸੀ।

ਜੈਸ਼-ਏ-ਮੁਹੰਮਦ ਦਾ ਮੁਹੰਮਦ ਯੂਸਫ਼ ਅਜ਼ਹਰ ਉਰਫ਼ ਉਸਤਾਦ ਜੀ ਉਰਫ਼ ਮੁਹੰਮਦ ਸਲੀਮ ਉਰਫ਼ ਘੋਸੀ ਸਾਹਿਬ, ਜੋ ਮੌਲਾਨਾ ਮਸੂਦ ਅਜ਼ਹਰ ਦਾ ਸਾਲਾ ਸੀ, Operation Sindoor ਵਿੱਚ ਮਾਰਿਆ ਗਿਆ ਸੀ। ਉਹ ਜੈਸ਼-ਏ-ਮੁਹੰਮਦ ਲਈ ਹਥਿਆਰਾਂ ਦੀ ਸਿਖਲਾਈ ਸੰਭਾਲਦਾ ਸੀ। ਜੰਮੂ-ਕਸ਼ਮੀਰ ਵਿੱਚ ਕਈ ਅਤਿਵਾਦੀ ਹਮਲਿਆਂ ਵਿੱਚ ਸ਼ਾਮਲ ਸੀ ਅਤੇ ਆਈਸੀ-814 ਹਾਈਜੈਕਿੰਗ ਮਾਮਲੇ ਵਿੱਚ ਲੋੜੀਂਦਾ ਸੀ।

ਮਾਰਿਆ ਜਾਣ ਵਾਲਾ ਚੌਥਾ ਐੱਚਵੀਟੀ ਖਾਲਿਦ ਉਰਫ਼ ਅਬੂ ਅਕਾਸ਼ਾ ਹੈ, ਜੋ ਲਸ਼ਕਰ-ਏ-ਤੋਇਬਾ ਨਾਲ ਸਬੰਧਤ ਸੀ ਅਤੇ ਜੰਮੂ-ਕਸ਼ਮੀਰ ਵਿੱਚ ਕਈ ਦਹਿਸ਼ਤੀ ਹਮਲਿਆਂ ਵਿੱਚ ਸ਼ਾਮਲ ਸੀ। ਉਹ ਅਫਗਾਨਿਸਤਾਨ ਤੋਂ ਹਥਿਆਰਾਂ ਦੀ ਤਸਕਰੀ ਵਿੱਚ ਵੀ ਸ਼ਾਮਲ ਸੀ। ਉਸ ਦੀਆਂ ਅੰਤਿਮ ਰਸਮਾਂ ਫੈਸਲਾਬਾਦ ਵਿੱਚ ਹੋਈਆਂ, ਜਿਸ ਵਿੱਚ ਪਾਕਿਸਤਾਨੀ ਫੌਜ ਦੇ ਸੀਨੀਅਰ ਅਧਿਕਾਰੀਆਂ ਅਤੇ ਫੈਸਲਾਬਾਦ ਦੇ ਡਿਪਟੀ ਕਮਿਸ਼ਨਰ ਨੇ ਸ਼ਿਰਕਤ ਕੀਤੀ।

ਪੰਜਵਾਂ ਲੋੜੀਂਦਾ ਅਤਿਵਾਦੀ ਮੁਹੰਮਦ ਹਸਨ ਖਾਨ ਹੈ, ਜੋ ਕਿ ਜੈਸ਼-ਏ-ਮੁਹੰਮਦ ਨਾਲ ਸਬੰਧਤ ਸੀ। ਉਹ ਮੁਫਤੀ ਅਸਗਰ ਖਾਨ ਕਸ਼ਮੀਰੀ ਦਾ ਪੁੱਤਰ ਹੈ, ਜੋ ਮਕਬੂਜ਼ਾ ਕਸ਼ਮੀਰ (ਪੀਓਕੇ) ਵਿੱਚ ਜੈਸ਼-ਏ-ਮੁਹੰਮਦ ਦਾ ਸੰਚਾਲਨ ਕਮਾਂਡਰ ਸੀ ਅਤੇ ਜੰਮੂ-ਕਸ਼ਮੀਰ ਵਿੱਚ ਅਤਿਵਾਦੀ ਹਮਲਿਆਂ ਦੇ ਤਾਲਮੇਲ ਵਿੱਚ ਮੁੱਖ ਭੂਮਿਕਾ ਨਿਭਾਉਂਦਾ ਸੀ।

# ਭਾਰਤ ਪਾਕਿਸਤਾਨ ਤਣਾਅ ਵਿਚਾਲੇ ਸ੍ਰੀਨਗਰ ਤੋਂ 46 ਸਰੂਪ ਲਿਆਂਦੇ ਗਏ- SGPC ਪ੍ਰਧਾਨ ਹਰਜਿੰਦਰ ਧਾਮੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com



ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਧਾਮੀ ਨੇ ਦੱਸਿਆ ਕਿ ਹੁਣ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ 46 ਕਾਪੀਆਂ ਸ੍ਰੀਨਗਰ ਤੋਂ ਅਤੇ 60 ਦੇ ਕਰੀਬ ਸਰਹੱਦੀ ਇਲਾਕਿਆਂ ਤੋਂ ਵਾਪਸ ਲਿਆਂਦੀਆਂ ਗਈਆਂ ਹਨ ਅਤੇ ਸਰਹੱਦ ‘ਤੇ ਸਥਿਤ ਗੁਰਦੁਆਰਿਆਂ ਵਿੱਚ ਆਦੇਸ਼ ਜਾਰੀ ਕੀਤੇ ਗਏ ਹਨ ਕਿ ਜੋ ਵੀ ਲੋੜਵੰਦ ਵਿਅਕਤੀ ਉੱਥੇ ਪਹੁੰਚਦਾ ਹੈ, ਉਹਨੂੰ ਭੋਜਨ ਅਤੇ ਆਸਰਾ ਦਿੱਤਾ ਜਾਵੇ।

ਇਸ ਤੋਂ ਇਲਾਵਾ, ਸ੍ਰੀ ਗੁਰੂ ਹਰਿਮੰਦਰ ਸਾਹਿਬ ਅੰਮ੍ਰਿਤਸਰ ‘ਤੇ ਹਮਲੇ ਦੀ ਕੋਸ਼ਿਸ਼ ਦੀ ਅਫ਼ਵਾਹ ‘ਤੇ ਉਨ੍ਹਾਂ ਕਿਹਾ ਕਿ ਫਿਲਹਾਲ ਅਜਿਹੀ ਕੋਈ ਜਾਣਕਾਰੀ ਨਹੀਂ ਹੈ ਅਤੇ ਜਿਸਨੇ ਵੀ ਇਹ ਅਫਵਾਹ ਫੈਲਾਈ ਹੈ, ਉਸ ਤੋਂ ਪੁੱਛਗਿੱਛ ਕੀਤੀ ਜਾਵੇਗੀ ਅਤੇ ਉਸ ਵਿਰੁੱਧ ਕੇਸ ਦਰਜ ਕੀਤਾ ਜਾਵੇਗਾ।

ਇਸ ਦੇ ਨਾਲ ਹੀ ਅੱਜ ਦੁਖ ਨਿਵਾਰਨ ਸਾਹਿਬ ਗੁਰਦੁਆਰਾ, ਪਟਿਆਲਾ ਵਿਖੇ ਪੰਜਾਬ ਦੇ ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਵਿੱਚ ਸ਼ਾਮਲ ਬਲਵੰਤ ਸਿੰਘ ਰਾਜੋਆਣਾ ਦੀ ਮੌਤ ਦੀ ਸਜ਼ਾ ‘ਤੇ ਸ਼੍ਰੋਮਣੀ ਕਮੇਟੀ ਦੀ ਪਟੀਸ਼ਨ ‘ਤੇ ਮੀਟਿੰਗ ਕੀਤੀ ਗਈ। ਇਸ ‘ਤੇ ਉਨ੍ਹਾਂ ਕਿਹਾ ਕਿ ਸਿੱਖ ਵਿਦਵਾਨਾਂ, ਸੰਗਠਨਾਂ ਅਤੇ ਫੈਡਰੇਸ਼ਨ ਦੇ ਲੋਕਾਂ ਦੇ ਬਿਆਨ ਦਰਜ ਕੀਤੇ ਗਏ ਹਨ ਅਤੇ ਜਲਦੀ ਹੀ ਇਸ ਪਟੀਸ਼ਨ ਦਾ ਕੀ ਕਰਨਾ ਹੈ, ਇਸ ਬਾਰੇ ਫੈਸਲਾ ਲਿਆ ਜਾਵੇਗਾ। ਇਸ ਸਬੰਧ ਵਿੱਚ, ਆਉਣ ਵਾਲੇ ਦਿਨਾਂ ਵਿੱਚ ਚੰਡੀਗੜ੍ਹ ਵਿੱਚ ਇੱਕ ਮੀਟਿੰਗ ਕੀਤੀ ਜਾਵੇਗੀ।

# ਪਠਾਨਕੋਟ ਵਿਚ ਵੀ ਤੜਕੇ ਰੁਕ ਰੁਕ ਕੇ ਹੁੰਦੇ ਰਹੇ ਧਮਾਕੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਪਠਾਨਕੋਟ ਵਿਚ ਅੱਜ ਤੜਕੇ 4:55 ਵਜੇ ਪਹਿਲਾ ਧਮਾਕਾ ਹੋਇਆ ਅਤੇ ਉਸ ਤੋਂ ਬਾਅਦ 15 ਮਿੰਟ ਬਾਅਦ ਸਵਾ ਪੰਜ ਵਜੇ ਫਿਰ ਲਗਾਤਾਰ ਧਮਾਕੇ ਹੋਣੇ ਸ਼ੁਰੂ ਹੋ ਗਏ, ਜੋ ਸਾਢੇ ਸੱਤ ਵਜੇ ਤੱਕ ਰੁਕ ਰੁਕ ਕੇ ਚਲਦੇ ਰਹੇ। ਜਦੋਂਕਿ ਕਿ ਲੰਘੀ ਰਾਤ ਸਾਢੇ ਅੱਠ ਵਜੇ ਵੀ ਧਮਾਕੇ ਸ਼ੁਰੂ ਹੋਏ ਸਨ ਜੋ ਘੰਟਾ ਪਰ ਚਲਦੇ ਰਹੇ ਅਤੇ ਉਸ ਦੌਰਾਨ ਬਲੈਕ ਆਊਟ ਰਿਹਾ ਪਰ ਸਾਰੀ ਰਾਤ ਸ਼ਾਂਤੀ ਰਹੀ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਕਲ੍ਹ ਦੇ ਲੇਖ ਦਾ ਬਾਕੀ ਭਾਗ

ਮੈਨੂੰ "ਰੇਨੇਸੈਂਸ" ਨੂੰ ਲਾਈਵ ਦੇਖਣ ਦਾ ਮੌਕਾ ਮਿਲ ਰਿਹਾ ਸੀ। ਮਨੁੱਖ ਨੂੰ ਸਿਰਫ਼ ਚੰਗੇ ਕਰਮ ਕਰਨੇ ਚਾਹੀਦੇ ਹਨ, ਉਸਨੂੰ ਪਰਮਾਤਮਾ ਦੀ ਕੋਈ ਲੋੜ ਨਹੀਂ ਹੈ। ਕੋਈ ਰੱਬ ਨਹੀਂ ਹੈ, ਸਭ ਕੁਝ ਝੂਠ ਹੈ। ਇਸ ਫੈਸਲੇ ਨੂੰ ਲੱਖਾਂ ਭਾਰਤੀਆਂ ਨੇ ਸਵੀਕਾਰ ਕਰ ਲਿਆ, ਜਿਨ੍ਹਾਂ ਨੇ ਹਰ ਤਰ੍ਹਾਂ ਦੇ ਭਰਮ ਪਾਲ ਰੱਖੇ ਸਨ। ਕੀ ਇਹ ਕੋਈ ਸਧਾਰਨ ਗੱਲ ਹੈ? ਮੈਂ ਸਾਫ਼ ਦੇਖ ਸਕਦਾ ਸੀ ਕਿ ਇਹ ਗੱਲ



ਡਾ. ਅੰਬੇਡਕਰ ਦੁਆਰਾ ਦੋ ਵਾਰ ਸਾਬਤ ਕੀਤੀ ਗਈ ਸੀ, ਜਿਵੇਂ ਜਾਦੂ ਦੀ ਛੜੀ ਲਹਿਰਾਉਣ ਦੇ ਪ੍ਰਭਾਵ ਦਾ।

ਇਸ ਤੋਂ ਬਾਅਦ ਮੈਂ ਖੁਦ ਪੰਡਾਲ ਬਾਰੇ ਪੁੱਛਿਆ। ਨਾਗਪੁਰ ਦੇ ਦੱਖਣੀ ਅੰਬਾਜ਼ਾਰੀ ਰੋਡ 'ਤੇ ਬਲਾਇੰਡ ਸਕੂਲ ਦੇ ਪਰੇ ਸਥਿਤ ਖੁੱਲ੍ਹੇ ਮੈਦਾਨ ਵਿੱਚ ਬੋਧੀ ਆਰਕੀਟੈਕਚਰ ਦੇ ਅਨੁਸਾਰ ਇੱਕ ਸ਼ਾਨਦਾਰ ਸਤੂਪ ਬਣਾਇਆ ਗਿਆ ਸੀ। ਇਹ ਇੱਕ ਵਿਸ਼ਾਲ ਪੰਡਾਲ ਸੀ ਜਿਸ ਵਿੱਚ ਲਗਭਗ 4 ਤੋਂ 5 ਲੱਖ ਲੋਕ ਬੈਠ ਸਕਦੇ ਸਨ।

ਇਸ ਪੰਡਾਲ ਦੇ ਸਾਹਮਣੇ ਸੜਕ ਦੇ ਖੱਬੇ ਪਾਸੇ ਦੁਕਾਨਾਂ ਇੱਕ ਕਤਾਰ ਵਿੱਚ ਦੁਕਾਨਾਂ ਸਜੀਆਂ ਹੋਈਆਂ ਸਨ। ਇਸ ਮੈਦਾਨ ਵਿੱਚ ਅੱਜ ਮੇਲਾ ਲੱਗ ਰਿਹਾ ਸੀ, ਜੋ ਬਾਕੀ ਸਮਾਂ ਸੁੰਨਸਾਨ ਰਹਿੰਦਾ ਹੈ। ਪੰਡਾਲ ਬਣਾਉਣ ਦਾ ਕੰਮ ਪਿਛਲੇ ਅੱਠ-ਦਸ ਦਿਨਾਂ ਤੋਂ ਚੱਲ ਰਿਹਾ ਸੀ। ਉਸ ਜਗ੍ਹਾ 'ਤੇ ਸੈਂਕੜੇ ਅਛੂਤ ਭਰਾ ਸਵੈ-ਇੱਛਾ ਨਾਲ ਕੰਮ ਕਰ ਰਹੇ ਸਨ। ਉਨ੍ਹਾਂ ਦੇ ਕਿਰਤ ਦਾਨ ਕਾਰਨ ਲਗਭਗ 50-75 ਹਜ਼ਾਰ ਰੁਪਏ ਦੀ ਬਚਤ ਹੋਈ। ਹੁਣ, ਸਮਾਰੋਹ ਦੀ ਕਾਰਵਾਈ ਤੋਂ ਇਹ ਖੁਲਾਸਾ ਹੋਇਆ ਕਿ ਦੀਖਿਆ ਸਮਾਰੋਹ ਲਈ 25-30 ਹਜ਼ਾਰ ਨਕਦ ਖਰਚ ਹੋਣਗੇ। ਹਾਲਾਂਕਿ, ਅੰਦਾਜ਼ਾ ਹੈ ਕਿ ਦੀਖਿਆ ਸਮਾਰੋਹ 'ਤੇ ਲਗਭਗ ਇੱਕ ਲੱਖ ਰੁਪਏ ਖਰਚ ਹੋਣਗੇ। ਇਹ ਪਤਾ ਲੱਗਾ ਹੈ ਕਿ ਉਸੇ ਥਾਂ 'ਤੇ ਇੱਕ ਸਥਾਈ ਯਾਦਗਾਰ ਬਣਾਈ ਜਾਵੇਗੀ ਜਿੱਥੇ ਡਾ. ਬਾਬਾ ਸਾਹਿਬ ਦਾ ਦੀਖਿਆ ਸਮਾਰੋਹ ਸਤੂਪ ਵਰਗੇ ਪਲੇਟਫਾਰਮ ਤੋਂ ਹੋਵੇਗਾ।

ਨਵਾਂ ਧਰਮਕਸ਼ੇਤਰ

ਹੁਣ ਇਹ ਸਪੱਸ਼ਟ ਹੋ ਗਿਆ ਹੈ ਕਿ ਨਾਗਪੁਰ ਬਹੁਜਨ ਸਮਾਜ ਦਾ ਨਵਾਂ ਧਾਰਮਿਕ ਸਥਾਨ ਬਣਨ ਜਾ ਰਿਹਾ ਹੈ। ਨਾਗਪੁਰ ਸ਼ੁਰੂ ਤੋਂ ਹੀ ਡਾ. ਬਾਬਾ ਸਾਹਿਬ ਅੰਬੇਡਕਰ ਦੇ ਸਮਾਜਿਕ ਅਤੇ ਰਾਜਨੀਤਿਕ ਕਾਰਜਾਂ ਨਾਲ ਜੁੜਿਆ ਹੋਇਆ ਹੈ। 1930 ਵਿੱਚ, ਨਾਗਪੁਰ ਦੇ ਨੇੜੇ ਕਮਾਠੀ ਵਿੱਚ, ਡਾਕਟਰ ਸਾਹਿਬ ਨੇ ਸਾਂਝੇ ਹਲਕੇ ਦਾ ਵਿਰੋਧ ਕੀਤਾ ਸੀ ਅਤੇ ਵੰਡੇ ਹੋਏ ਹਲਕੇ ਦੀ ਮੰਗ ਕੀਤੀ ਸੀ। ਪਹਿਲੀ ਵਾਰ ਸ. ਕਾ. ਫੇ. ਇਹ ਸੰਮੇਲਨ ਨਾਗਪੁਰ ਵਿੱਚ ਹੀ ਹੋਇਆ ਸੀ ਅਤੇ ਡਾ. ਬਾਬਾ ਸਾਹਿਬ ਅੰਬੇਡਕਰ ਨੇ ਨਾਗਪੁਰ ਵਿੱਚ ਹੀ ਬੁੱਧ ਧਰਮ ਦੀ ਦੀਖਿਆ ਲਈ। ਨਾਗਪੁਰ ਦੇ ਨੇੜੇ, ਰਾਮਟੇਕ ਪਹਾੜੀ 'ਤੇ, ਬੋਧੀ ਵਿਦਵਾਨ ਨਾਗਾਰਜੁਨ ਦੀ ਗੁਫਾ ਹੈ। ਪੁਰਾਣੇ ਸਮੇਂ ਵਿੱਚ ਇਹ ਇਲਾਕਾ ਬੋਧੀਆਂ ਲਈ ਇੱਕ ਤੀਰਥ ਸਥਾਨ ਸੀ, ਹੁਣ ਇੱਕ ਵਾਰ ਫਿਰ ਇਹ ਸ਼ਹਿਰ ਉਹੀ ਮਹੱਤਵ ਪ੍ਰਾਪਤ ਕਰਨ ਜਾ ਰਿਹਾ ਹੈ। ਪੰਡਾਲ ਦੇ ਆਲੇ-ਦੁਆਲੇ ਹੀ ਮੈਨੂੰ ਪਤਾ ਲੱਗਾ ਕਿ ਡਾਕਟਰ ਸਾਹਿਬ ਅਤੇ ਉਨ੍ਹਾਂ ਦੀ ਜਾਣਕਾਰ ਪਤਨੀ ਡਾ. ਮਾਈ ਸਾਹਿਬ ਅੰਬੇਡਕਰ ਆ ਗਏ ਹਨ ਅਤੇ ਬਿਰਡੀ ਦੇ ਸ਼ਿਆਮ ਹੋਟਲ ਵਿੱਚ ਠਹਿਰੇ ਹੋਏ ਹਨ। "ਕਾਸ਼ੀਆ" ਪਿੰਡ (ਪ੍ਰਾਚੀਨ ਇਤਿਹਾਸ ਵਿੱਚ ਕੁਸ਼ੀਨਾਰਾ ਵਜੋਂ ਜਾਣਿਆ ਜਾਂਦਾ ਹੈ) ਦੇ ਪ੍ਰਸਿੱਧ ਬ੍ਰਹਮੀ ਬੋਧੀ ਭਿਕਸ਼ੂ ਚੰਦਰਮਣੀ ਮਹਾਸਥਵੀਰ ਅੱਜ ਡਾਕਟਰ ਸਾਹਿਬ ਨੂੰ ਦੀਖਿਆ ਦੇਣ ਲਈ ਨਾਗਪੁਰ ਆਏ ਹਨ। ਉਸਦੇ ਨਾਲ ਪੰਜ-ਛੇ ਹੋਰ ਬੋਧੀ ਭਿਕਸ਼ੂ ਵੀ ਆਏ ਹਨ। ਮੈਂ ਸਵੇਰੇ 3 ਵਜੇ ਦੇ ਕਰੀਬ ਨਾਅਰਿਆਂ ਦੀ ਆਵਾਜ਼ ਸੁਣ ਕੇ ਉੱਠਿਆ।

ਮੈਂ ਖਿੜਕੀ ਦੇ ਨੇੜੇ ਗਿਆ ਅਤੇ ਦੇਖਣ ਲੱਗ ਪਿਆ। ਇੰਨੇ ਸਾਰੇ ਲੋਕ ਉੱਥੋਂ ਲੰਘ ਰਹੇ ਸਨ, ਉਹ ਕੀੜੀਆਂ ਵਾਂਗ ਲੱਗ ਰਹੇ ਸਨ, ਮਾਹੌਲ ਸ਼ਾਂਤ ਦਿਖਾਈ ਦੇਣ ਲੱਗਾ। ਐਲਾਨ ਗੰਭੀਰ ਸੁਰਾਂ ਵਿੱਚ ਕੀਤੇ ਜਾ ਰਹੇ ਸਨ। ਲੋਕ ਪੰਡਾਲ ਵਿੱਚ ਜਗ੍ਹਾ ਲੈਣ ਲਈ ਕਾਹਲੀ ਵਿੱਚ ਅੱਗੇ ਵਧ ਰਹੇ ਸਨ। ਸਵੇਰੇ ਛੇ ਵਜੇ, ਮੈਂ ਵੀ ਉਸ ਭੀੜ ਵਿੱਚ ਸ਼ਾਮਲ ਹੋ ਗਿਆ ਅਤੇ ਪੰਡਾਲ ਵੱਲ ਚੱਲ ਪਿਆ। ਜ਼ਿਆਦਾਤਰ ਲੋਕਾਂ ਨੇ ਸਾਫ਼ ਚਿੱਟੇ ਕੱਪੜੇ ਪਾਏ ਹੋਏ ਸਨ। ਸਾਰਿਆਂ ਨੂੰ ਇਸ ਤਰ੍ਹਾਂ ਦੀ ਜਾਣਕਾਰੀ ਦਿੱਤੀ ਗਈ ਸੀ।

ਮੈਂ ਪੰਡਾਲ ਵਿੱਚ ਦਾਖਲ ਹੋਇਆ। ਮੁੰਬਈ ਸਮਤਾ ਸੈਨਿਕ ਦਲ ਨੇ ਸ਼ਾਨਦਾਰ ਪ੍ਰਬੰਧ ਕੀਤੇ ਹੋਏ ਸਨ। ਕਿਤੇ ਵੀ ਕਿਸੇ ਕਿਸਮ ਦੀ ਕੋਈ ਜਲਦੀ ਨਹੀਂ ਸੀ। ਲੋਕ ਸ਼ਰਧਾ ਨਾਲ ਭਰੇ ਦਿਲਾਂ ਨਾਲ ਪੰਡਾਲ ਵਿੱਚ ਦਾਖਲ ਹੋ ਰਹੇ ਸਨ ਅਤੇ ਵਲੰਟੀਅਰਾਂ ਦੁਆਰਾ ਦਰਸਾਈ ਗਈ ਜਗ੍ਹਾ 'ਤੇ ਬੈਠੇ ਸਨ। ਸਵੇਰੇ ਸੱਤ ਵਜੇ ਹੀ ਅੱਧਾ ਪੰਡਾਲ ਲੋਕਾਂ ਨਾਲ ਭਰਿਆ ਹੋਇਆ ਦਿਖਾਈ ਦਿੱਤਾ। ਉੱਥੇ ਲਗਭਗ ਢਾਈ ਲੱਖ ਲੋਕ ਹੋਣਗੇ। ਅਜੇ ਤੱਕ ਕੋਈ ਵੀ ਰਿਪੋਰਟਰ ਨਹੀਂ ਆਇਆ ਸੀ। ਉਨ੍ਹਾਂ ਦੇ ਸਟੇਜ ਦੇ ਨੇੜੇ ਬੈਠਣ ਦਾ ਪ੍ਰਬੰਧ ਕੀਤਾ ਗਿਆ ਸੀ। ਲਾਊਡਸਪੀਕਰਾਂ ਦਾ ਵਧੀਆ ਪ੍ਰਬੰਧ ਸੀ। ਜਿਵੇਂ ਕਿ ਅਜਿਹੇ ਪ੍ਰੋਗਰਾਮਾਂ ਵਿੱਚ ਹੁੰਦਾ ਹੈ, ਲਾਊਡਸਪੀਕਰ ਰਾਹੀਂ 'ਮੁੰਡਾ ਜਾਂ ਕੁੜੀ ਗੁਆਚ ਗਿਆ ਹੈ' ਦੇ ਐਲਾਨ ਕੀਤੇ ਜਾ ਰਹੇ ਸਨ। ਲੋਕ ਲਗਾਤਾਰ ਆਉਂਦੇ ਰਹੇ।

ਇਸ ਦੌਰਾਨ ਲਾਊਡਸਪੀਕਰ 'ਤੇ ਇੱਕ ਮਹੱਤਵਪੂਰਨ ਐਲਾਨ ਕੀਤਾ ਗਿਆ। ਉਮੀਦਵਾਰਾਂ ਨੂੰ ਦਾਖਲਾ ਟਿਕਟਾਂ ਦਿੱਤੀਆਂ ਗਈਆਂ ਪਰ ਗਿਣਤੀ ਇੰਨੀ ਵੱਧ ਗਈ ਕਿ ਦਾਖਲਾ ਕਾਰਡ ਖਤਮ ਹੋ ਗਏ। ਫਿਰ, ਲਾਊਡਸਪੀਕਰ ਰਾਹੀਂ ਐਲਾਨ ਕੀਤਾ ਜਾ ਰਿਹਾ ਸੀ ਕਿ ਜੇ ਕੋਈ ਕਹਿੰਦਾ ਹੈ ਕਿ ਉਹ ਦੀਖਿਆ ਲੈਣਾ ਚਾਹੁੰਦਾ ਹੈ, ਉਸਨੂੰ ਪੰਡਾਲ ਵਿੱਚ ਦਾਖਲ ਹੋਣ ਦੀ ਇਜਾਜ਼ਤ ਦਿੱਤੀ ਜਾਵੇ ਅਤੇ ਉਸਨੂੰ ਦੀਖਿਆ ਲੈਣ ਵਾਲੇ ਲੋਕਾਂ ਨਾਲ ਬਿਠਾਇਆ ਜਾਵੇ। ਲੋਕਾਂ ਦੀ ਗਿਣਤੀ ਵਧਦੀ ਰਹੀ। ਜਨਤਾ ਦੇ ਉਤਸ਼ਾਹ ਸਾਹਮਣੇ ਕੀਤੇ ਗਏ ਸਾਰੇ ਪ੍ਰਬੰਧ ਨਾਕਾਫ਼ੀ ਸਾਬਤ ਹੋ ਰਹੇ ਸਨ। ਪਰ ਉਸੇ ਉਤਸ਼ਾਹ ਨਾਲ ਸਾਰੀਆਂ ਚੀਜ਼ਾਂ ਸਹੀ ਢੰਗ ਨਾਲ ਪੂਰੀਆਂ ਹੋ ਰਹੀਆਂ ਸਨ।

ਮਨੁੱਖੀ ਪਿਆਰ ਦੀ ਭਾਵਨਾ

ਮੈਂ ਵੱਡੇ ਸਤੂਪ ਦੇ ਆਕਾਰ ਦੇ ਪਲੇਟਫਾਰਮ ਵੱਲ ਦੇਖਿਆ। ਭਗਵਾਨ ਬੁੱਧ ਦੀ ਸ਼ਾਂਤ ਮੂਰਤੀ ਸਾਰੀ ਮਨੁੱਖਤਾ ਨੂੰ ਆਪਣਾ ਆਸ਼ੀਰਵਾਦ ਦੇ ਰਹੀ ਸੀ। ਡਾ. ਬਾਬਾ ਸਾਹਿਬ ਦੀ ਮੂਰਤੀ ਲੱਖਾਂ ਲੋਕਾਂ ਨੂੰ ਹੌਸਲਾ ਅਤੇ ਭਰੋਸਾ ਦੇ ਰਹੀ ਸੀ। ਬੁੱਧ ਧਰਮ ਦਾ ਝੰਡਾ ਹਵਾ ਵਿੱਚ ਸ਼ਾਂਤੀ ਨਾਲ ਲਹਿਰਾ ਰਿਹਾ ਸੀ। ਸਟੇਜ 'ਤੇ ਭਗਵਾਨ ਬੁੱਧ ਦੀ ਮੂਰਤੀ ਵੀ ਰੱਖੀ ਗਈ ਸੀ। ਉਸਦੇ ਸਾਹਮਣੇ ਧੂਪ ਦੀਆਂ ਤੀਲੀਆਂ ਬਲ ਰਹੀਆਂ ਸਨ। ਚੰਦਨ ਦੀ ਖੁਸ਼ਬੂ ਮਾਹੌਲ ਨੂੰ ਥੋੜ੍ਹਾ ਗੰਭੀਰ ਬਣਾ ਰਹੀ ਸੀ। ਆਦਮੀ, ਆਦਮੀ ਦੇ ਨੇੜੇ ਆ ਰਿਹਾ ਸੀ। ਹਰ ਕਿਸੇ ਦੇ ਮਨ ਵਿੱਚ ਮਨੁੱਖਤਾ ਦੀ ਭਾਵਨਾ ਆਪਣੇ ਸਿਖਰ 'ਤੇ ਸੀ। ਦੋਸਤ ਇੱਕ ਦੂਜੇ ਨੂੰ ਮਿਲ ਰਹੇ ਸਨ। ਉਹ ਇੱਕ ਦੂਜੇ ਦਾ ਮੁਸਕਰਾਹਟ ਨਾਲ ਸਵਾਗਤ ਕਰ ਰਹੇ ਸਨ। ਗੁੱਸਾ, ਨਫ਼ਰਤ, ਈਰਖਾ, ਇਹ ਸਭ ਪੰਡਾਲ ਵਿੱਚੋਂ ਗਾਇਬ ਹੋ ਗਏ ਸਨ। ਲਾਊਡਸਪੀਕਰ ਤੋਂ 'ਭਗਵਾਨ ਬੁੱਧ ਦੀ ਜੈ' ਦਾ ਐਲਾਨ ਕੀਤਾ ਜਾ ਰਿਹਾ ਸੀ।,

ਸਵੇਰ ਦੇ ਨੌਂ ਵੱਜੇ ਹਨ। ਲੋਕਾਂ ਦਾ ਸਮੂਹ ਅਜੇ ਵੀ ਵਧ ਰਿਹਾ ਸੀ। ਜ਼ਮੀਨ ਲਗਭਗ ਪੂਰੀ ਤਰ੍ਹਾਂ ਭਰੀ ਹੋਈ ਸੀ। ਅਖ਼ਬਾਰਾਂ ਦੇ ਰਿਪੋਰਟਰਾਂ ਨੇ ਅੰਦਾਜ਼ਾ ਲਗਾਉਣਾ ਸ਼ੁਰੂ ਕਰ ਦਿੱਤਾ। ਸਾਰਿਆਂ ਦਾ ਮੰਨਣਾ ਸੀ ਕਿ ਉੱਥੇ ਲਗਭਗ ਪੰਜ ਲੱਖ ਲੋਕ ਇਕੱਠੇ ਹੋਏ ਸਨ। ਫਿਰ ਸੀਟੀਆਂ ਵੱਜੀਆਂ। ਬਸ ਇੱਕ ਹੜਬੜਾਹਟ ਸੀ। ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਲਈ ਲਾਊਡਸਪੀਕਰਾਂ ਰਾਹੀਂ ਲਗਾਤਾਰ ਐਲਾਨ ਕੀਤੇ ਜਾ ਰਹੇ ਸਨ। ਤਿੰਨ-ਚਾਰ ਕਾਰਾਂ ਸਟੇਜ ਵੱਲ ਜਾ ਰਹੀਆਂ ਸਨ। ਲੋਕ ਮਾਨਸਿਕ ਤੌਰ 'ਤੇ ਇਸ ਸਥਿਤੀ ਵਿੱਚ ਨਹੀਂ

"ਇਕੁਐਲਿਟੀ ਐਂਡ ਜਸਟਿਸ" Rs- 100/month
"Equality and Justice" स्वतंत्रता, समानता, भाईचारा

ਸਨ ਕਿ ਲਾਊਡਸਪੀਕਰ ਰਾਹੀਂ ਕੀਤੇ ਜਾ ਰਹੇ ਐਲਾਨ ਨੂੰ ਸੁਣ ਸਕਣ। ਉਸ ਸਮੇਂ ਸਾਰਿਆਂ ਦੇ ਬੁੱਲ੍ਹਾਂ 'ਤੇ ਸਿਰਫ਼ ਇੱਕ ਹੀ ਨਾਅਰਾ ਸੀ -

'ਪਰਪੁੱਜਯ ਡਾ. ਬਾਬਾ ਸਾਹਿਬ ਅੰਬੇਡਕਰ ਦੀ ਜੈ!' ਠੀਕ 9:15 ਵਜੇ ਸਨ ਅਤੇ ਬਾਬਾ ਸਾਹਿਬ, ਕਾਰ ਤੋਂ ਹੇਠਾਂ ਉਤਰ ਕੇ, ਦੋ ਲੋਕਾਂ ਦੇ ਮੋਢਿਆਂ 'ਤੇ ਹੱਥ ਰੱਖ ਕੇ ਹੌਲੀ-ਹੌਲੀ ਸਟੇਜ ਵੱਲ ਵਧ ਰਹੇ ਸਨ। ਉਹ "ਪੁਰ:ਸਰ ਗਦਾਸਵੇ ਝਗਰਤਾ ਤਨੁ ਭਾਗਲੀ" (ਮੁਸ਼ਕਲਾਂ ਨਾਲ ਲੜਦੇ ਲੜਦੇ ਸਰੀਰ ਥੱਕ ਜਾਂਦਾ ਸੀ) ਦੀ ਜਿਉਂਦੀ ਜਾਗਦੀ ਉਦਾਹਰਣ ਸੀ। ਇਹੀ ਵਿਚਾਰ ਲੱਖਾਂ ਲੋਕਾਂ ਦੇ ਮਨਾਂ ਵਿੱਚ ਗੂੰਜ ਰਿਹਾ ਸੀ। ਡਾਕਟਰ ਸਾਹਿਬ ਨੇ ਅਛੂਤ ਭਾਈਚਾਰੇ ਲਈ ਬਿਹਤਰ ਹਾਲਾਤਾਂ ਦਾ ਪ੍ਰਬੰਧ ਕਰਨ ਲਈ ਸਖ਼ਤ ਮਿਹਨਤ ਕੀਤੀ ਸੀ। ਡਾਕਟਰ ਸਾਹਿਬ ਦੇ ਦੁਸ਼ਮਣਾਂ ਨੂੰ ਵੀ ਇਹ ਸਵੀਕਾਰ ਕਰਨਾ ਪਵੇਗਾ। ਹੁਣ ਤੱਕ ਡਾਕਟਰ ਸਾਹਿਬ ਅਤੇ ਉਨ੍ਹਾਂ ਦੀ ਪਤਨੀ ਸਟੇਜ 'ਤੇ ਬੈਠੇ ਸਨ। ਨਾਅਰਿਆਂ ਦਾ ਪਹਿਲਾ ਜੋਸ਼ ਲੰਘ ਗਿਆ ਸੀ। ਮਾਹੌਲ ਫਿਰ ਤੋਂ ਸ਼ਾਂਤ ਹੋ ਗਿਆ ਸੀ। ਅਤੇ ਮੁੱਖ ਸਮਾਗਮ ਸ਼ੁਰੂ ਹੋਣ ਵਾਲਾ ਸੀ। ਡਾ. ਅੰਬੇਡਕਰ ਨੇ ਚਿੱਟੀ ਸ਼੍ਰੇਸ਼ਠਮੀ ਧੋਤੀ ਅਤੇ ਸਰੀਰ 'ਤੇ ਸ਼ੁੱਧ ਚਿੱਟੀ ਸ਼ਾਲ ਪਹਿਨੀ ਹੋਈ ਸੀ। ਉਸਦੀ ਪਤਨੀ ਨੇ ਵੀ ਚਿੱਟੇ ਕੱਪੜੇ ਪਾਏ ਹੋਏ ਸਨ। ਅਨੁਸੂਚਿਤ ਜਾਤੀ ਫੈਡਰੇਸ਼ਨ ਦੇ ਜ਼ਿਆਦਾਤਰ ਆਗੂ ਸਟੇਜ 'ਤੇ ਪ੍ਰਮੁੱਖਤਾ ਨਾਲ ਦਿਖਾਈ ਦਿੱਤੇ।,

(ਆਯੂ. ਬੀ. ਸੀ. ਕਾਂਬਲੇ ਦਾ ਇੱਕ ਲੇਖ, ਜੋ ਕਿ ਧਰਮ ਪਰਿਵਰਤਨ ਦੀ ਇਤਿਹਾਸਕ ਘਟਨਾ 'ਤੇ ਵਿਚਾਰ ਕਰਦਾ ਹੈ, 27-10-1956 ਨੂੰ 'ਪ੍ਰਬੁੱਧ ਭਾਰਤ' ਵਿੱਚ ਪ੍ਰਕਾਸ਼ਿਤ ਹੋਇਆ ਸੀ। ਇਸਨੂੰ ਇੱਥੇ ਦੁਬਾਰਾ ਪੇਸ਼ ਕਰਨਾ ਅਣਉਚਿਤ ਨਹੀਂ ਹੋਵੇਗਾ - ਸੰਪਾਦਕ) ਉਸਨੇ ਲਿਖਿਆ ਹੈ -

23 ਸਤੰਬਰ, 1956 ਦਾ ਇਤਿਹਾਸਕ ਬੇਨਤੀ

ਬੋਧੀ ਦੀਖਿਆ ਸਮਾਰੋਹ ਸੰਬੰਧੀ ਜਾਣਕਾਰੀ ਦੇਣੀ 23-9-1956 ਤੋਂ ਸ਼ੁਰੂ ਹੋਣੀ ਚਾਹੀਦੀ ਹੈ।

ਇਸ ਮਿਤੀ ਨੂੰ, ਡਾ. ਬਾਬਾ ਸਾਹਿਬ ਅੰਬੇਡਕਰ ਨੇ ਆਪਣੇ ਘਰ 26, ਅਲੀਪੁਰ ਰੋਡ, ਦਿੱਲੀ ਤੋਂ ਇੱਕ ਬੇਨਤੀ ਭੇਜੀ। ਉਹ ਬੇਨਤੀ ਬਹੁਤ ਛੋਟੀ ਸੀ। ਇਸ ਵਿੱਚ ਲਗਭਗ 4-5 ਲਾਈਨਾਂ ਦਾ ਟੈਕਸਟ ਸੀ। ਭਾਰਤ ਵਿੱਚ ਬੁੱਧ ਧਰਮ ਦੇ ਪੁਨਰ ਸੁਰਜੀਤੀ ਲਈ ਸਿੱਧੇ ਬੁੱਧ ਧਰਮ ਨੂੰ ਸਵੀਕਾਰ ਕਰਨ 'ਤੇ ਲਿਖੇ ਜਾਣ ਵਾਲੇ ਇਤਿਹਾਸ ਵਿੱਚ ਇਤਿਹਾਸਕਾਰਾਂ ਨੂੰ ਇਸ ਬੇਨਤੀ ਨੂੰ ਵਿਸ਼ੇਸ਼ ਮਹੱਤਵ ਦੇਣਾ ਪਵੇਗਾ। ਸਿਰਫ਼ ਇਹ ਹੀ ਨਹੀਂ, ਸਗੋਂ ਭਾਰਤੀ ਧਰਤੀ 'ਤੇ ਬੁੱਧ ਧਰਮ ਦੇ ਮੁੜ ਬੀਜਣ ਅਤੇ ਬਾਅਦ ਵਿੱਚ ਪੂਰੇ ਭਾਰਤ ਵਿੱਚ ਇਸ ਦੇ ਫੈਲਣ ਦੀਆਂ ਜੜ੍ਹਾਂ ਇਸ ਦੇਸ਼ ਵਿੱਚ ਪਾਈਆਂ ਜਾਣਗੀਆਂ।

**ਲੇਖ ਦਾ ਬਾਕੀ ਭਾਗ ਕਲ੍ਹ**

# ਮੈਡੀਕਲ ਸਟੋਰ ਦਵਾਈਆਂ ਦੀ ਉਪਲਬਧਤਾ 24 ਘੰਟੇ ਰੱਖਣ - ਬਲਰਾਮ ਲੂਥਰਾ

## ਕਿਸੇ ਵੀ ਤਰ੍ਹਾਂ ਦੇ ਹਾਲਾਤ ਲਈ ਦਵਾਈਆਂ ਦਾ ਪੂਰਾ ਸਟਾਕ ਮੌਜੂਦ - ਪ੍ਰਧਾਨ ਰਮਨ ਕਪੂਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀਆਂ ਹਦਾਇਤਾਂ ਤਹਿਤ ਜ਼ੋਨਲ ਲਾਇਸੈਂਸਿੰਗ ਅਥਾਰਿਟੀ (ਡਰੱਗਜ਼) ਬਲਰਾਮ ਲੂਥਰਾ ਵਲੋਂ ਕੈਮਿਸਟ ਐਸੋਸੀਏਸ਼ਨ ਦੇ ਨਾਲ 24 ਘੰਟੇ ਦਵਾਈਆਂ ਦੀ ਉਪਲਬੱਧਤਾ ਬਾਰੇ ਅਹਿਮ ਮੀਟਿੰਗ ਕੀਤੀ ਗਈ। ਇਸ ਵਿਚ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਰਮਨ ਕਪੂਰ ਨੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਕੋਲ ਕਿਸੇ ਵੀ ਤਰ੍ਹਾਂ ਦੇ ਹਾਲਾਤ ਹੋਣ 'ਤੇ ਦਵਾਈਆਂ ਦਾ ਸਟਾਕ ਪੂਰਾ ਹੈ। ਇਸ ਦੇ ਨਾਲ ਉਨ੍ਹਾਂ ਇਹ ਵੀ ਦੱਸਿਆ ਕਿ ਆਮ ਜਨਤਾ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਉਹ ਪੂਰੀ ਤਨਦੇਹੀ ਨਾਲ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਨਿਭਾਉਣਗੇ। ਜ਼ੋਨਲ ਲਾਇਸੈਂਸਿੰਗ ਅਥਾਰਿਟੀ ਬਲਰਾਮ ਲੂਥਰਾ ਵਲੋਂ ਹਰ ਤਹਿਸੀਲ ਦੀ ਕੈਮਿਸਟ ਐਸੋਸੀਏਸ਼ਨ ਨੂੰ ਇਹ ਅਪੀਲ ਕੀਤੀ ਕਿ ਉਹ ਆਪਣੇ ਪੱਧਰ 'ਤੇ ਵਾਰੋ-ਵਾਰ 24 ਘੰਟੇ ਦਵਾਈਆਂ ਦੀ ਉਪਲਬੱਧਤਾ ਨੂੰ ਨਿਸ਼ਚਿਤ ਕਰਨ। ਇਸ 'ਤੇ ਵੱਖ-ਵੱਖ ਕੈਮਿਸਟ ਐਸੋਸੀਏਸ਼ਨਾਂ ਨੇ ਲੋਕਾਂ ਦੀ ਸਹੂਲਤ ਵਾਸਤੇ ਮੈਡੀਕਲ ਸਟੋਰਾਂ ਦੇ ਨਾਮ ਜਾਰੀ ਕੀਤੇ ਹਨ ਜਿਨ੍ਹਾਂ ਵਿਚ ਹੁਸ਼ਿਆਰਪੁਰ ਵਿਖੇ ਏ ਡੀ ਮੈਡੀਕੋਜ਼ (ਅਮਨ ਹਸਪਤਾਲ), ਬੀ ਐਸ ਮੈਡੀਕੋਜ਼ (ਭਾਰਜ ਲਾਈਫ ਕੇਅਰ ਹਸਪਤਾਲ), ਦਸਮੇਸ਼ ਮੈਡੀਕਲ ਸਟੋਰ (ਚਰਨ ਕਮਲ ਹਸਪਤਾਲ ), ਦੇਵ ਮੈਡੀਕਲ ਸਟੋਰ (ਐਚ ਡੀ ਮੈਡੀਕੇਅਰ ਮ ਲ ਟੀ ਸ ਪੈ ਸ਼ ਲਿ ਟੀ ), ਗੁਲਾਟੀ ਮੈਡੀਕੋਜ਼ (ਗੁਲਾਟੀ ਹਸਪਤਾਲ), ਗੁਪਤਾ ਮੈਡੀਕਲ ਸਟੋਰ (ਗੁਪਤਾ ਸਕਿਨ ਐਂਡ ਆਈ ਕੇਅਰ ਹਸਪਤਾਲ), ਲਵਾਸਾ ਮੈਡੀਕਲ ਸਟੋਰ (ਲਵਾਸਾ ਹਸਪਤਾਲ ), ਮੰਜੂ ਮੈਡੀਕੋਜ਼ ( ਸ਼ਿਵਮ ਹਸਪਤਾਲ, ਸ਼ਿਵਮ ਫਾਰਮੇਸੀ ), ਰਾਜ ਮੈਡੀਕਲ ਸਟੋਰ (ਮਾਡਰਨ ਹਸਪਤਾਲ ), ਅਰੋੜਾ ਮੈਡੀਕਲ ਹਾਲ (ਪ੍ਰਭਾਤ ਚੌਕ), ਮੈਡੀਕਿੰਗ (ਨਾਰਦ ਹਸਪਤਾਲ ), ਕੇ ਡੀ ਐਮ ਮੈਡੀਕਲ ਸਟੋਰ ( ਕੇ ਡੀ ਐਮ ਹਸਪਤਾਲ ), ਸੇਂਟ ਜੋਸਫ ਫਾਰਮੇਸੀ ( ਸੇਂਟ ਜੋਸਫ ਹਸਪਤਾਲ ) ਤੇ ਸੂਦ ਮੈਡੀਕਲ ਸਟੋਰ ਸ਼ਾਮਲ ਹਨ। ਇਸੇ ਤਰ੍ਹਾਂ ਗੜ੍ਹਸ਼ੰਕਰ ਵਿਖੇ 24 ਘੰਟੇ ਸਰਵਿਸ ਲਈ ਉਪਲਬੱਧ ਮੈਡੀਕਲ ਸਟੋਰਾਂ ਵਿਚ ਰਾਜਾ ਮੈਡੀਕਲ ਸਟੋਰ, ਏਸ਼ੀਅਨ ਮੈਡੀਕਲ ਸਟੋਰ, ਸਹਿਜ਼ਲ ਮੈਡੀਕਲ ਸਟੋਰ, ਪੁਨੀਤ ਮੈਡੀਕਲ ਸਟੋਰ, ਲੌਂਗੀਆ ਮੈਡੀਕਲ ਸਟੋਰ ਅਤੇ ਰਮਨਪ੍ਰੀਤ ਮੈਡੀਕਲ ਸਟੋਰ (ਰਮਨਪ੍ਰੀਤ ਹਸਪਤਾਲ) ਸ਼ਾਮਲ ਹਨ। ਇਸ ਤੋਂ ਇਲਾਵਾ ਦਸੂਹਾ ਦੇ ਮੈਡੀਕਲ ਸਟੋਰਾਂ ਵਿਚ ਖੰਨਾ ਮੈਡੀਕੋਜ਼, ਸ਼ਰਮਾ ਮੈਡੀਕੋਜ਼, ਵਿਕਾਸ ਮੈਡੀਕੋਜ਼, ਪ੍ਰੇਮ ਮੈਡੀਕੋਜ਼, ਮੋਹਨ ਮੈਡੀਕੋਜ਼, ਦਸੂਹਾ ਮੈਡੀਸ਼ਨ ਸੈਂਟਰ, ਸਿੰਘ ਮੈਡੀਕੋਜ਼ ਸ਼ਾਮਲ ਹਨ। ਇਸੇ ਤਰ੍ਹਾਂ ਟਾਂਡਾ ਵਿਖੇ ਨਵੀਨ ਮੈਡੀਕਲ ਸਟੋਰ, ਮੋਹਿਤ ਮੈਡੀਕਲ ਸਟੋਰ, ਰਾਜ ਮੈਡੀਕਲ ਸਟੋਰ, ਜੈਨ ਮੈਡੀਕਲ ਸਟੋਰ, ਦਿਆਲ ਮੈਡੀਕਲ ਹਾਲ ਇਸ ਸੂਚੀ ਵਿਚ ਸ਼ਾਮਲ ਹਨ। ਇਸ ਤੋਂ ਇਲਾਵਾ ਗੜ੍ਹਦੀਵਾਲਾ ਵਿਖੇ ਥੰਮਨ ਮੈਡੀਕਿਊਰਾ, ਠਾਕੁਰ ਮੈਡੀਕੋਜ਼, ਸਿੱਧ ਸਾਈਂ ਮੈਡੀਕੋਜ਼, ਹੁੰਦਲ ਮੈਡੀਕੋਜ਼, ਸਿਮਰਨ ਮੈਡੀਕੋਜ਼, ਗੁਰੂ ਕਿਰਪਾ ਮੈਡੀਕੋਜ਼ ਅਤੇ ਗੁਪਤਾ ਮੈਡੀਕੋਜ਼ ਸ਼ਾਮਲ ਹਨ। ਇਸੇ ਤਰ੍ਹਾਂ ਮੁਕੇਰੀਆਂ ਵਿਖੇ ਪ੍ਰੇਮ ਮੈਡੀਕਲ ਸਟੋਰ ( ਪ੍ਰੇਮ ਹਸਪਤਾਲ ), ਰਜੇਸ਼ ਮੈਡੀਕੋਜ਼, ਬਤਾਰਾ ਮੈਡੀਕੋਜ, ਪਾਲ ਮੈਡੀਕਲ ਸਟੋਰ, ਸਿੰਘ ਮੈਡੀਕਿਊਰਾ ਸ਼ਾਮਲ ਹਨ ਅਤੇ ਮਾਹਿਲਪੁਰ ਵਿਖੇ ਸਚਦੇਵਾ ਮੈਡੀਕਲ ਸਟੋਰ, ਅਭੀ ਮੈਡੀਕਲ ਸਟੋਰ, ਨੇਹਾ ਮੈਡੀਕਲ ਸਟੋਰ, ਜਨਤਾ ਮੈਡੀਕਲ ਸਟੋਰ ਅਤੇ ਮਦਾਨ ਮੈਡੀਕਲ ਸਟੋਰ (ਕੋਟਫਤੂਹੀ ) ਸ਼ਾਮਲ ਹਨ।

# ਆਰ.ਟੀ.ਈ. ਐਕਟ 2009 ਤਹਿਤ ਇਹਨਾਂ ਸਕੂਲਾਂ ਵਿੱਚ ਅ. ਜਾਤੀ ਕੇਟਾਗਿਰੀ ਨਾਲ ਸਬੰਧਤ ਬੱਚਿਆਂ ਲਈ 25 ਪ੍ਰਤੀਸ਼ਤ ਸੀਟਾਂ ਰਾਖਵੀਆਂ ਰੱਖਣ ਦਾ ਕੋਈ ਉਪਬੰਧ ਨਹੀਂ ਹੈ- ਉਪ ਜਿਲਾ ਸਿੱਖਿਆ ਅਫਸਰ (ਸੈ:ਸਿੱ), ਸ੍ਰੀ ਮੁਕਤਸਰ ਸਾਹਿਬ

## ਜਨ ਸੂਚਨਾ ਅਧਿਕਾਰੀ-ਕਮ- ਉਪ ਜਿਲਾ ਸਿੱਖਿਆ ਅਫਸਰ (ਸੈ:ਸਿੱ), ਸ੍ਰੀ ਮੁਕਤਸਰ ਸਾਹਿਬ ਨੇ ਪੱਤਰ ਨੰ:ਸਸਅ/ਆਰ.ਟੀ.ਆਈ/2025/107832 ਮਿਤੀ:- 20-4-25 ਰਾਹੀ ਸ੍ਰੀ ਮਨਦੀਪ ਸਿੰਘ ਪੁੱਤਰ ਸ੍ਰੀ ਦਰਸ਼ਨ ਸਿੰਘ, ਵਾਸੀ ਲੱਖੇਵਾਲੀ (49) ਤਹਿ,ਮੁਕਤਸਰ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਲਿਖ ਕੇ ਕਿਹਾ ਗਿਆ ਕਿ ਅ. ਜਾਤੀ ਕੇਟਾਗਿਰੀ ਨਾਲ ਸਬੰਧਤ ਬੱਚਿਆਂ ਲਈ 25 ਪ੍ਰਤੀਸ਼ਤ ਸੀਟਾਂ ਰਾਖਵੀਆਂ ਰੱਖਣ ਦਾ ਕੋਈ ਉਪਬੰਧ ਨਹੀਂ

## ਸਾਬਕਾ ਵਧੀਕ ਡਿਪਟੀ ਕੰਪਟਰੋਲਰ ਅਤੇ ਆਡੀਟਰ ਜਨਰਲ) ਕਨਵੀਨਰ, ਐਕਸ਼ਨ ਕਮੇਟੀ ਫਾਰ ਆਰਟੀਈ ਐਕਟ, 2009, ਪੰਜਾਬ ਸ੍ਰੀ ਓਂਕਾਰਨਾਥ ਨੇ ਲਿਖਿਆ ਪੰਜਾਬ ਸਰਕਾਰ ਨੂੰ ਪੱਤਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

(ਸਾਬਕਾ ਵਧੀਕ ਡਿਪਟੀ ਕੰਪਟਰੋਲਰ ਅਤੇ ਆਡੀਟਰ ਜਨਰਲ) ਕਨਵੀਨਰ, ਐਕਸ਼ਨ ਕਮੇਟੀ ਫਾਰ ਆਰਟੀਈ ਐਕਟ, 2009, ਪੰਜਾਬ #925, ਫੇਜ਼ 3-ਬੀ-2, ਸੈਕਟਰ-60, ਐਸ.ਏ.ਐਸ. ਨਗਰ, ਮੋਹਾਲੀ, (ਪੰਜਾਬ)-160059, ਈਮੇਲ: ਓਂਕਾਰਨਾਥ 1959@gmail.com, ਫੋਨ: 9530500142)



ਵੱਲ ਪੱਤਰ, ਮਿਤੀ: 09 ਮਈ, 2025

1. ਸ੍ਰੀ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ, ਸਿਵਲ ਸਕੱਤਰੇਤ ਪੰਜਾਬ, ਸੈਕਟਰ-01, ਚੰਡੀਗੜ੍ਹ-160001।
2. ਸ੍ਰੀ ਕੇ.ਏ.ਪੀ. ਸਿਨਹਾ, ਆਈ.ਏ.ਐਸ., ਮੁੱਖ ਸਕੱਤਰ ਪੰਜਾਬ ਸਰਕਾਰ, ਸਿਵਲ ਸਕੱਤਰੇਤ ਪੰਜਾਬ, ਸੈਕਟਰ-01, ਚੰਡੀਗੜ੍ਹ-160001।
3. ਸ੍ਰੀਮਤੀ ਅਨਿੰਦਿਤਾ ਮਿੱਤਰਾ, ਸਕੱਤਰ, ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ, ਮਿੰਨੀ ਸਕੱਤਰੇਤ, ਸੈਕਟਰ-09, ਚੰਡੀਗੜ੍ਹ।
4. ਡਾਇਰੈਕਟਰ ਜਨਰਲ, ਸਕੂਲ ਸਿੱਖਿਆ, ਪੰਜਾਬ ਸਰਕਾਰ, ਵਿਦਿਆ ਭਵਨ, ਸੈਕਟਰ-62, ਫੇਜ਼ 08, ਮੋਹਾਲੀ (ਪੰਜਾਬ)-160062
5. ਸਿੱਖਿਆ ਨਿਰਦੇਸ਼ਕ (ਐਲੀਮੈਂਟਰੀ ਸਿੱਖਿਆ), ਪੰਜਾਬ ਸਰਕਾਰ, ਵਿਦਿਆ ਭਵਨ, ਸੈਕਟਰ-62, ਫੇਜ਼ 08, ਮੋਹਾਲੀ (ਪੰਜਾਬ)-160062।
6. ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ, ਪੰਜਾਬ।
7. ਜ਼ਿਲ੍ਹਾ ਸਿੱਖਿਆ ਅਧਿਕਾਰੀ (ਪ੍ਰਾਇਮਰੀ), ਸ੍ਰੀ ਮੁਕਤਸਰ ਸਾਹਿਬ, ਪੰਜਾਬ।



ਦਫਤਰ ਲੋਕ ਸੂਚਨਾ ਅਧਿਕਾਰੀ ਕਮ ਉੱਪ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),ਸ੍ਰੀ ਮੁਕਤਸਰ ਸਾਹਿਬ।

ਵੱਲ,
ਸ੍ਰੀ ਮਨਦੀਪ ਸਿੰਘ ਪੁੱਤਰ ਸ੍ਰੀ ਦਰਸ਼ਨ ਸਿੰਘ,
ਵਾਸੀ ਲੱਖੇਵਾਲੀ (49) ,ਤਹਿ.ਮੁਕਤਸਰ
ਜਿਲ੍ਹਾ ਸ੍ਰੀ ਮੁਕਤਸਰ ਸਾਹਿਬ।

ਪੱਤਰ ਨੰ:ਸਸਅ/ਆਰ.ਟੀ.ਆਈ/2025/107832 ਮਿਤੀ:-23-4-25

ਵਿਸ਼ਾ: ਆਰ.ਟੀ.ਆਈ.ਐਕਟ 2005 ਅਧੀਨ ਸੂਚਨਾ ਲੈਣ ਲਈ ਪ੍ਰਤੀ ਬੇਨਤੀ ਵੱਲੋਂ ਸ੍ਰੀ ਮਨਦੀਪ ਸਿੰਘ ਪੁੱਤਰ ਸ੍ਰੀ ਦਰਸ਼ਨ ਸਿੰਘ, ਵਾਸੀ ਪਿੰਡ ਲੱਖੇਵਾਲੀ,ਤਹਿ.ਮੁਕਤਸਰ,ਜਿਲ੍ਹਾ ਸ੍ਰੀ ਮੁਕਤਸਰ ਸਾਹਿਬ।

ਉਕਤ ਵਿਸ਼ੇ ਦੇ ਸਬੰਧ ਵਿੱਚ ਆਪ ਦੀ ਆਰ.ਟੀ.ਆਈ.ਐਕਟ 2005 ਅਧੀਨ ਸੂਚਨਾ ਲੈਣ ਲਈ ਆਨਲਾਈਨ ਪੋਰਟਲ ਰਾਹੀ ਪ੍ਰਾਪਤ ਪ੍ਰਤੀ ਬੇਨਤੀ ਵਿੱਚ ਮੰਗੀ ਗਈ ਸੂਚਨਾ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਆਰ.ਟੀ.ਈ. ਐਕਟ 2009 ਤਹਿਤ ਇਹਨਾਂ ਸਕੂਲਾਂ ਵਿੱਚ ਅ.ਜਾਤੀ ਕੇਟਾਗਿਰੀ ਨਾਲ ਸਬੰਧਤ ਬੱਚਿਆਂ ਲਈ 25 ਪ੍ਰਤੀਸ਼ਤ ਸੀਟਾਂ ਰਾਖਵੀਆਂ ਰੱਖਣ ਦਾ ਕੋਈ ਉਪਬੰਧ ਨਹੀਂ ਹੈ। ਇਹ ਆਪ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਜੇਕਰ ਆਪ ਉਕਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੋ ਤਾਂ ਆਰ.ਟੀ.ਆਈ.ਐਕਟ 2005 ਦੇ ਨਿਯਮ 19 ਅਨੁਸਾਰ ਨਿਮਨ ਲਿਖਤ ਅਧਿਕਾਰੀ ਕੋਲ ਪੱਤਰ ਜਾਰੀ ਹੋਣ ਤੋਂ 30 ਦਿਨ ਦੇ ਅੰਦਰ- ਅੰਦਰ ਅਪੀਲ ਦਾਇਰ ਕੀਤੀ ਜਾ ਸਕਦੀ ਹੈ।

First Appellant Authority Cum District Education Officer (SE), Sri Muktsar Sahib.

ਜਨ ਸੂਚਨਾ ਅਧਿਕਾਰੀ-ਕਮ-
ਉਪ ਜਿਲਾ ਸਿੱਖਿਆ ਅਫਸਰ (ਸੈ:ਸਿੱ),
ਸ੍ਰੀ ਮੁਕਤਸਰ ਸਾਹਿਬ

**ਵਿਸ਼ਾ: ਪੀਆਈਓ-ਕਮ-ਡਿਪਟੀ ਡੀਈਓ (ਐਸਈ), ਸ੍ਰੀ ਮੁਕਤਸਰ ਸਾਹਿਬ ਦੁਆਰਾ ਆਰਟੀਈ 25% ਨਿਯਮਾਂ ਦੀ ਧਾਰਾ 12(1)(ਸੀ) ਅਧੀਨ ਦਾਖਲਿਆਂ ਬਾਰੇ ਝੂਠੇ ਅਤੇ ਗੁੰਮਰਾਹਕੁੰਨ ਆਰ.ਟੀ.ਆਈ. ਜਵਾਬ ਦੀ ਸਪਲਾਈ ਵਿਰੁੱਧ ਸ਼ਿਕਾਇਤ।**

**ਪਿਆਰੇ ਸਰ/ਮੈਡਮ,**

ਮੈਂ ਤੁਹਾਡੇ ਧਿਆਨ ਵਿੱਚ ਬੱਚਿਆਂ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਆਰਟੀਈ ਐਕਟ) ਅਧੀਨ ਪਛੜੇ ਸਮੂਹਾਂ ਦੇ ਵਿਦਿਆਰਥੀਆਂ ਨੂੰ ਅਧਿਕਾਰਾਂ ਤੋਂ ਵਾਂਝੇ ਰੱਖਣ ਸੰਬੰਧੀ ਇੱਕ ਗੰਭੀਰ ਮਾਮਲਾ ਲਿਆਉਣਾ ਚਾਹੁੰਦਾ ਹਾਂ।

2. ਪੰਜਾਬ ਦੇ ਜ਼ਿਲ੍ਹਾ ਮੁਕਤਸਰ ਦੇ ਪਿੰਡ ਲੱਖੇਵਾਲੀ ਦੇ ਵਸਨੀਕ ਸ੍ਰੀ ਮਨਦੀਪ ਸਿੰਘ ਨੇ ਆਰਟੀਆਈ ਐਕਟ, 2005 ਦੇ ਤਹਿਤ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ, ਮੁਕਤਸਰ ਦੇ ਦਫ਼ਤਰ ਤੋਂ ਆਰਟੀਆਈ ਐਕਟ, 2009 ਦੀ ਧਾਰਾ 12(1)(c) ਅਨੁਸਾਰ 25% ਕੋਟੇ ਅਧੀਨ ਅਨੁਸੂਚਿਤ ਜਾਤੀ (SC) ਵਿਦਿਆਰਥੀਆਂ ਦੇ ਦਾਖਲੇ ਸੰਬੰਧੀ ਜਾਣਕਾਰੀ ਮੰਗੀ ਸੀ।

3. ਹੈਰਾਨੀ ਦੀ ਗੱਲ ਹੈ ਕਿ, ਬਿਨੈਕਾਰ ਨੂੰ ਭੇਜੇ ਗਏ ਪੱਤਰ ਨੰਬਰ SSA/RTI/2025/107832 ਮਿਤੀ 23 ਅਪ੍ਰੈਲ 2025 (ਕਾਪੀ ਹਵਾਲੇ ਲਈ ਨੱਥੀ) ਦੇ ਜਵਾਬ ਵਿੱਚ, ਜਨਤਕ ਸੂਚਨਾ ਅਫ਼ਸਰ-ਕਮ-ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (SE), ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਹੈ ਕਿ ਇਸ ਕੋਟੇ ਅਧੀਨ ਅਨੁਸੂਚਿਤ ਜਾਤੀ ਦੇ ਬੱਚਿਆਂ ਨੂੰ ਦਾਖਲ ਕਰਨ ਲਈ "ਕੋਈ ਪ੍ਰਬੰਧ ਨਹੀਂ ਹੈ"। ਇਹ ਬਿਆਨ ਅਸਲ ਵਿੱਚ ਗਲਤ, ਗੁੰਮਰਾਹਕੁੰਨ ਹੈ, ਅਤੇ ਕੇਂਦਰ ਅਤੇ ਰਾਜ ਸਰਕਾਰ ਦੀਆਂ ਨੀਤੀਆਂ ਅਤੇ ਕਾਨੂੰਨੀ ਫੈਸਲਿਆਂ ਦੀ ਉਲੰਘਣਾ ਕਰਦਾ ਹੈ ਜੋ ਸਪਸ਼ਟ ਤੌਰ 'ਤੇ SC/ST ਬੱਚਿਆਂ ਨੂੰ RTE ਐਕਟ 2009 ਦੀ ਧਾਰਾ 12(1)(c) ਦੇ ਤਹਿਤ ਯੋਗ "ਪਛੜੇ ਸਮੂਹ" ਦੇ ਹਿੱਸੇ ਵਜੋਂ ਸ਼ਾਮਲ ਕਰਦੇ ਹਨ।

4. ਉਪਰੋਕਤ ਤੋਂ, ਇਹ ਸਪੱਸ਼ਟ ਹੈ ਕਿ PIO ਨੇ RTE ਐਕਟ, 2009 ਦੇ ਤਹਿਤ ਇੱਕ ਕਾਨੂੰਨੀ ਤੌਰ 'ਤੇ ਸਥਾਪਿਤ ਉਪਬੰਧ ਤੋਂ ਇਨਕਾਰ ਕੀਤਾ ਹੈ। ਅਜਿਹੀ ਗਲਤ ਜਾਣਕਾਰੀ ਨਾ ਸਿਰਫ ਯੋਜਨਾ ਦੇ ਇੱਛਤ ਲਾਭਪਾਤਰੀਆਂ ਨਾਲ ਬੇਇਨਸਾਫ਼ੀ ਕਰਦੀ ਹੈ ਬਲਕਿ RTI ਵਿਧੀ ਰਾਹੀਂ ਜਨਤਕ ਭਾਗੀਦਾਰੀ ਅਤੇ ਨਿਗਰਾਨੀ ਨੂੰ ਵੀ ਨਿਰਾਸ਼ ਕਰਦੀ ਹੈ। ਇਨ੍ਹਾਂ ਹਾਲਾਤਾਂ ਵਿੱਚ, ਇਹ ਬੇਨਤੀ ਕੀਤੀ ਜਾਂਦੀ ਹੈ:

5. a) RTI ਐਕਟ ਦੇ ਤਹਿਤ ਗਲਤ ਅਤੇ ਗੁੰਮਰਾਹਕੁੰਨ ਜਾਣਕਾਰੀ ਪ੍ਰਦਾਨ ਕਰਨ ਲਈ ਸਬੰਧਤ PIO ਵਿਰੁੱਧ ਢੁਕਵੀਂ ਅਨੁਸ਼ਾਸਨੀ ਕਾਰਵਾਈ ਕੀਤੀ ਜਾ ਸਕਦੀ ਹੈ।

b) RTE ਐਕਟ ਦੇ ਉਪਬੰਧਾਂ ਨੂੰ ਸਹੀ ਢੰਗ ਨਾਲ ਲਾਗੂ ਕਰਨ ਅਤੇ RTI ਪ੍ਰਸ਼ਨਾਂ ਨੂੰ ਸੰਭਾਲਣ ਵਿੱਚ ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਪੰਜਾਬ ਭਰ ਦੇ ਸਾਰੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੂੰ ਜ਼ਰੂਰੀ ਨਿਰਦੇਸ਼।

ਜੇਕਰ ਇਸ ਮੁੱਦੇ ਦਾ ਹੱਲ ਨਾ ਕੀਤਾ ਗਿਆ, ਤਾਂ ਪੰਜਾਬ ਵਿੱਚ ਪਛੜੇ ਬੱਚਿਆਂ ਦੇ ਅਧਿਕਾਰਾਂ ਲਈ ਵਿਆਪਕ ਨਕਾਰਾਤਮਕ ਪ੍ਰਭਾਵ ਪੈ ਸਕਦੇ ਹਨ।

ਤੁਹਾਡਾ ਬਹੁਤ ਬਹੁਤ ਧੰਨਵਾਦ।
**ਤਹਿ ਦਿਲੋਂ**
**(ਓਂਕਾਰ ਨਾਥ)**

"ਇਕੁਐਲਿਟੀ ਐਂਡ ਜਸਟਿਸ"
"Equality and Justice" ਸਵਤੰਤਰਤਾ, ਸਮਾਨਤਾ, ਭਾਈਚਾਰਾ

# ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਨਵੇਂ ਚੇਅਰਮੈਨ ਬਣੇ ਜਸਪਾਲ ਸਿੰਘ ਚੇਚੀ

## ਕਿਹਾ, ਕਿਸਾਨਾਂ, ਆੜ੍ਹਤੀਆਂ ਤੇ ਵਪਾਰੀ ਭਾਈਚਾਰੇ ਦੀ ਹਰ ਲੋੜ ਦਾ ਰੱਖਿਆ ਜਾਵੇਗਾ ਧਿਆਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੁੰਗੜਾ) ਦਾਣਾ ਮੰਡੀ ਵਿਖੇ ਹੋਏ ਇੱਕ ਸਾਦੇ ਸਮਾਰੋਹ ਦੌਰਾਨ ਅੱਜ ਜਸਪਾਲ ਸਿੰਘ ਚੇਚੀ ਨੇ ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਉਨ੍ਹਾਂ ਸਭ ਤੋਂ ਪਹਿਲਾਂ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰ ਰਹੇ ਵੀਰ ਸੈਨਿਕਾਂ ਨੂੰ ਨਮਨ ਕੀਤਾ ਤੇ ਉਨ੍ਹਾਂ ਨੂੰ ਸਨਮਾਨ ਭੇਟ ਕੀਤਾ। ਚੇਚੀ ਨੇ ਕਿਹਾ ਕਿ ਅੱਜ ਦੇਸ਼ ਪਾਕਿਸਤਾਨ ਵੱਲੋਂ ਹੋ ਰਹੇ ਹਮਲਿਆਂ ਦਾ ਸਾਹਮਣਾ ਕਰ ਰਿਹਾ ਹੈ, ਇਸ ਕਰਕੇ ਹਰ ਨਾਗਰਿਕ ਦਾ ਫਰਜ਼ ਹੈ ਕਿ ਉਹ ਏਕਜੁਟ ਹੋ ਕੇ ਦੇਸ਼ ਅਤੇ ਸਮਾਜ ਦੀ ਭਲਾਈ ਲਈ ਕੰਮ ਕਰੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੇਂ-ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਪੂਰੀ ਪਾਬੰਦੀ ਨਾਲ ਪਾਲਣਾ ਕਰਨ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਵਜੋਂ ਆਪਣੀ ਭੂਮਿਕਾ ਨਿਭਾਉਣ। ਜਸਪਾਲ ਸਿੰਘ ਚੇਚੀ ਨੇ ਇਸ ਮਹੱਤਵਪੂਰਨ ਜ਼ਿੰਮੇਵਾਰੀ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਯਕੀਨ ਦਿਵਾਇਆ ਕਿ ਉਹ ਇਸ ਅਹੁਦੇ ਦੀ ਗਰਿਮਾ ਨੂੰ ਬਣਾਏ ਰੱਖਦੇ ਹੋਏ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਕਿਸਾਨਾਂ ਦੇ ਹਿੱਤ ਉਨ੍ਹਾਂ ਦੀ ਪਹਿਲ ਹਨ ਅਤੇ ਉਹ ਹਰ ਪੱਧਰ 'ਤੇ ਕਿਸਾਨਾਂ, ਆੜ੍ਹਤੀਆਂ ਅਤੇ ਵਪਾਰੀਆਂ ਦੇ ਹੱਕਾਂ ਦੀ ਰੱਖਿਆ ਕਰਨਗੇ। ਚੇਅਰਮੈਨ ਨੇ ਕਿਹਾ ਕਿ ਕਣਕ ਖਰੀਦ ਸੀਜ਼ਨ ਦੇ ਚਲਦਿਆਂ ਮੰਡੀਆਂ ਵਿਚ ਵਿਵਸਥਾ ਉੱਤੇ ਖ਼ਾਸ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਮੰਡੀ ਵਿੱਚ ਆਉਣ ਵਾਲੇ ਹਰ ਕਿਸਾਨ ਨੂੰ ਪੂਰੀ ਸੁਵਿਧਾ ਅਤੇ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਉਨ੍ਹਾਂ ਦੇ ਮਾਤਾ ਭਜਨ ਕੌਰ, ਭਰਾ ਅਜੇਪਾਲ ਸਿੰਘ ਚੇਚੀ, ਭੈਣਾਂ ਨੀਲਮ ਰਾਣੀ ਤੇ ਪ੍ਰੇਮਿਲਾ ਰਾਣੀ, ਪਤਨੀ ਸੋਨੀਆ ਰਾਣੀ, ਭਾਬੀ ਆਸ਼ਾ ਰਾਣੀ, ਨੰਬਰਦਾਰ ਚੰਨਿਆਣੀ ਖ਼ੁਰਦ ਹੁਸਨ ਲਾਲ ਚੇਚੀ, ਪਵਨ ਕੁਮਾਰ ਤੇ ਹੋਰ ਪਤਵੰਤੇ ਮੌਜੂਦ ਸਨ। ਇਸੇ ਦੌਰਾਨ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ, ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਡਾ. ਇਸ਼ਾਂਕ, ਡਾ. ਜਤਿੰਦਰ, ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਪਰਸਨ ਕਰਮਜੀਤ ਕੌਰ ਅਤੇ ਹੋਰ ਅਹਿਮ ਸ਼ਖ਼ਸੀਅਤਾਂ ਨੇ ਪਹੁੰਚ ਕੇ ਨਵ-ਨਿਯੁਕਤ ਚੇਅਰਮੈਨ ਨੂੰ ਵਧਾਈ ਦਿੱਤੀ।

# ਜੰਗ ਦੇ ਨਤੀਜੇ ਦੋਵਾਂ ਦੇਸ਼ਾਂ ਦੇ ਆਰਥਿਕ ਅਤੇ ਸਮਾਜਿਕ ਢਾਂਚੇ ਸਮੇਤ ਸ਼ਾਂਤੀ ਅਤੇ ਸਥਿਰਤਾ ਲਈ ਘਾਤਕ ਸਾਬਤ ਹੋਣਗੇ: ਸੁਰਿੰਦਰ ਜੌੜਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਜ਼ੀਰਾ 10 ਮਈ ( ਅੰਗਰੇਜ਼ ਬਰਾੜ ) – ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸੁਰਿੰਦਰ ਸਿੰਘ ਜੌੜਾ ਨੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗ ਦੀ ਸਮਾਪਤੀ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਨਾਲ ਦੋਵਾਂ ਮੁਲਕਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਜੰਗ ਦੇ ਨਤੀਜੇ ਨਾ ਸਿਰਫ਼ ਦੋਵਾਂ ਦੇਸ਼ਾਂ ਦੇ ਆਰਥਿਕ ਅਤੇ ਸਮਾਜਿਕ ਢਾਂਚੇ ਲਈ, ਸਗੋਂ ਪੂਰੇ ਖੇਤਰ ਦੀ ਸ਼ਾਂਤੀ ਅਤੇ ਸਥਿਰਤਾ ਲਈ ਘਾਤਕ ਸਾਬਤ ਹੋਣਗੇ।

ਸੁਰਿੰਦਰ ਸਿੰਘ ਜੌੜਾ ਨੇ ਸੰਬੋਧਨ ਦੌਰਾਨ ਕਿਹਾ ਕਿ ਸ਼ਾਂਤੀ ਅਤੇ ਸਦਭਾਵਨਾ ਨਾਲ ਹੀ ਦੋਵਾਂ ਮੁਲਕਾਂ ਦੀ ਖੁਸ਼ਹਾਲੀ ਸੰਭਵ ਹੈ।

ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਜੰਗ ਦੀ ਸਥਿਤੀ ਵਿੱਚ ਨੌਜਵਾਨਾਂ, ਆਮ ਨਾਗਰਿਕਾਂ ਅਤੇ ਸਮੁੱਚੀ ਅਰਥਵਿਵਸਥਾ ਨੂੰ ਅਸਹਿਣਯੋਗ ਨੁਕਸਾਨ ਹੁੰਦਾ ਹੈ। ਉਨ੍ਹਾਂ ਨੇ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਗੱਲਬਾਤ ਅਤੇ ਕੂਟਨੀਤਕ ਰਾਹ ਅਪਣਾ ਕੇ ਮਸਲਿਆਂ ਨੂੰ ਹੱਲ ਕਰਨ। ਸੁਰਿੰਦਰ ਸਿੰਘ ਜੌੜਾ ਨੇ ਕਿਹਾ ਸਾਨੂੰ ਅਜਿਹੀ ਸਥਿਤੀ ਦੀ ਲੋੜ ਹੈ ਜਿੱਥੇ ਦੋਵੇਂ ਮੁਲਕ ਮਿਲ ਕੇ ਵਿਕਾਸ ਅਤੇ ਸਾਂਝੀ ਖੁਸ਼ਹਾਲੀ ਦੇ ਰਾਹ 'ਤੇ ਚੱਲਣ। ਜੰਗ ਸਿਰਫ਼ ਵਿਨਾਸ਼ ਲਿਆਉਂਦੀ ਹੈ, ਜਦਕਿ ਸ਼ਾਂਤੀ ਸਮਰੱਥਾ ਅਤੇ ਸਥਿਰਤਾ ਦਿੰਦੀ ਹੈ।

ਇਸ ਦੇ ਨਾਲ ਹੀ, ਉਨ੍ਹਾਂ ਨੇ ਭਾਰਤੀ ਫੌਜ ਪ੍ਰਤੀ ਪੂਰੀ ਵਚਨਬੱਧਤਾ ਜਤਾਈ। ਉਨ੍ਹਾਂ ਕਿਹਾ ਅਸੀਂ ਹਮੇਸ਼ਾ ਭਾਰਤੀ ਫੌਜ ਦੇ ਨਾਲ ਖੜ੍ਹੇ ਹਾਂ। ਜੇਕਰ ਸਾਡੀ ਫੌਜ ਨੂੰ ਕਿਸੇ ਵੀ ਤਰ੍ਹਾਂ ਦੀ ਜ਼ਰੂਰਤ ਪਵੇ, ਮੈਂ ਅਤੇ ਮੇਰੀ ਟੀਮ ਹਰ ਸੰਭਵ ਸਹਾਇਤਾ ਲਈ ਤਿਆਰ ਹੈ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤੀ ਫੌਜ ਦੀ ਬਹਾਦੁਰੀ ਅਤੇ ਸਮਰਪਣ ਦੇਸ਼ ਦੀ ਸੁਰੱਖਿਆ ਦਾ ਮਜ਼ਬੂਤ ਆਧਾਰ ਹੈ, ਪਰ ਸ਼ਾਂਤੀ ਦੀ ਪਹਿਲਕਦਮੀ ਵੀ ਉਨ੍ਹਾਂ ਦੀਆਂ ਕੋਸ਼ਿਸ਼ਾਂ ਨੂੰ ਪੂਰਕ ਕਰ ਸਕਦੀ ਹੈ।



ਸੁਰਿੰਦਰ ਸਿੰਘ ਜੌੜਾ ਨੇ ਨੌਜਵਾਨਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਸ਼ਾਂਤੀ ਅਤੇ ਭਾਈਚਾਰੇ ਦੇ ਸੁਨੇਹੇ ਨੂੰ ਅੱਗੇ ਵਧਾਉਣ। ਉਨ੍ਹਾਂ ਨੇ ਕਿਹਾ ਕਿ ਨਵੀਂ ਪੀੜ੍ਹੀ ਨੂੰ ਅਜਿਹੇ ਸੁਨੇਹਿਆਂ ਨੂੰ ਫੈਲਾਉਣਾ ਚਾਹੀਦਾ ਹੈ ਜੋ ਏਕਤਾ ਅਤੇ ਸਹਿਯੋਗ ਨੂੰ ਉਤਸ਼ਾਹਿਤ ਕਰਨ। ਅੰਤ ਵਿੱਚ, ਉਨ੍ਹਾਂ ਨੇ ਅੰਤਰਰਾਸ਼ਟਰੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਭਾਰਤ-ਪਾਕਿਸਤਾਨ ਸਬੰਧਾਂ ਨੂੰ ਸੁਧਾਰਨ ਵਿੱਚ ਸਕਾਰਾਤਮਕ ਭੂਮਿਕਾ ਨਿਭਾਉਣ।

# ਕੁਲਥਮ ਵੈਲਫੇਅਰ ਸੋਸਾਇਟੀ KWS ਦੀ ਟੀਮ ਵਲੋਂ ਲੋੜਵੰਦ ਧੀ ਦੇ ਇਲਾਜ ਵਾਸਤੇ ਪੰਜ ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ - ਕੁਲਥਮ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਪਿੰਡ ਕੁਲਥਮ ਵਿੱਚ ਨੌਜਵਾਨ ਸਾਥੀਆਂ ਵਲੋਂ ਪਿੰਡ ਕੁਲਥਮ ਦੇ ਭਲਾਈ ਕਾਰਜਾਂ ਅਤੇ ਸਮਾਜਿਕ ਕਾਰਜਾਂ ਲਈ ਬਣਾਈ ਬੰਗਾ (ਚਰਨਜੀਤ ਸੱਲ੍ਹਾਂ )ਗਈ ਸੰਸਥਾ ਕੁਲਥਮ ਵੈਲਫੇਅਰ ਸੁਸਾਇਟੀ KWS ਦੇ ਬੈਨਰ ਹੇਠ ਪਿੰਡ ਦੀ ਇਕ ਲੋੜਵੰਦ ਧੀ ਦੇ ਇਲਾਜ ਵਾਸਤੇ ਪੰਜ ਹਜ਼ਾਰ ਦੀ ਰਾਸ਼ੀ ਕਮਲਜੀਤ ਕੌਰ ਨੂੰ ਸੌਂਪੀ ਗਈ



ਔਰ ਪਰਿਵਾਰ ਨੇ KWS ਦੀ ਸਮੁੱਚੀ ਟੀਮ ਦੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਇਸ ਮੌਕੇ ਡਾ.ਸੋਨੂੰ ਨਰ (ਪ੍ਰਧਾਨ) ,ਸਤਨਾਮ ਸਿੰਘ ਅਟਵਾਲ (ਵਾਇਸ ਪ੍ਰਧਾਨ) ਕੇਮਲ ਕੁਮਾਰ (ਖਜਾਨਚੀ), ਦੀਪਕ ਅਟਵਾਲ (ਉਪ ਖਜਾਨਚੀ), ਕੁਲਵੰਤ ਕੁਮਾਰ (ਜਨਰਲ ਸਕੱਤਰ), ਕੁਲਦੀਪ ਕੁਮਾਰ (ਜਨਰਲ ਸਕੱਤਰ) , ਗੌਰਵ ਕੁਮਾਰ (ਪ੍ਰੋਜੈਕਟ ਕੋਆਰਡੀਨੇਟਰ) , ਸੋਨੂੰ ਚੁੰਬਰ(ਮੀਡੀਆ ਅਧਿਕਾਰੀ) , ਮੁਕੇਸ਼ ਕੁਮਾਰ (ਸਕੱਤਰ), ਹਰਜੋਤ, ਹੈਰੀ (ਸਲਾਹਕਾਰ), ਰੋਹਿਤ ਕੁਮਾਰ (ਸਕੱਤਰ), ਲਵਪ੍ਰੀਤ (ਸਕੱਤਰ), ਗਗਨ ਕੁਲਥਮ, ਲੇਖ ਰਾਜ ਕੁਲਥਮ, ਅਮਨ ਕੁਲਥਮ,ਪਰਦੀਪ ਕੁਮਾਰ, ਰਾਕੇਸ਼ ਕੁਮਾਰ ਕੁਲਥਮ (ਸੰਸਥਾਪਕ) ਹਾਜਰ ਸਨ

# ਯੁੱਧ ਸਥਿਤੀ ਨੂੰ ਲੈ ਕੇ ਸਿਹਤ ਵਿਭਾਗ ਚੌਕਸ — ਭਰਤਗੜ੍ਹ ਵਿੱਚ ਮੈਡੀਕਲ ਟੀਮਾਂ ਦੀ ਰਣਨੀਤਕ ਮੀਟਿੰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਭਰਤਗੜ੍ਹ, 10 ਮਈ:- ਕਮਿਊਨਿਟੀ ਹੈਲਥ ਸੈਂਟਰ ਭਰਤਗੜ੍ਹ ਵਿਖੇ 10 ਮਈ 2025 ਨੂੰ ਪੈਰਾਮੈਡੀਕਲ ਸਟਾਫ ਦੀ ਇੱਕ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਦੀ ਅਗਵਾਈ ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਨੇ ਕੀਤੀ। ਇਹ ਮੀਟਿੰਗ ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧ ਰਹੇ ਤਣਾਅ ਅਤੇ ਜੰਗ ਦੇ ਮੱਦੇਨਜ਼ਰ ਸਿਹਤ ਵਿਭਾਗ, ਬਲਾਕ ਭਰਤਗੜ੍ਹ ਵੱਲੋਂ



ਆਪਣੀਆਂ ਤਿਆਰੀਆਂ ਦੀ ਸਮੀਖਿਆ ਲਈ ਬੁਲਾਈ ਗਈ ਸੀ। ਮੀਟਿੰਗ ਦੌਰਾਨ ਭਾਰਤ ਸਰਕਾਰ, ਪੰਜਾਬ ਸਰਕਾਰ, ਡਿਪਟੀ ਕਮਿਸ਼ਨਰ ਰੂਪਨਗਰ ਅਤੇ ਸਿਵਲ ਸਰਜਨ ਰੂਪਨਗਰ ਵੱਲੋਂ ਜਾਰੀ ਕੀਤੇ ਗਏ ਨਵੇਂ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰੋਟੋਕਾਲਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਹ ਦਿਸ਼ਾ-ਨਿਰਦੇਸ਼ ਜੰਗ ਸਮੇਂ ਐਮਰਜੈਂਸੀ ਸਿਹਤ ਸੇਵਾਵਾਂ ਦੀ ਸੁਚੱਜੀ ਯੋਜਨਾ ਬਣਾਉਣ, ਜ਼ਖਮੀਆਂ ਦੀ ਤੁਰੰਤ ਸਹੀ ਸੰਭਾਲ, ਰਕਤਦਾਨ ਮੁਹਿੰਮਾਂ ਦੀ ਤਿਆਰੀ, ਦਵਾਈਆਂ ਅਤੇ ਮੈਡੀਕਲ ਸਾਜੋ-ਸਾਮਾਨ ਦੀ ਉਪਲਬਧਤਾ, ਐਂਬੂਲੈਂਸ ਅਤੇ ਰੈਫਰਲ ਸਿਸਟਮ ਦੇ ਸੁਚਾਰੂ ਚਲਾਉਣ, ਅਤੇ ਆਮ ਲੋਕਾਂ ਵਿੱਚ ਜਾਗਰੂਕਤਾ ਵਧਾਉਣ ਵੱਲ ਕੇਂਦਰਿਤ ਸਨ। ਮੀਟਿੰਗ ਵਿੱਚ ਸੈਨੀਟਰੀ ਇੰਸਪੈਕਟਰ, ਹੈਲਥ ਸੁਪਰਵਾਈਜ਼ਰ, ਕਮਿਊਨਿਟੀ ਹੈਲਥ ਅਫਸਰ, ਹੈਲਥ ਵਰਕਰ, ਸਟਾਫ ਨਰਸ, ਨਰਸਿੰਗ ਸਿਸਟਰ ਅਤੇ ਹੋਰ ਸਿਹਤ ਕਰਮਚਾਰੀ ਮੌਜੂਦ ਸਨ। ਡਾ. ਆਨੰਦ ਘਈ ਨੇ ਸਾਰੇ ਸਟਾਫ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਹਮੇਸ਼ਾ ਤਿਆਰ ਰਹਿਣ ਅਤੇ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ। ਸਾਰੇ ਸਟਾਫ ਨੇ ਸੰਕਲਪ ਲਿਆ ਕਿ ਉਹ ਕਿਸੇ ਵੀ ਐਮਰਜੈਂਸੀ ਹਾਲਤ ਵਿੱਚ ਪੂਰੀ ਨਿਸ਼ਠਾ ਅਤੇ ਸਮਰਪਣ ਨਾਲ ਆਪਣੀ ਭੂਮਿਕਾ ਨਿਭਾਉਣਗੇ।

# ਬਲੱਡ ਬੈਂਕ ਵਿਖੇ ਖੂਨਦਾਨ ਕੈਂਪ ਲਗਾ ਕੇ ਮਨਾਇਆ ਵਿਸ਼ਵ ਰੈਡ ਕਰਾਸ ਦਿਵਸ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਫਗਵਾੜਾ (ਸ਼ਿਵ ਕੌੜਾ) ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਵਿਸ਼ਵ ਰੈਡ ਕਰਾਸ ਦਿਵਸ ਬਲੱਡ ਬੈਂਕ ਦੇ ਚੇਅਰਮੈਨ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਅਤੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਖੂਨ ਦਾਨ ਕੈਂਪ ਲਗਾ ਕੇ ਮਨਾਇਆ ਗਿਆ। ਜਿਸਦਾ ਉਦਘਾਟਨ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਚੇਅਰਮੈਨ ਜਰਨੈਲ ਨੰਗਲ



ਨੇ ਦੀਪ ਪ੍ਰੱਜਵਲਿਤ ਕਰਕੇ ਕੀਤਾ। ਉਹਨਾਂ ਬਲੱਡ ਬੈਂਕ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਰੈਡ ਕਰਾਸ ਦੀ ਭਾਵਨਾ ਦੇ ਅਨੁਸਾਰ ਬਿਨਾਂ ਕਿਸੇ ਪੱਖ-ਪਾਤ ਤੋਂ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਵਲੋਂ ਚਲਾਏ ਜਾ ਰਹੇ ਸਮਾਜ ਸੇਵੀ ਪ੍ਰੋਜੈਕਟ ਹੋਰਨਾਂ ਨੂੰ ਵੀ ਪ੍ਰੇਰਣਾ ਦੇਣ ਵਾਲੇ ਹਨ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅੱਜ ਦੇ ਕੈਂਪ ਵਿਚ 50 ਯੁਨਿਟ ਖੂਨ ਇਕੱਤਰ ਕੀਤਾ ਗਿਆ ਹੈ। ਉਹਨਾਂ ਨੇ ਵਿਸ਼ਵ ਰੈਡ ਕਰਾਸ ਦਿਵਸ ਦੇ ਮਹੱਤਵ ਬਾਰੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਇਹ ਦਿਨ 8 ਮਈ 1948 ਤੋਂ ਮਨਾਇਆ ਜਾਂਦਾ ਹੈ। ਉਹਨਾਂ ਦੱਸਿਆ ਕਿ ਅੱਜ ਦੇ ਸਮਾਗਮ ਦਾ ਥੀਮ 'ਮਨੁੱਖਤਾ ਨੂੰ ਜਿੰਦਾ ਰੱਖੋ' ਸੀ। ਸਮਾਜ ਸੇਵਕ ਹਰਬੰਸ ਲਾਲ ਅਤੇ ਗੁਰਮੀਤ ਪਲਾਹੀ ਨੇ ਆਏ ਹੋਏ ਸਮੂਹ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਖੂਨ ਦਾਨ ਕੈਂਪ ਨੂੰ ਸਫਲ ਬਨਾਉਣ ਵਿਚ ਪ੍ਰਬੰਧਕਾਂ ਅਤੇ ਸਟਾਫ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਤਾਰਾ ਚੰਦ ਚੁੰਬਰ, ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ ਤੋਂ ਇਲਾਵਾ ਹੋਰ ਪਤਵੰਤੇ ਹਾਜਰ ਸਨ।

# ਮੈਂ ਜੰਗ ਵਿਰੋਧੀ ਹਾਂ - ਗਗਨ ਫੂਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਮੌਜੂਦਾ ਹਾਲਾਤਾਂ ਨੂੰ ਵੇਖਦਿਆਂ ਇਹ ਲਗਦਾ ਹੈ ਕਿ ਜਿਵੇਂ ਇਨਸਾਨੀਅਤ ਦਾ ਕੋਈ ਮੁੱਲ ਨਹੀਂ ਭਾਵ ਮਨੁੱਖਤਾ ਦੀ ਕੋਈ ਕਦਰ ਨਹੀਂ। ਸਮੇਂ ਦੇ ਹੁਕਮਰਾਨ ਸਮੇਂ ਸਮੇਂ 'ਤੇ ਕੋਝੀਆਂ ਹਰਕਤਾਂ ਨਾਲ ਮਨੁੱਖਤਾ ਦਾ ਘਾਣ ਕਰਦੇ ਆ ਰਹੇ ਹਨ। ਪਰ ਇਹ ਕਦੋਂ ਤੱਕ ਇਸ ਤਰ੍ਹਾਂ ਚੱਲਦਾ ਰਹੇਗਾ..? ਇਹ ਵੱਡਾ ਸਵਾਲ ਹੈ। ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੈ ਜੰਗ ਖੁਦ ਇੱਕ ਮਸਲਾ ਹੈ। ਜਦੋਂ ਕਿਤੇ ਜੰਗ ਦਾ ਮਾਹੌਲ ਬਣਦਾ ਹੈ ਤਾਂ ਲੋਕ ਲੋੜੀਂਦੀਆਂ ਵਸਤਾਂ ਨੂੰ ਸਟੋਰ ਕਰਨਾ ਸ਼ੁਰੂ ਕਰ ਦਿੰਦੇ ਹਨ। ਉਸ ਦਾ ਅਸਰ ਹਰ ਇੱਕ ਵਰਗ ਦੇ ਲੋਕਾਂ ਉੱਤੇ ਪੈਂਦਾ ਹੈ। ਸੁਭਾਵਿਕ ਹੈ ਕਿ ਵਸਤਾਂ ਸਟੋਰ ਕਰਨ ਬਾਅਦ ਇਹ ਵਸਤਾਂ ਮਹਿੰਗੀਆਂ ਕਰ ਦਿੱਤੀਆਂ ਜਾਂਦੀਆਂ ਹਨ, ਜਿਸ ਨਾਲ ਮਜ਼ਦੂਰ ਤਬਕਾ ਬਿਨਾਂ ਜੰਗ ਦੇ ਹਮਲੇ ਤੋਂ ਹੀ ਮਾਰਿਆ ਜਾਂਦਾ ਹੈ। ਅਜਿਹੇ ਹਾਲਾਤਾਂ ਵਿੱਚ ਕਾਰੋਬਾਰ ਠੱਪ ਹੋ ਜਾਂਦੇ ਹਨ ਜਿਸ ਨਾਲ ਰਹਿਣਾ ਸਹਿਣਾ ਮੁਸ਼ਕਿਲ ਹੋ ਜਾਂਦਾ ਹੈ, ਭੁੱਖਮਰੀ ਅਮਰਵੇਲ ਵਾਂਗ ਮਨੁੱਖਤਾ ਨੂੰ ਜਕੜ ਲੈਂਦੀ ਹੈ। ਅਜਿਹੇ ਵਿੱਚ ਬਹੁਤ ਸਾਰੇ ਜ਼ਿੰਦਾ ਇਨਸਾਨ ਲਾਸ਼ਾਂ ਬਣ ਜਾਂਦੇ ਹਨ। ਬੇਸ਼ੱਕ ਜੰਗ ਦੇ ਢਾਈ ਅੱਖਰਾਂ ਦਾ ਸ਼ਬਦ ਹੈ ਪਰ ਇਹ ਕਈ ਪੀੜ੍ਹੀਆਂ ਨੂੰ ਤਬਾਹ ਕਰ ਦਿੰਦਾ ਹੈ। ਸਮੇਂ ਦੀਆਂ ਸਰਕਾਰਾਂ ਨੂੰ ਬਿਨਾਂ ਕਿਸੇ ਹਿੰਸਾ ਦੇ ਕਾਨੂੰਨ ਦੇ ਦਾਇਰੇ ਅੰਦਰ ਦੇਸ਼ ਦੀ ਅਮਨ ਸ਼ਾਂਤੀ ਨੂੰ ਭੰਗ ਕਰਨ ਵਾਲਿਆਂ ਨੂੰ ਆਪਣੀ ਹਿਰਾਸਤ ਵਿੱਚ ਲੈ ਕੇ ਉਹਨਾਂ ਨੂੰ ਬਣਦੀ ਸਜਾ ਦੇਣੀ ਚਾਹੀਦੀ ਹੈ ਨਾ ਕਿ ਹਿੰਸਾ ਦਾ ਹਿੱਸਾ ਬਣਨਾ ਚਾਹੀਦਾ ਹੈ। ਇੱਕ ਭੇਡ ਮਗਰ ਤੁਰਨ ਵਾਲੀਆਂ




ਭੇਡਾਂ ਦਾ ਹਿੱਸਾ ਨਹੀਂ ਬਣਨਾ ਚਾਹੀਦਾ। ਥੋੜ੍ਹੇ ਨੁਕਸਾਨ ਨੂੰ ਝੱਲਿਆ ਜਾ ਸਕਦਾ ਹੈ ਪਰ ਜੰਗ ਦੇ ਹਾਲਤਾਂ ਵਿੱਚ ਹੋਏ ਨੁਕਸਾਨ ਨੂੰ ਝੱਲਣਾ ਕਿਸੇ ਦੇ ਵੀ ਹੱਥ ਵੱਸ ਨਹੀਂ ਹੈ। ਦੇਸ਼ ਦੀ ਆਰਥਿਕਤਾ ਕਮਜ਼ੋਰ ਹੋ ਜਾਂਦੀ ਹੈ, ਦੇਸ਼ ਕਈ ਗੁਣਾ ਪਿੱਛੇ ਚਲਾ ਜਾਂਦਾ ਹੈ ਅਤੇ ਮੁੜ ਦੁਬਾਰਾ ਉਸੇ ਸਟੇਜ ਤੇ ਆਉਣਾ ਅਸੰਭਵ ਹੋ ਜਾਂਦਾ ਹੈ। ਅਜਿਹੀ ਹਿੰਸਾ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਉਹਨਾਂ ਮਾਵਾਂ ਦੇ ਜਵਾਨ ਪੁੱਤਾਂ ਬਾਰੇ ਸੋਚਣਾ ਚਾਹੀਦਾ ਹੈ, ਇੱਕ ਮਾਂ ਆਪਣੇ ਪੁੱਤ ਨੂੰ ਅਵਾਰਾ ਫਿਰਦਾ ਸਹਾਰ ਸਕਦੀ ਹੈ, ਇੱਕ ਮਾਂ ਆਪਣੇ ਪੁੱਤ ਨੂੰ ਨਿਕੰਮਾ ਵੀ ਸਹਾਰ ਸਕਦੀ ਹੈ, ਇੱਕ ਮਾਂ ਆਪਣੇ ਪੁੱਤ ਨੂੰ ਸਿੱਧਰਾ ਵੀ ਸਹਾਰ ਸਕਦੀ ਹੈ, ਇੱਕ ਮਾਂ ਆਪਣੇ ਪੁੱਤ ਨੂੰ ਅੰਨਾ ਵੀ ਸਹਾਰ ਸਕਦੀ ਹੈ, ਇੱਕ ਮਾਂ ਆਪਣੇ ਪੁੱਤ ਨੂੰ ਗੂੰਗਾ ਬੋਲਾ ਵੀ ਸਹਾਰ ਸਕਦੀ ਹੈ, ਇੱਕ ਮਾਂ ਆਪਣੇ ਪੁੱਤ ਨੂੰ ਅਪਾਹਜ ਵੀ ਸਹਾਰ ਸਕਦੀ ਹੈ ਪਰ ਇੱਕ ਮਾਂ ਆਪਣੇ ਪੁੱਤ ਨੂੰ ਕਿਸੇ ਜੰਗ ਦਾ ਹਿੱਸਾ ਬਣਨ ਜਾਂ ਸ਼ਹੀਦ ਹੁੰਦਿਆਂ ਵੇਖ ਜਾਂ ਆਪਣੇ ਤੋਂ ਦੂਰ ਹੁੰਦਿਆਂ ਨਹੀਂ ਸਹਾਰ ਸਕਦੀ। ਸੋ ਸਮੇਂ ਦੇ ਹੁਕਮਰਾਨਾਂ ਨੂੰ ਚਾਹੇ ਉਹ ਕਿਸੇ ਵੀ ਦੇਸ਼ ਦੇ ਹੋਣ ਪੁਰਜ਼ੋਰ ਅਪੀਲ ਹੈ ਕਿ ਅਜਿਹੀਆਂ ਜੰਗਾਂ ਤੋਂ ਟਾਲਾ ਕੀਤਾ ਜਾਵੇ। ਚੰਦ ਬੰਦਿਆਂ ਦੀ ਨਲਾਇਕੀ ਖ਼ਾਤਰ ਸੈਂਕੜੇ ਮਨੁੱਖਾਂ, ਜਾਨਵਰਾਂ, ਜੀਵ ਜੰਤੂਆਂ ਨੂੰ ਦਾਅ ਤੇ ਲਗਾਉਣਾ ਕਿੱਥੋਂ ਦਾ ਨਿਆਂ ਹੈ। ਆਪਣੀ ਸੱਭਿਅਤਾ ਨੂੰ ਮਿਟਾ ਦੇਣਾ, ਆਪਣੇ ਸਿੱਖਿਆ ਢਾਂਚੇ ਨੂੰ ਗਿਰਾ ਦੇਣਾ, ਆਪਣੀ ਆਰਥਿਕ ਸਥਿਤੀ ਨੂੰ ਡਾਵਾਂ ਡੋਲ ਕਰ ਦੇਣਾ, ਆਪਣੇ ਵਾਤਾਵਰਨ ਨੂੰ ਤਬਾਹ ਕਰ ਦੇਣਾ, ਆਪਣੇ ਕੁਦਰਤੀ ਸੋਮਿਆਂ ਨੂੰ ਖ਼ਤਮ ਕਰ ਦੇਣਾ ਅਜਿਹਾ ਕਰਨ ਦਾ ਅਧਿਕਾਰ ਕਿਸੇ ਕੋਲ ਵੀ ਨਹੀਂ ਹੈ। ਇੱਕ ਗੱਲ ਇਹ ਵੀ ਕਰਨੀ ਬਣਦੀ ਹੈ ਕਿ ਇੱਕ ਪਾਸੇ ਦੇਸ਼/ਸਟੇਟ ਕੋਲ ਐਨਾ ਗੋਲਾ ਬਰੂਦ, ਤੋਪਾ, ਟੈਂਕ, ਮਸ਼ੀਨਰੀ ਅਤੇ ਅਸਲਾ ਹੈ, ਵੱਡੀਆਂ ਵੱਡੀਆਂ ਮਜ਼ੈਲਾਂ ਤੇ ਪਰਮਾਣੂ ਖਰੀਦਣ ਲਈ ਪੈਸਾ ਹੈ, ਪਰ ਦੂਜੇ ਪਾਸੇ ਦੇਸ਼ ਕੋਲ ਅਧਿਆਪਕਾਂ, ਪੁਲਿਸ ਮੁਲਾਜਮਾਂ, ਬੈਂਕ ਕਰਮਚਾਰੀਆਂ, ਡਾਕਟਰਾਂ, ਕਲਰਕਾਂ ਦੀਆਂ ਤਨਖਾਹਾਂ ਅਤੇ ਮਜ਼ਦੂਰਾਂ ਦੀ ਮਜ਼ਦੂਰੀ ਲਈ ਪੈਸਾ ਨਹੀਂ ਹੈ, ਕਿਸਾਨਾਂ ਦੀਆਂ ਫ਼ਸਲਾਂ ਸਮੇਂ ਸਿਰ ਨਹੀਂ ਚੱਕੀਆਂ ਜਾਂਦੀਆਂ, ਸਮੇਂ ਸਿਰ ਉਹਨਾਂ ਨੂੰ ਮੁੱਲ ਨਹੀਂ ਮਿਲਦੇ, ਅਜਿਹੇ ਵਿੱਚ ਧਰਨੇ ਮੁਜ਼ਾਹਰੇ ਕਰਨੇ ਪੈਂਦੇ ਹਨ, ਆਪਣੇ ਹੀ ਹੱਕਾਂ ਲਈ ਡਾਗਾਂ/ਜੇਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਜਿਹਾ ਕਿਉਂ...?? ਇਹ ਵੀ ਬਹੁਤ ਗੰਭੀਰ ਸਵਾਲ ਹੈ। ਸਿਸਟਮ ਨੂੰ ਸੁਧਾਰਨ ਦੀ ਲੋੜ ਹੈ ਨਾ ਕਿ ਅਜਿਹੀਆਂ ਹਿੰਸਾ ਕਰਵਾ ਵਕਤ ਜਾਇਆ ਕਰਨਾ ਚਾਹੀਦਾ ਹੈ। ਦਾਸ ਅਜਿਹੀਆਂ ਜੰਗਾਂ ਦੀ ਜਾਂ ਕਿਸੇ ਵੀ ਪ੍ਰਕਾਰ ਦੀ ਹਿੰਸਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ। ਬਹੁਤ ਕੁੱਝ ਲਿਖਣ ਲਈ ਰਹਿ ਗਿਆ ਹੋਵੇਗਾ ਸਮਝਦਾਰ ਲਈ ਇਸ਼ਾਰਾ ਹੀ ਕਾਫੀ ਹੁੰਦਾ ਹੈ। ਦੂਸਰਾ ਲੋਕਾਂ ਨੂੰ ਵੀ ਅਪੀਲ ਹੈ ਕਿ ਪ੍ਰਸ਼ਾਸਨ ਦੀਆਂ ਹਦਾਇਤਾਂ ਦੀ ਪਾਲਣਾ ਕਰ ਸਾਥ ਦਿੱਤਾ ਜਾਵੇ ਅਤੇ ਆਪਣੇ ਨੂੰ ਅਜਿਹੇ ਹਾਲਾਤਾਂ ਵਿੱਚ ਸੁਰੱਖਿਅਤ ਰੱਖਣ ਦੀ ਕੋਸ਼ਿਸ਼ ਕੀਤੀ ਜਾਵੇ ਬੇਸ਼ੱਕ ਕਿਸੇ ਹੱਥ ਵੱਸ ਨਹੀਂ ਹੈ ਪਰ ਡਰ ਨਾਲੋਂ ਕੋਸ਼ਿਸ਼ ਵੱਡੀ ਹੁੰਦੀ ਹੈ।

ਗਗਨ ਫੂਲ
ਸੰਪ: 75289-03512

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

# “ਚੁੱਪ ਰਹਿਣ ਵਾਲੀ ਆਵਾਜ਼”

Author: Mahek jot
Course: B.A.B.ED (Intigrated Course)
College Name: National College Bhikhi

## ਕਹਾਣੀ

ਇਹ ਕਹਾਣੀ ਹੈ ਪੰਜਵੀਂ ਕਲਾਸ ਦੀ ਵਿਦਿਆਰਥਣ ਸੁਖਪ੍ਰੀਤ ਦੀ , ਜੋ ਕਲਾਸ ਦੇ ਕੋਨੇ ਵਾਲੀ ਬੈਂਚ ਉਪਰ ਅਕਸਰ ਆਪਣੇ-ਆਪ ਵਿੱਚ ਗੁੰਮ ਰਹਿੰਦੀ। ਉਹ ਨਾ ਕਿਸੇ ਨਾਲ ਗੱਲ ਕਰਦੀ ਤੇ ਨਾ ਹੀ ਕਿਸੇ ਨਾਲ ਖੇਡਦੀ। ਉਹ ਖੇਡਦੀ ਸੀ ਸਿਰਫ਼ ਕਿਤਾਬਾਂ ਦੇ ਪੰਨਿਆਂ ਨਾਲ । ਹਮੇਸ਼ਾ ਉਹਨਾਂ ਪੰਨਿਆਂ ਵਿੱਚ ਖੁੱਭੀ ਰਹਿੰਦੀ। ਚੁੱਪਚਾਪ ਬੈਠੀ ਰਹਿੰਦੀ- ਬਹੁਤ ਕੁਝ ਕਹਿਣਾ ਚਾਹੁੰਦੀ ਸੀ, ਪਰ ਕਦੇ ਕੁੱਝ ਨਾ ਕਹਿ ਸਕੀ। ਨਾ ਕਿਸੇ ਨੇ ਪੁੱਛਿਆ ਤੇ ਨਾ ਹੀ ਕਿਸੇ ਨੇ ਸਮਝਣ ਦੀ ਕੋਸ਼ਿਸ਼ ਕੀਤੀ।

ਉਹ ਹਰ ਰੋਜ਼ ਆਪਣੇ ਹੌਸਲੇ ਨੂੰ ਚੁੱਪੀ ਦੀ ਚਾਦਰ ਵਿੱਚ ਲਪੇਟ ਲਿਆਉਂਦੀ। ਉਸ ਦੀਆਂ ਅੱਖਾਂ ਕਿਸੇ ਅਣਕਹੀ ਕਹਾਣੀ ਦਾ ਦਰਪਣ ਸੀ, ਪਰ ਹਰ ਕੋਈ ਉਸ ਦੀ ਚੁੱਪੀ ਨੂੰ “ਸਾਦਾ ਸੁਭਾਅ” ਸਮਝ ਕੇ ਨਜਰਅੰਦਾਜ਼ ਕਰ ਜਾਂਦਾ।

ਇੱਕ ਦਿਨ ਸਕੂਲ ਵਿੱਚ ਨਵੀਂ ਅਧਿਆਪਿਕਾ ਆਈ - ਮਿਸ.ਨਿਹਾਰਿਕਾ। ਨਰਮ ਲਹਜੇ ਵਾਲੀ, ਹਮੇਸ਼ਾ ਮੁਸਕਰਾਉਣ ਵਾਲੀ ਤੇ ਵਿਦਿਆਰਥੀਆਂ ਨਾਲ ਦਿਲੋਂ ਜੁੜਨ ਵਾਲੀ। ਪਹਿਲੀ ਨਜ਼ਰ ਵਿੱਚ ਹੀ ਮਿਸ.ਨਿਹਾਰਿਕਾ ਨੇ ਸੁਖਪ੍ਰੀਤ ਦੀਆਂ ਅੱਖਾਂ ਵਿੱਚ ਛੁਪਿਆ ਦਰਦ ਵੇਖਿਆ। ਮਿਸ.ਨਿਹਾਰਿਕਾ ਸੁਖਪ੍ਰੀਤ ਕੋਲ ਗਈ ਤੇ ਕਿਹਾ”ਚੁੱਪ ਰਹਿਣ ਵਾਲੀਆਂ ਕੋਲ ਸਭ ਤੋਂ ਵਧੀਕ ਕਹਾਣੀਆਂ ਹੁੰਦੀਆਂ ਨੇ।ਕੀ ਤੂੰ ਆਪਣੀ ਕਹਾਣੀ ਕਦੇ ਸੁਣਾਈ?”

ਇਸ ਇੱਕ ਸਵਾਲ ਨੇ ਸੁਖਪ੍ਰੀਤ ਦੇ ਦਿਲ ਦੇ ਦਰਵਾਜ਼ੇ ਖੋਲ੍ਹ ਦਿੱਤੇ।ਉਸਨੇ ਆਪਣੀਆਂ ਭਾਵਨਾਵਾਂ ਨੂੰ ਕਵਿਤਾਵਾਂ ਦਾ ਰੂਪ ਦਿੱਤਾ।ਉਹ ਹਰ ਰੋਜ਼ ਇੱਕ ਨਵੀਂ ਕਵਿਤਾ ਲਿਖਣ ਲੱਗੀ।

ਮਿਸ.ਨਿਹਾਰਿਕਾ ਨੇ ਸੁਖਪ੍ਰੀਤ ਨੂੰ ਕਈ ਦਿਨ ਤੱਕ ਦੇਖਿਆਂ।ਉਸ ਵਿੱਚ ਪਹਿਲਾਂ ਨਾਲੋਂ ਬਦਲਾਵ ਹੋ ਰਿਹਾ ਸੀ। ਪਰ ਮਿਸ. ਨਿਹਾਰਿਕਾ ਜਾਣਦੀ ਸੀ ਕਿ ਜੇਕਰ ਵਿਦਿਆਰਥੀਆਂ ਨੂੰ ਕੁੱਝ ਸੁਣਾਉਣ ਲਈ ਕਿਹਾ ਜਾਵੇਗਾ ਤਾਂ ਸੁਖਪ੍ਰੀਤ ਕਦੇ ਵੀ ਅੱਗੇ ਨਹੀਂ ਆਏਗੀ, ਕਿਉਂਕਿ ਉਹ ਕਦੇ ਵੀ ਕਿਸੇ ਅੱਖ ਨਾਲ ਅੱਖ ਨਹੀਂ ਮਿਲਾਉਂਦੀ ਸੀ। ਜਿਸ ਕਰਕੇ ਮਿਸ. ਨਿਹਾਰਿਕਾ ਨੇ ਵਿਦਿਆਰਥੀਆਂ ਨੂੰ ਘਰ ਦੇ ਕੰਮ ਦੇ ਰੂਪ ਵਿੱਚ”ਮੇਰੀ ਜਿੰਦਗੀ ਦੀ ਸਭ ਤੋਂ ਖ਼ਾਸ ਯਾਦ” ਲਿਖਣ ਲਈ ਕਿਹਾ।




ਅੱਗਲੇ ਦਿਨ ਮਿਸ.ਨਿਹਾਰਿਕਾ ਨੇ ਵਿਦਿਆਰਥੀਆਂ ਦੀਆਂ ਕਾਪੀਆਂ ਚੈੱਕ ਕੀਤੀਆਂ, ਜਿਸ ਉੱਪਰ ਥੋੜ੍ਹਾ ਬਹੁਤ ਹੀ ਲਿਖਿਆ ਹੋਇਆ ਸੀ ਪਰ ਸੁਖਪ੍ਰੀਤ ਦੀ ਕਾਪੀ ਦੇ ਪੰਨੇ ਲੰਮੇ ਤੇ ਭਾਵਨਾਤਮਕ ਸਨ। ਉਸਨੇ ਕਵਿਤਾ ਦੇ ਰੂਪ ਵਿੱਚ ਲਿਖਿਆ ਹੋਇਆ ਸੀ । ਕੁੱਝ ਸਤਰਾਂ -

“ ਮੈਂ ਮਾਂ ਦਾ ਹੱਥ ਫੜ੍ਹ ਕੇ ਸਕੂਲ ਆਈ ਸੀ,
ਉਮੀਦਾਂ ਦੀ ਕਾਪੀ ‘ਚ ਚੁੱਪੀ ਦੀ ਪੈਨਸਿਲ ਨਾਲ।
ਮਾਂ ਨੇ ਕਿਹਾ- ਬੋਲਣਾ ਸਿੱਖੀ , ਲੋਕਾਂ ਨਾਲ ਰਹਿਣਾ ਸਿੱਖੀ,
ਪਰ ਮੈਂ ਅਜੇ ਤਕ ਆਪਣੇ ਆਪ ਨਾਲ ਵੀ ਨਾ ਬੋਲ ਸਕੀ।”

ਮਿਸ.ਨਿਹਾਰਿਕਾ ਦੀਆਂ ਅੱਖਾਂ ਭਿੱਜ ਗਈਆਂ।ਉਹ ਸਮਝ ਗਈ ਕਿ ਸੁਖਪ੍ਰੀਤ ਚੁੱਪ ਨਹੀਂ, ਬੋਲਦੀ ਹੈ - ਲਿਖਤ ਰਾਹੀਂ, ਅਹਿਸਾਸ ਰਾਂਹੀ। ਮਿਸ. ਨਿਹਾਰਿਕਾ ਨੇ ਸੁਖਪ੍ਰੀਤ ਦੀ ਕਵਿਤਾ ਪੜ੍ਹ ਕੇ ਸੁਣਾਈ।ਸਾਰੀ ਕਲਾਸ ਦੇ ਵਿਦਿਆਰਥੀ ਚੌਂਕ ਗਏ। ਸੁਖਪ੍ਰੀਤ ਜੋ ਹਰ ਰੋਜ਼ ਉਹਨਾਂ ਦੇ ਕੋਲ ਹੁੰਦੀ ਸੀ , ਅੱਜ ਉਹਨਾਂ ਦੇ ਦਿਲ ਵਿੱਚ ਆ ਵਸੀ। ਮਿਸ. ਨਿਹਾਰਿਕਾ ਨੇ ਉਸਨੂੰ ਹੌਂਸਲਾ ਦਿੰਦੀਆਂ ਕਿਹਾ,”ਤੂੰ ਚੁੱਪ ਸੀ, ਪਰ ਤੇਰੇ ਅੰਦਰ ਪੂਰੀ ਦੁਨੀਆ ਵੱਸਦੀ ਹੈ । ਹੁਣ ਸਮਾਂ ਆ ਗਿਆ ਹੈ ਕਿ ਤੂੰ ਇਸ ਦੁਨੀਆ ਨੂੰ ਦਿਖਾਵੇ।”

ਮਿਸ.ਨਿਹਾਰਿਕਾ ਨੇ ਸੁਖਪ੍ਰੀਤ ਨੂੰ ਸਕੂਲ ਦੇ ਰਚਨਾਤਮਕ ਲੇਖਨ ਮੁਕਾਬਲੇ ਲਈ ਤਿਆਰ ਕੀਤਾ। ਸ਼ੁਰੂ ਵਿੱਚ ਉਹ ਡਰੀ ਹੋਈ ਸੀ,ਪਰ ਮਿਸ.ਨਿਹਾਰਿਕਾ ਦੀ ਹੌਂਸਲਾਅਫਜ਼ਾਈ ਨੇ ਉਹ ਡਰ ਹੌਂਸਲੇ ਵਿੱਚ ਬਦਲ ਦਿੱਤਾ।

ਮੁਕਾਬਲੇ ਵਾਲੇ ਦਿਨ, ਸੁਖਪ੍ਰੀਤ ਨੇ ਆਪਣੀ ਕਵਿਤਾ “ਚੁੱਪ ਦੀ ਰਾਣੀ” ਜਿਸ ਵਿੱਚ ਉਸਨੇ ਆਪਣੇ ਤਜ਼ਰਬੇ, ਡਰ ਅਤੇ ਹੌਂਸਲੇ ਨੂੰ ਕਲਮ ਰਾਹੀਂ ਬਿਆਨ ਕੀਤਾ। ਕਵਿਤਾ ਦੀਆਂ ਕੁੱਝ ਸਤਰਾਂ-

“ਅੱਖਾਂ ਨੇ ਕਹਾਣੀ ਲਿਖੀ ,
ਲਫ਼ਜ਼ਾਂ ਦੀ ਪਿਆਸੀ ਨਦੀਂ ਵਹੀ।
ਜਿਸਨੂੰ ਕੋਈ ਨਾ ਸਮਝ ਸਕਿਆਂ,
ਉਸਨੂੰ ਇਕ ਅਧਿਆਪਕ ਨੇ ਸਮਝ ਲਿਆ।”

ਜਦੋਂ ਕਵਿਤਾ ਮੁਕੰਮਲ ਹੋਈ , ਹਾਲ ਵਿੱਚ ਤਾਲੀਆਂ ਗੂੰਜਣ ਲੱਗਿਆਂ। ਪਹਿਲੀ ਵਾਰ ਸੁਖਪ੍ਰੀਤ ਦੀਆਂ ਅੱਖਾਂ ਵਿੱਚ ਪਾਣੀ ਨਹੀਂ ਚਮਕ ਸੀ। ਮਿਸ. ਨਿਹਾਰਿਕਾ ਨੇ ਸੁਖਪ੍ਰੀਤ ਤੋਂ ਮਾਈਕ ਫੜ੍ਹਦਿਆਂ ਕਿਹਾ,”ਅਸੀਂ ਅਕਸਰ ਚੁੱਪ ਰਹਿਣ ਵਾਲੇ ਚਿਹਰਿਆਂ ਪਿੱਛੇ ਛੁਪੇ ਅਸਲ ਹੀਰੇ ਨੂੰ ਨਹੀਂ ਵੇਖਦੇ। ਸੁਖਪ੍ਰੀਤ ਸਾਡੀ ਕਲਾਸ ਤੇ ਸਕੂਲ ਦੀ ਰੌਸ਼ਨੀ ਹੈ। ਜਿਸਨੇ ਸਾਨੂੰ ਦੱਸਿਆਂ ਹੈ ਕਿ ਅਸਲ ਤਾਕਤ ਅੰਦਰੋਂ ਆਉਂਦੀ ਹੈ।”

ਸੁਖਪ੍ਰੀਤ ਹੁਣ ਚੁੱਪ ਨਹੀਂ ਰਹੀ, ਲਿਖਣ ਲੱਗੀ ਅਤੇ ਹੋਰਨਾਂ ਲਈ ਪ੍ਰੇਰਨਾ ਬਣੀ।

# ਲੋਕ ਅਫ਼ਵਾਹਾਂ ਤੋਂ ਸੁਚੇਤ ਰਹਿਣ- ਡਿਪਟੀ ਕਮਿਸ਼ਨਰ

## *ਮੀਡੀਆ ਅਤੇ ਆਮ ਜਨਤਾ ਨੂੰ ਉਸਾਰੂ ਭੂਮਿਕਾ ਨਿਭਾਉਣ ਦੀ ਅਪੀਲ - ਬਲੈਕਆਉਟ ਦੀ ਸਥਿਤੀ ਸਮੇਂ ਸਰਕਾਰ ਅਤੇ ਪ੍ਰਸਾਸ਼ਨ ਦੀਆਂ ਹਦਾਇਤਾਂ ਦੀ ਕੀਤੀ ਜਾਵੇ ਪਾਲਣ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਮਾਨਸਾ,10 ਮਈ : (ਆਤਮਾ ਸਿੰਘ ਪਮਾਰ)

ਡਿਪਟੀ ਕਮਿਸ਼ਨਰ ਮਾਨਸਾ ਸ਼੍ਰੀ ਕੁਲਵੰਤ ਸਿੰਘ ਆਈ.ਏ.ਐਸ. ਨੇ ਕਿਹਾ ਕਿ ਜ਼ਿਲ੍ਹਾ ਵਾਸੀ ਕਿਸੇ ਵੀ ਤਰ੍ਹਾਂ ਦੀਆਂ ਅਫ਼ਵਾਹਾਂ ਜਾਂ ਤੱਥਹੀਣ ਗੱਲਾਂ ਤੋਂ ਸੁਚੇਤ ਰਹਿਣ ਅਤੇ ਸ਼ੋਸ਼ਲ ਮੀਡੀਆ ਜਾਂ ਕਿਸੇ ਹੋਰ ਸਾਧਨਾਂ ਰਾਹੀਂ ਪ੍ਰਾਪਤ ਅਫ਼ਵਾਹਾਂ ਤੇ ਵਿਸ਼ਵਾਸ਼ ਨਾ ਕਰਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜੋ ਵੀ ਹਦਾਇਤਾਂ ਹੋਣਗੀਆਂ ਉਸ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਨੂੰ ਸਮੇਂ-ਸਮੇਂ ਤੇ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਥਿਤੀ ਵਿੱਚ ਮੀਡੀਆ ਅਤੇ ਆਮ ਜਨਤਾ ਆਪਣੀ ਉਸਾਰੀ ਭੂਮਿਕਾ ਨਿਭਾਵੇ ਅਤੇ ਕੋਈ ਵੀ ਵੀਡੀਉ ਜਾਂ ਤਸਵੀਰ ਪ੍ਰਸ਼ਾਸ਼ਨ ਜਾਂ ਫੌਜ਼ ਦੀ ਪੁਸ਼ਟੀ ਤੋਂ ਬਿਨ੍ਹਾਂ ਪ੍ਰਕਾਸ਼ਿਤ ਨਾ ਕੀਤੀ ਜਾਵੇ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਅਤੇ ਤੱਥਹੀਣ ਗਲਾਂ, ਖ਼ਬਰਾਂ ਜਾਂ ਤਸਵੀਰਾਂ ਨੂੰ ਅੱਗੇ ਸ਼ੇਅਰ ਕਰਨ ਤੋਂ ਗੁਰੇਜ਼ ਕੀਤਾ ਜਾਵੇ ਕਿਉਂਕਿ ਇਸ ਤਰ੍ਹਾਂ ਕਰਨ ਨਾਲ ਬਿਨ੍ਹਾਂ



ਵਜ੍ਹਾ ਹੀ ਲੋਕਾਂ ਵਿੱਚ ਸਹਿਮ ਦਾ ਮਾਹੌਲ ਪੈਦਾ ਹੋ ਜਾਂਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੇਕਰ ਕੋਈ ਵਿਅਕਤੀ ਅਫ਼ਵਾਹਾਂ ਫੈਲਾਅ ਰਿਹਾ ਹੈ ਤਾਂ ਉਸ ਸਬੰਧੀ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਧਿਆਨ ਵਿੱਚ ਲਿਆਂਦਾ ਜਾਵੇ ਅਤੇ ਜੇਕਰ ਕੋਈ ਵਿਅਕਤੀ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸਰਹੱਦ ਤੇ ਬਣੇ ਵਰਤਮਾਨ ਹਲਾਤਾਂ ਦੇ ਮੱਦੇਨਜਰ ਅਪੀਲ ਕੀਤੀ ਕਿ ਲੋਕ ਬਿਲਕੁੱਲ ਵੀ ਘਬਰਾਉਣ ਨਾ ਬਲਕਿ ਅਜਿਹੇ ਹਾਲਾਤਾਂ ਵਿਚ ਹਰੇਕ ਨਾਗਰਿਕ ਨੂੰ ਸੁਚੇਤ ਅਤੇ ਜਿੰਮੇਵਾਰੀ ਵਾਲੀ ਭੁਮਿਕਾ ਨਿਭਾਉਣੀ ਚਾਹੀਦੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਦ ਕੋਈ ਖਤਰੇ ਦਾ ਸੰਕੇਤ ਮਿਲਦਾ ਹੈ ਤਾਂ ਬਲੈਕਆਉਟ ਕੀਤਾ ਜਾਵੇਗਾ। ਇਸ ਲਈ ਹਰੇਕ ਨਾਗਰਿਕ ਨੂੰ ਇਸ ਸਬੰਧੀ ਕੁਝ ਜਰੂਰੀ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਬਿਨ੍ਹਾਂ ਬਲੈਕਆਉਟ ਤੋਂ ਵੀ ਰਾਤ ਸਮੇਂ ਕੋਈ ਬੇਲੋੜੀ ਲਾਈਟ ਨਾ ਹੀ ਜਗਾਈ ਜਾਵੇ ਤਾਂ ਬਿਹਤਰ ਹੈ।

ਉਨ੍ਹਾਂ ਕਿਹਾ ਕਿ ਸਾਇਰਨ ਦਾ ਮਤਲਬ ਅਸਲ ਖਤਰਾ ਹੈ ਅਤੇ ਰਾਤ ਸਮੇਂ ਬਿਜਲੀ ਜਾਣ ਨੂੰ ਵੀ ਖਤਰੇ ਦਾ ਸੰਕੇਤ ਮੰਨਿਆ ਜਾਵੇ। ਇਸ ਲਈ ਜਦੋਂ ਖਤਰੇ ਦਾ ਸੰਕੇਤ ਮਿਲੇ ਤਾਂ ਤੁਰੰਤ ਸਾਰੀਆਂ ਲਾਈਟਾਂ ਬੰਦ ਕਰੋ। ਇਸ ਵਿੱਚ ਮੁੱਖ ਲਾਈਟਾਂ, ਇਨਵਰਟਰ ਲਾਈਟਾਂ ਅਤੇ ਕਿਸੇ ਵੀ ਕਿਸਮ ਦੀ ਲਾਈਟ ਸ਼ਾਮਲ ਹੈ ਜੋ ਬਾਹਰੋਂ ਦਿਖ ਸਕਦੀ ਹੋਵੇ। ਬਿਜਲੀ ਬੰਦ ਹੋਣ ਤੇ ਇਨਵਰਟਰ ਜਾਂ ਜਨਰੇਟਰ ਨਾਲ ਵੀ ਕੋਈ ਲਾਈਟ ਨਾ ਜਗਾਓ। ਖਿੜਕੀਆਂ ਤੇ ਪਰਦੇ ਲਗਾ ਕੇ ਰੱਖੋ ਅਤੇ ਅੰਦਰ ਤੋਂ ਵੀ ਕੋਈ ਰੌਸ਼ਨੀ ਬਾਹਰ ਨਾ ਆਵੇ। ਆਪਣੇ ਫੋਨ ਪਹਿਲਾਂ ਤੋਂ ਹੀ ਚਾਰਜ ਰੱਖੋ। ਜਦੋਂ ਬਲੈਕ ਆਉਟ ਹੋਵੇ ਜਾਂ ਖਤਰੇ ਦਾ ਸੰਦੇਸ਼ ਹੋਵੇ ਤਾਂ ਤੁਰੰਤ ਨੇੜੇ ਦੀ ਕਿਸੇ ਇਮਾਰਤ ਵਿਚ ਸ਼ਰਨ ਲਵੋ। ਜੇਕਰ ਇਮਾਰਤ ਬਹੁ ਮੰਜਿਲਾ ਹੈ ਤਾਂ ਹੇਠਲੇ ਤਲ ਤੇ ਆ ਜਾਵੋ। ਇਮਾਰਤ ਦੇ ਅੰਦਰ ਵੀ ਕਿਸੇ ਕੋਨੇ ਵਿਚ ਸ਼ਰਨ ਲਵੋ। ਖਿੜਕੀਆਂ ਦੇ ਨੇੜੇ ਨਾ ਜਾਓ। ਜੇਕਰ ਨੇੜੇ ਇਮਾਰਤ ਨਾ ਹੋਵੇ ਤਾਂ ਕਿਸੇ ਦਰਖਤ ਹੇਠ ਸ਼ਰਨ ਲਵੋ। ਜੇਕਰ ਦਰਖ਼ਤ ਨਾ ਹੋਵੇ ਤਾਂ ਛਾਤੀ ਭਾਰ ਲੇਟ ਕੇ ਜਮੀਨ ਤੇ ਕੁਹਣੀਆਂ ਲਗਾਉਂਦੇ ਹੋਏ ਆਪਣੇ ਹੱਥਾਂ ਦੀਆਂ ਉਂਗਲਾਂ ਨਾਲ ਕੰਨ ਬੰਦ ਕਰ ਲਵੋ। ਜੇਕਰ ਵਾਹਨ ਚਲਾ ਰਹੇ ਹੋ ਤਾਂ ਵਾਹਨ ਨੂੰ ਸਾਇਡ ਤੇ ਰੋਕ ਕੇ ਵਾਹਨ ਦੇ ਥੱਲੇ ਆ ਜਾਓ ਤੇ ਉਸਦੀਆਂ ਲਾਈਟਾਂ ਬੰਦ ਕਰ ਦਿਓ। ਨੇੜੇ ਦੀ ਇਮਾਰਤ ਵਿਚ ਜਾਂ ਦਰਖਤ ਹੇਠ ਜਾਂ ਉਪਰੋਕਤ ਦੱਸੇ ਅਨੁਸਾਰ ਖੁੱਲੇ ਵਿਚ ਲੇਟ ਜਾਓ। ਜਦੋਂ ਤੱਕ ਖਤਰੇ ਦਾ ਅਲਰਟ ਟਲੇ ਨਾ ਇਮਾਰਤ ਤੋਂ ਬਾਹਰ ਨਾ ਆਵੋ।

ਜੇਕਰ ਡਰੋਨ ਜਾਂ ਕੋਈ ਉਡਦੀ ਚੀਜ ਵੇਖੋ ਤਾਂ ਤੁਰੰਤ ਕੰਟਰੋਲ ਰੂਮ ਜਾਂ ਅਧਿਕਾਰੀ ਨੂੰ ਇਤਲਾਹ ਦਿਓ ਪਰ ਇਸ ਤਰਾਂ ਦੀ ਚੀਜ ਵੀ ਫੋਟੋਗ੍ਰਾਫੀ ਵੀਡੀਓਗ੍ਰਾਫੀ ਨਾ ਕਰੋ ਕਿਉਂਕਿ ਅਜਿਹਾ ਕਰਦੇ ਸਮੇਂ ਤੁਹਾਡੇ ਮੋਬਾਇਲ ਦੀ ਸਕਰੀਨ ਦੀ ਰੌਸ਼ਨੀ ਤੁਹਾਨੂੰ ਖਤਰੇ ਵਿਚ ਪਾ ਸਕਦੀ ਹੈ। ਬਲੈਕ ਆਉਟ ਸਮੇਂ ਘਰਾਂ ਤੋਂ ਬਾਹਰ ਨਾ ਨਿਕਲੋ ਅਤੇ ਨਾ ਹੀ ਛੱਤਾਂ ਤੇ ਜਾਓ। ਉਨ੍ਹਾਂ ਨੇ ਇਹ ਵੀ ਅਪੀਲ ਕੀਤੀ ਕਿ ਸੋਲਰ ਮੋਟਰਾਂ ਆਦਿ ਤੇ ਖੇਤਾਂ ਵਿਚ ਲੱਗੀਆਂ ਲਾਈਟਾਂ ਵੀ ਰਾਤ ਸਮੇਂ ਬੰਦ ਰੱਖੀਆਂ ਜਾਣ।

ਉਨ੍ਹਾਂ ਨਾਲ ਹੀ ਕਿਹਾ ਕਿ ਕੁੱਝ ਗੱਲਾਂ ਜੋ ਤੁਸੀਂ ਬਿਲਕੁੱਲ ਨਹੀਂ ਕਰਨੀਆਂ ਉਹ ਵੀ ਆਪਣੇ ਧਿਆਨ ਵਿੱਚ ਰੱਖਣੀਆਂ ਹਨ ਜਿਵੇਂ ਕੋਈ ਵੀ ਲਾਈਟ ਨਾ ਚਾਲੂ ਕਰੋ, ਛੋਟੀ ਤੋਂ ਛੋਟੀ ਰੋਸ਼ਨੀ ਜਾਂ ਸਕਰੀਨ ਦੀ ਚਮਕ ਵੀ ਲੁਕਾ ਦਿਓ। ਸਾਇਰਨ ਦੇ ਬਾਅਦ ਕੋਈ ਵੀ ਗੱਡੀ ਜਾਂ ਪੈਦਲ ਹਲਚਲ ਨਾ ਹੋਵੇ। ਜਿੱਥੇ ਹੋ, ਉਥੇ ਹੀ ਰੁੱਕ ਜਾਓ। ਕਿਸੇ ਵੀ ਝਰੋਖੇ ਜਾਂ ਦਰਵਾਜ਼ੇ ਨੂੰ ਨਾ ਖੋਲ੍ਹੋ। ਬਾਹਰ ਰੋਸ਼ਨੀ ਜਾਣਾ ਸਖ਼ਤ ਮਨਾਹੀ ਹੈ। ਇਸ ਨੂੰ ਮੌਕਾ ਅਭਿਆਸ ਸਮਝਣ ਦੀ ਭੁੱਲ ਨਾ ਕਰੋ ਹੁਣ ਹਰ ਸਾਇਰਨ ਅਸਲ ਖਤਰੇ ਦੀ ਨਿਸ਼ਾਨੀ ਹੈ। ਅਫਵਾਹਾਂ ਨਾ ਫੈਲਾਓ ਅਤੇ ਨਾ ਵਿਸ਼ਵਾਸ ਕਰੋ। ਕੇਵਲ ਸਰਕਾਰੀ ਹਦਾਇਤਾਂ ਉੱਤੇ ਭਰੋਸਾ ਕਰੋ ਅਤੇ ਉਨ੍ਹਾਂ ਦੀ ਪਾਲਣ ਕਰੋ।

# ਦਵਾਈਆਂ ਦੀ ਕਾਲਾਬਾਜ਼ਾਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ: ਪੀਸੀਏ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਸੰਗਰੂਰ,9 ਮਈ (ਜਗਸੀਰ ਲੌਂਗੋਵਾਲ)- ਪਾਕਿਸਤਾਨ ਨਾਲ ਲਗਾਤਾਰ ਵਧ ਰਹੇ ਤਣਾਅ ਦੇ ਮੱਦੇਨਜ਼ਰ, ਪੰਜਾਬ ਕੈਮਿਸਟ ਐਸੋਸੀਏਸ਼ਨ (ਪੀਸੀਏ) ਨੇ ਸਾਰੇ ਕੈਮਿਸਟਾਂ ਲਈ ਵਿਸ਼ੇਸ਼ ਸਲਾਹ ਅਤੇ ਨਿਰਦੇਸ਼ ਜਾਰੀ ਕੀਤੇ ਹਨ। ਸੰਗਠਨ ਦੇ ਸੂਬਾ ਪ੍ਰਧਾਨ ਸੁਰਿੰਦਰ ਦੁੱਗਲ, ਜਨਰਲ ਸਕੱਤਰ ਜੀ.ਐਸ. ਚਾਵਲਾ, ਕੈਸ਼ੀਅਰ ਅਮਰਦੀਪ ਸਿੰਘ ਅਤੇ ਜ਼ਿਲਾ ਪ੍ਰਧਾਨ ਨਰੇਸ਼ ਜਿੰਦਲ ਨੇ ਕਿਹਾ ਕਿ ਲਗਾਤਾਰ ਖ਼ਬਰਾਂ ਆ ਰਹੀਆਂ ਹਨ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਟਕਰਾਅ ਵਧ ਗਿਆ ਹੈ। ਇਸ ਚੁਣੌਤੀਪੂਰਨ ਸਥਿਤੀ ਵਿੱਚ, ਦੇਸ਼ ਅਤੇ ਮਰੀਜ਼ਾਂ ਪ੍ਰਤੀ ਕੈਮਿਸਟਾਂ ਦੀ ਜ਼ਿੰਮੇਵਾਰੀ ਪਹਿਲਾਂ ਨਾਲੋਂ ਕਿਤੇ ਵੱਧ ਗਈ ਹੈ। ਕਿਉਂਕਿ ਪੰਜਾਬ ਇੱਕ ਸਰਹੱਦੀ ਸੂਬਾ ਹੈ, ਇਸ ਲਈ ਇੱਥੇ ਜੋਖਮ ਜ਼ਿਆਦਾ ਹੈ। ਇਸ ਲਈ, ਪੰਜਾਬ ਵਿੱਚ ਕੈਮਿਸਟਾਂ ਦੀ ਭੂਮਿਕਾ ਦੇਸ਼ ਅਤੇ ਮਰੀਜ਼ਾਂ ਪ੍ਰਤੀ ਵਧੇਰੇ ਸੰਵੇਦਨਸ਼ੀਲ ਹੋ ਗਈ ਹੈ। ਹਰ ਜਗ੍ਹਾ ਬਲੈਕਆਊਟ ਦਾ ਐਲਾਨ ਕਰ ਦਿੱਤਾ ਗਿਆ ਹੈ। ਦਵਾਈਆ ਦਾ ਵਪਾਰ ਜ਼ਰੂਰੀ ਖੇਤਰ ਦੇ ਅੰਦਰ ਆਉਂਦਾ ਹੈ। ਮੈਂ ਸਾਰਿਆਂ ਨੂੰ ਹੱਥ ਜੋੜ ਕੇ ਬੇਨਤੀ ਕਰਦਾ ਹਾਂ ਕਿ ਇਸ ਯੁੱਧ ਦੇ ਸਮੇਂ ਦੌਰਾਨ ਕਿਸੇ ਵੀ ਦਵਾਈ ਦੀ ਕਾਲਾਬਾਜ਼ਾਰੀ ਨਾ ਕੀਤੀ ਜਾਵੇ। ਜੇਕਰ ਕੋਈ ਕਾਲਾਬਾਜ਼ਾਰੀ ਕਰਦਾ ਫੜਿਆ ਜਾਂਦਾ ਹੈ, ਤਾਂ ਸਰਕਾਰ ਉਸ ਵਿਰੁੱਧ ਜ਼ਰੂਰ ਕਾਰਵਾਈ ਕਰੇਗੀ, ਪਰ ਪੰਜਾਬ ਕੈਮਿਸਟ ਐਸੋਸੀਏਸ਼ਨ ਵੀ ਆਪਣੇ ਪੱਧਰ ‘ਤੇ ਉਸਨੂੰ ਨਹੀਂ ਬਖਸ਼ੇਗੀ। ਦੂਜਾ, ਜਿਸ ਤਰ੍ਹਾਂ ਕੋਵਿਡ ਦੇ ਸਮੇਂ ਦੌਰਾਨ ਦਵਾਈ ਵੇਚਣ ਵਾਲਿਆਂ ਨੇ ਲੋਕਾਂ ਦੀ ਸੇਵਾ ਕੀਤੀ ਸੀ, ਹੁਣ ਫਿਰ ਤੋਂ ਲੋਕਾਂ ਦੀ ਸੇਵਾ ਕਰਨ ਦਾ ਚੁਣੌਤੀਪੂਰਨ ਸਮਾਂ ਆ ਗਿਆ ਹੈ। ਇਹ ਬਹੁਤ ਜ਼ਰੂਰੀ ਹੈ ਕਿ ਸਾਰੇ ਕੈਮਿਸਟਾਂ ਕੋਲ ਜੰਗ ਦੇ ਸਮੇਂ ਵਰਤਣ ਲਈ ਐਮਰਜੈਂਸੀ ਦਵਾਈਆਂ ਦਾ ਪੂਰਾ ਸਟਾਕ ਹੋਵੇ। ਸਾਰੇ ਥੋਕ ਵਿਕਰੇਤਾਵਾਂ ਅਤੇ ਪ੍ਰਚੂਨ ਵਿਕਰੇਤਾਵਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਸ ਸਮੇਂ ਐਂਟੀਬਾਇਓਟਿਕਸ, ਸਰਜੀਕਲ ਵਸਤੂਆਂ, ਤਰਲ ਪਦਾਰਥਾਂ ਦਾ ਸਟਾਕ ਕਰਨ। ਤਰਲ ਪਦਾਰਥਾਂ ਅਤੇ ਐਂਟੀਸੈਪਟਿਕ ਮਲਮਾਂ ਦਾ ਪੂਰਾ ਸਟਾਕ ਰੱਖਿਆ ਜਾਣਾ ਚਾਹੀਦਾ ਹੈ ਤਾਂ ਜੋ ਜਦੋਂ ਵੀ ਲੋੜ ਹੋਵੇ, ਇਨ੍ਹਾਂ ਦਾ ਪੂਰਾ ਸਟਾਕ ਉਪਲਬਧ ਹੋਵੇ। ਪ੍ਰਤੀਨਿਧੀਆਂ ਨੇ ਕਿਹਾ ਕਿ ਯੁੱਧ ਦੇ ਇਸ ਸਮੇਂ ਵਿੱਚ, ਸਾਨੂੰ ਆਪਣੇ ਫਾਇਦੇ ਬਾਰੇ ਨਹੀਂ ਸੋਚਣਾ ਚਾਹੀਦਾ, ਸਗੋਂ ਦੁਖੀ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ। ਪੰਜਾਬ ਕੈਮਿਸਟ ਐਸੋਸੀਏਸ਼ਨ ਆਪਣੇ ਸਾਰੇ ਮੈਂਬਰਾਂ ਨੂੰ ਭਰੋਸਾ ਦਿਵਾਉਂਦੀ ਹੈ ਕਿ ਜੇਕਰ ਕੋਈ ਕੰਪਨੀ ਕੋਈ ਉਤਪਾਦ ਪ੍ਰਦਾਨ ਨਹੀਂ ਕਰ ਰਹੀ ਹੈ ਜਾਂ ਕੋਈ ਪੱਖਪਾਤ ਦਿਖਾ ਰਹੀ ਹੈ, ਤਾਂ ਕਿਰਪਾ ਕਰਕੇ ਸੂਚਿਤ ਕਰੋ ਤਾਂ ਜੋ ਸਾਰੇ ਉਤਪਾਦ ਆਸਾਨੀ ਨਾਲ ਉਪਲਬਧ ਕਰਵਾ ਸਕਣ। ਸਾਨੂੰ ਆਪਣੇ ਆਪ ਨੂੰ ਸੁਰੱਖਿਅਤ ਰੱਖਦੇ ਹੋਏ ਆਪਣੇ ਲੋਕਾਂ ਦੀ ਸੇਵਾ ਕਰਨੀ ਪਵੇਗੀ। ਲੋਕਾਂ ਦੀ ਸੇਵਾ ਲਈ 24 ਘੰਟੇ ਮੌਜੂਦ ਰਹਿਣਗੇ। ਜੇਕਰ ਕਿਸੇ ਵੀ ਕੈਮਿਸਟ ਨੂੰ ਕਿਸੇ ਵੀ ਪੱਧਰ ‘ਤੇ ਕੋਈ ਸਮੱਸਿਆ ਆਉਂਦੀ ਹੈ ਤਾਂ ਤੁਰੰਤ ਐਸੋਸੀਏਸ਼ਨ ਦੇ ਅਧਿਕਾਰੀਆਂ ਨਾਲ ਸੰਪਰਕ ਕਰੋ।

# ਰੋਟਰੀ ਕਲੱਬ ਨਾਭਾ ਦੀ ਟੀਮ ਨੇ ਗੁਰੂਗ੍ਰਾਮ ਵਿੱਚ ਸਿਖਲਾਈ ਕੈਂਪ ਵਿੱਚ ਲਿਆ ਹਿੱਸਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਨਾਭਾ 10 ਮਈ ਬਾਂਗਾਂ/ ਬੇਅੰਤ ਸਿੰਘ ਰੋਹਟੀ ਖਾਸ)

ਆਉਣ ਵਾਲੇ ਸਾਲ 2025-26 ਦੀ ਤਿਆਰੀ ਲਈ, ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3090 ਲਈ ਇੱਕ ਵਿਸ਼ੇਸ਼ ਸਿਖਲਾਈ ਕੈਂਪ ਹੋਟਲ ਲੇ ਮੈਰੀਡੀਅਨ, ਗੁਰੂਗ੍ਰਾਮ (ਹਰਿਆਣਾ) ਵਿਖੇ ਆਯੋਜਿਤ ਕੀਤਾ ਗਿਆ।

ਇਹ ਕੈਂਪ ਰੋਟਰੀ ਜ਼ਿਲ੍ਹਾ ਗਵਰਨਰ (2025.26) ਭੁਪੇਸ਼ ਮਹਿਤਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ। ਰੋਟਰੀ ਕਲੱਬ ਨਾਭਾ ਦੀ ਟੀਮ ਨੇ ਵੀ ਇਸ ਮਹੱਤਵਪੂਰਨ ਸਿਖਲਾਈ ਕੈਂਪ ਵਿੱਚ ਹਿੱਸਾ ਲਿਆ ਅਤੇ ਜ਼ਿਲ੍ਹੇ ਦੀ ਨੁਮਾਇੰਦਗੀ ਕੀਤੀ।

ਕੈਂਪ ਦਾ ਉਦੇਸ਼ ਜ਼ਿਲ੍ਹਾ 3090 ਦੇ ਅਧੀਨ ਆਉਂਦੇ ਸਾਰੇ ਕਲੱਬਾਂ ਦੇ ਪ੍ਰਧਾਨਾਂ ਅਤੇ ਸਕੱਤਰਾਂ ਨੂੰ ਰੋਟਰੀ ਇੰਟਰਨੈਸ਼ਨਲ ਦੀਆਂ ਭਵਿੱਖ ਦੀਆਂ ਯੋਜਨਾਵਾਂ, ਸੇਵਾ ਪ੍ਰੋਜੈਕਟਾਂ ਅਤੇ ਸੰਚਾਲਨ ਪ੍ਰਕਿਰਿਆ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।



-ਫੋਟੋ: ਰੋਟਰੀ ਕਲੱਬ ਨਾਭਾ ਦੀ ਟੀਮ ਰਵਨੀਸ਼ ਗੋਇਲ, ਜੀਵਨ ਪ੍ਰਕਾਸ਼ ਬਾਂਸਲ, ਐਡਵੋਕੇਟ ਨਿਤਿਨ ਜੈਨ, ਰੋਹਿਤ ਜਿੰਦਲ, ਗਵਰਨਰ 3090 ਭੁਪੇਸ਼ ਮਹਿਤਾ ਅਤੇ ਗੁਰੂਗ੍ਰਾਮ ਕੈਂਪ ਵਿੱਚ ਭਾਗ ਲੈਂਦੇ ਹੋਏ ਹੋਰ ਮੈਂਬਰ।

ਇਸ ਵਿੱਚ ਰੋਟਰੀ ਇੰਟਰਨੈਸ਼ਨਲ ਦੇ ਸੀਨੀਅਰ ਪਦਾਧਿਕਾਰੀਆਂ ਨੇ ਨਿੱਜੀ ਤੌਰ 'ਤੇ ਸ਼ਿਰਕਤ ਕੀਤੀ ਅਤੇ ਵੱਖ-ਵੱਖ ਵਿਸ਼ਿਆਂ 'ਤੇ ਮਾਰਗਦਰਸ਼ਨ ਪ੍ਰਦਾਨ ਕੀਤਾ ਅਤੇ ਇਹ ਯਕੀਨੀ ਬਣਾਇਆ ਕਿ ਸਾਰੇ ਕਲੱਬ ਆਉਣ ਵਾਲੇ ਸਾਲ ਵਿੱਚ ਸਮਾਜ ਸੇਵਾ ਲਈ ਸਸ਼ਕਤ ਅਤੇ ਤਿਆਰ ਰਹਿਣ।

ਇਸ ਕੈਂਪ ਦੀ ਸ਼ਾਨ ਨੂੰ ਹੋਰ ਵਧਾਉਣ ਲਈ, ਹਰਿਆਣਾ ਸਰਕਾਰ ਦੀ ਕੈਬਨਿਟ ਰੋਟਰੀ ਕਲੱਬ ਨਾਭਾ ਦੀ ਟੀਮ ਜਿਸ ਵਿੱਚ ਆਉਣ ਵਾਲੇ ਪ੍ਰਧਾਨ ਰਵਨੀਸ਼ ਗੋਇਲ ਅਤੇ ਆਉਣ ਵਾਲੇ ਸਕੱਤਰ ਐਡਵੋਕੇਟ ਰੋਹਿਤ ਜਿੰਦਲ, ਜੀਵਨ ਪ੍ਰਕਾਸ਼ ਬਾਂਸਲ ਸਾਬਕਾ ਸਹਾਇਕ ਗਵਰਨਰ, ਐਡਵੋਕੇਟ ਭਾਰਤ ਭੂਸ਼ਣ ਜੈਨ, ਨਿਤਿਨ ਜੈਨ ਸਾਬਕਾ ਪ੍ਰਧਾਨ ਅਤੇ ਗੁਰੂਗ੍ਰਾਮ ਕੈਂਪ ਵਿੱਚ ਹਿੱਸਾ ਲੈਣ ਵਾਲੇ ਹੋਰ ਮੈਂਬਰ ਗੁਰੁ ਗ੍ਰਾਮ ਵਿੱਚ ਭਾਗ ਲੈਂਦੇ ਹੋਏ ਨਾਲ ਸਿੰਧਵਾਨੀ ਮੰਤਰੀ ਰਾਓ ਨਰਵੀਰ ਸਿੰਘ ਅਤੇ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਮੁੱਖ ਮਹਿਮਾਨ ਵਜੋਂ ਮੌਜੂਦ ਸਨ।ਦੋਨਾਂ ਨੇਤਾਵਾਂ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣਾਂ ਵਿੱਚ, ਦੋਵਾਂ ਆਗੂਆਂ ਨੇ ਸਮਾਜ ਸੇਵਾ ਦੇ ਖੇਤਰ ਵਿੱਚ ਰੋਟਰੀ ਕਲੱਬ ਦੀ ਭੂਮਿਕਾ ਦੀ ਸ਼ਲਾਘਾ ਕੀਤੀ ਅਤੇ ਵਾਤਾਵਰਣ ਸੁਰੱਖਿਆ, ਖਾਸ ਕਰਕੇ ਭਾਰਤ ਨੂੰ ਪੋਲੀਥੀਨ ਮੁਕਤ ਬਣਾਉਣ ਦੀ ਮੁਹਿੰਮ ਵਿੱਚ ਕਲੱਬਾਂ ਦੀ ਭਾਗੀਦਾਰੀ ਦਾ ਸੱਦਾ ਦਿੱਤਾ। ਕੈਂਪ ਦੇ ਅੰਤ ਵਿੱਚ, ਮੁੱਖ ਮਹਿਮਾਨ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ 110 ਸਿਖਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।

ਇਸ ਤੋਂ ਇਲਾਵਾ, ਰੋਟਰੀ ਇੰਟਰਨੈਸ਼ਨਲ ਦੇ ਗਲੋਬਲ ਪ੍ਰੋਜੈਕਟਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ ਤਾਂ ਜੋ ਸਥਾਨਕ ਕਲੱਬਾਂ ਨੂੰ ਅੰਤਰਰਾਸ਼ਟਰੀ ਪੱਧਰ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਰਕੇ ਸਮਾਜਿਕ ਪ੍ਰਭਾਵ ਨੂੰ ਵਿਸ਼ਾਲ ਕੀਤਾ ਜਾ ਸਕੇ। ਕੈਂਪ ਵਿੱਚ ਸਾਰੇ ਡੈਲੀਗੇਟਾਂ ਨੇ ਸਰਬਸੰਮਤੀ ਨਾਲ ਸਹਿਮਤੀ ਪ੍ਰਗਟ ਕੀਤੀ ਕਿ ਅਜਿਹੇ ਸਮਾਗਮ ਸਮਾਜ ਸੇਵਾ ਦੀ ਭਾਵਨਾ ਨੂੰ ਇੱਕ ਨਵਾਂ ਆਯਾਮ ਦਿੰਦੇ ਹਨ ਅਤੇ ਕਲੱਬ ਦੇ ਮੈਂਬਰਾਂ ਨੂੰ ਯੋਜਨਾਬੱਧ ਅਤੇ ਅਨੁਸ਼ਾਸਿਤ ਢੰਗ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ।

ਰੋਟਰੀ ਕਲੱਬ ਨਾਭਾ ਨੇ ਇਹ ਵੀ ਦੱਸਿਆ ਕਿ ਭਵਿੱਖ ਵਿੱਚ ਉਹ ਜ਼ਿਲ੍ਹੇ ਦੇ ਪੇਂਡੂ ਖੇਤਰਾਂ ਵਿੱਚ ਸਿੱਖਿਆ, ਸਫ਼ਾਈ, ਵਾਤਾਵਰਣ ਅਤੇ ਸਿਹਤ ਨਾਲ ਸਬੰਧਤ ਵੱਖ-ਵੱਖ ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ ਕੰਮ ਕਰਨਗੇ।

# ਦੇਸ਼ ਦੇ ਹਿੱਤ ਵਿੱਚ ਜਿੱਥੇ ਵੀ ਮੇਰੀ ਲੋੜ ਹੋਵੇਗੀ, ਮੈਂ ਹਮੇਸ਼ਾ ਦੇਸ਼ ਦੇ ਨਾਲ ਖੜ੍ਹਾ ਰਹਾਂਗਾ - ਰਾਜ ਕੁਮਾਰ ਨੌਕਵਾਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਨਾਭਾ 10 ਮਈ ਬੰਗਾਂ/ ਬੇਅੰਤ ਸਿੰਘ ਰੋਹਟੀ ਖਾਸ) ਭਾਰਤ ਅਤੇ ਪਾਕਿਸਤਾਨ ਵਿਚਕਾਰ ਚੱਲ ਰਹੀ ਜੰਗ ਵਿੱਚ, ਜੇਕਰ ਦੇਸ਼ ਦੇ ਹਿੱਤ ਵਿੱਚ ਮੇਰੀ ਲੋੜ ਪਈ, ਤਾਂ ਮੈਂ ਭਾਰਤ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੋਵਾਂਗਾ ਅਤੇ ਭਾਵੇਂ ਮੈਨੂੰ ਇਸ ਲਈ ਆਪਣੀ ਜਾਨ ਦੀ ਬਾਜੀ ਕਿਉ ਨਾ ਲਗਾਉਣੀ ਪਵੇ, ਮੈਂ ਤਿਆਰ ਹਾਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਓਬੀਸੀ ਭਾਜਪਾ ਮੰਡਲ ਨਾਭਾ ਦੇ ਸਾਬਕਾ ਪ੍ਰਧਾਨ ਰਾਜ ਕੁਮਾਰ ਨੌਕਵਾਲ ਨੇ ਕੀਤਾ। ਰਾਜ ਕੁਮਾਰ ਨੇ ਕਿਹਾ ਕਿ ਮੇਰਾ ਬਲੱਡ ਗਰੁੱਪ ਬੀ ਨੈਗੇਟਿਵ ਹੈ ਅਤੇ ਜਿੱਥੇ ਵੀ ਫੌਜ ਦੀ ਕੋਈ ਲੋੜ ਹੋਵੇਗੀ, ਮੈਂ ਤਿਆਰ ਹਾਂ। ਰਾਜ ਕੁਮਾਰ ਨੇ ਕਿਹਾ ਕਿ ਮਿਸ਼ਨ ਸਿੰਧੂਰ ਦੀ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਭਾਈ ਮੋਦੀ ਨੇ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਜਿਹਾ ਕਰਕੇ ਮੋਦੀ ਨੇ ਦੇਸ਼ ਪ੍ਰਤੀ ਆਪਣੀ ਵਫ਼ਾਦਾਰੀ ਦਿਖਾਈ ਹੈ। ਰਾਜ ਕੁਮਾਰ ਨੇ ਕਿਹਾ ਕਿ ਪੂਰੇ ਭਾਰਤ ਨੂੰ ਕਿਸੇ ਵੀ ਤਰ੍ਹਾਂ ਡਰਨ ਦੀ ਲੋੜ ਨਹੀਂ ਹੈ, ਅੱਜ ਦੇਸ਼ ਦਾ ਹਰ ਬੱਚਾ, ਹਰ ਨਾਗਰਿਕ ਇਸ ਮਿਸ਼ਨ ਵਿੱਚ ਭਾਰਤ ਦੇ ਨਾਲ ਹੈ। ਜੇਕਰ ਲੋੜ ਪਈ ਤਾਂ ਅੱਜ ਦੇਸ਼ ਦਾ ਹਰ ਨਾਗਰਿਕ ਪਾਕਿਸਤਾਨ ਵਿਰੁੱਧ ਅੱਗੇ ਆਉਣ ਅਤੇ ਉਨ੍ਹਾਂ ਨੂੰ ਸਬਕ ਸਿਖਾਉਣ ਲਈ ਉਤਸੁਕ ਹੈ।



ਤਸਵੀਰ ਰਾਜ ਕੁਮਾਰ ਨੋਕਾਵਲ ਗੱਲਬਾਤ ਦੌਰਾਨ

# ਅਸਮਾਨ ਵਿੱਚੋਂ ਕਿਸੇ ਵੀ ਕਿਸਮ ਦਾ ਮਲਬਾ ਜਾਂ ਕਿਸੇ ਚੀਜ਼ ਦੇ ਟੁਕੜੇ ਡਿੱਗਣ 'ਤੇ ਉਹਨਾਂ ਦੇ ਨੇੜੇ ਨਾ ਜਾਇਆ ਜਾਵੇ: ਵਧੀਕ ਜ਼ਿਲ੍ਹਾ ਮੈਜਿਸਟਰੇਟ

## ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਰੂਮ ਵਿਖੇ ਫੌਰੀ ਤੌਰ ਉੱਤੇ ਦਿੱਤੀ ਜਾਵੇ ਸੂਚਨਾ, ਜ਼ਿਲ੍ਹਾ ਸੰਗਰੂਰ “ਨੋ ਫਲਾਈ ਜ਼ੋਨ” ਘੋਸ਼ਿਤ, ਸੁਰੱਖਿਆ ਅਤੇ ਅਰਧ ਸੁਰੱਖਿਆ ਬਲਾਂ ਤੇ ਲਾਗੂ ਨਹੀਂ ਹੋਣਗੇ ਹੁਕਮ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਸੰਗਰੂਰ, 10 ਮਈ, 2025: ਐਡੀਸ਼ਨਲ ਜ਼ਿਲ੍ਹਾ ਮੈਜਿਸਟਰੇਟ ਕਮ ਐਡੀਸ਼ਨਲ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਬੈਂਬੀ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਥਾਂ ਅਸਮਾਨ ਵਿੱਚੋਂ ਕਿਸੇ ਵੀ ਕਿਸਮ ਦਾ ਮਲਬਾ ਜਾਂ ਕਿਸੇ ਚੀਜ਼ ਦੇ ਟੁਕੜੇ ਡਿਗਦੇ ਹਨ ਤਾਂ ਉਹਨਾਂ ਦੇ ਨੇੜੇ ਨਾ ਜਾਇਆ ਜਾਵੇ ਤੇ ਇਸ ਸਬੰਧੀ ਸੂਚਨਾ ਫੌਰੀ ਤੌਰ ਉੱਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਰੂਮ ਵਿਖੇ ਦਿੱਤੀ ਜਾਵੇ।

ਸੰਗਰੂਰ ਜਿਲ੍ਹੇ ਵਿੱਚ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਨੂੰ ਰੋਕਣ ਲਈ ਆਮ ਪਬਲਿਕ ਵੱਲੋਂ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਪ੍ਰਸ਼ਾਸਨ ਕੋਲੋਂ ਲੈਣ ਜਾਂ ਦੇਣ ਲਈ ਅਤੇ ਜ਼ਿਲ੍ਹਾ ਸੰਗਰੂਰ ਦੇ ਨਿਵਾਸੀਆਂ ਦੀ ਸਹੂਲਤ ਲਈ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵਿਖੇ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ, ਜਿਸ ਦਾ ਨੰਬਰ 01672-234128 ਹੈ। ਇਹ 24x7 ਚੱਲੇਗਾ।

ਇਸ ਸਬੰਧੀ ਸੀਨੀਅਰ ਕਪਤਾਨ ਪੁਲਿਸ, ਸੰਗਰੂਰ ਦੇ ਦਫਤਰ ਵਿਖੇ ਵੀ ਇੱਕ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ ਜਿਸ ਦੇ ਨੰਬਰ 80545-45100 ਅਤੇ 80545-45200 ਹਨ।

ਇਸ ਤੋਂ ਇਲਾਵਾ ਪੂਰੇ ਸੰਗਰੂਰ ਜਿਲ੍ਹੇ ਅੰਦਰ “ਨੋ ਫਲਾਈ ਜ਼ੋਨ” ਘੋਸ਼ਿਤ ਕੀਤਾ ਹੈ। ਇਹ ਹੁਕਮ ਸੁਰੱਖਿਆ ਅਤੇ ਅਰਧ ਸੁਰੱਖਿਆ ਬਲਾਂ ਤੇ ਲਾਗੂ ਨਹੀਂ ਹੋਣਗੇ। ਇਸ ਦੇ ਮੱਦੇਨਜ਼ਰ ਕੋਈ ਵੀ ਵਿਅਕਤੀ ਜ਼ਿਲ੍ਹੇ ਵਿੱਚ ਡਰੋਨ ਨਹੀਂ ਉਡਾਏਗਾ।

ਵਧੀਕ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਬਿਨਾਂ ਵਜ੍ਹਾ ਘਰਾਂ ਤੋਂ ਬਾਹਰ ਨਾ ਨਿਕਲਣ ਦੀ ਵੀ ਅਪੀਲ ਕੀਤੀ

# *ਸ਼ੁੱਕਰਵਾਰ ਡੇਂਗੂ 'ਤੇ ਵਾਰ” ਮੁਹਿੰਮ ਜਾਗਰੂਕਤਾ ਵਧਾਉਣ ਅਤੇ ਡੇਂਗੂ ਦਾ ਪ੍ਰਸਾਰ ਰੋਕਣ ਵਿਚ ਵੀ ਵਧੇਰੇ ਮਦਦਗਾਰ: ਡਾਕਟਰ ਜੰਗਜੀਤ ਸਿੰਘ* (ਜਾਂ)

## *ਕੀਰਤਪੁਰ ਸਾਹਿਬ 'ਚ “ਹਰ ਸ਼ੁਕਰਵਾਰ ਡੇਂਗੂ 'ਤੇ ਵਾਰ” ਮੁਹਿੰਮ ਜ਼ੋਰਾਂ 'ਤੇ, ਲੋਕਾਂ ਨੂੰ ਕੀਤਾ ਜਾ ਰਿਹਾ ਹੈ ਜਾਗਰੂਕ*

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਕੀਰਤਪੁਰ ਸਾਹਿਬ (10 ਮਈ, 2025) : ਸਿਹਤ ਵਿਭਾਗ ਦੀ ਟੀਮ ਵੱਲੋਂ “ਹਰ ਸ਼ੁਕਰਵਾਰ ਡੇਂਗੂ 'ਤੇ ਵਾਰ” ਮੁਹਿੰਮ ਤਹਿਤ ਕੀਰਤਪੁਰ ਸਾਹਿਬ ਅਤੇ ਇਸਦੇ ਨੇੜ੍ਹਲੇ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਬਾਰੇ ਜਾਗਰੂਕ ਕੀਤਾ ਗਿਆ। ਇਸ ਦੌਰਾਨ ਟੀਮ ਨੇ ਘਰਾਂ, ਗਲੀ-ਮੁਹੱਲਿਆਂ ਅਤੇ ਇਮਾਰਤਾਂ 'ਚ ਲੱਗੇ ਕੂਲਰਾਂ, ਗਮਲਿਆਂ ਅਤੇ ਪੰਛੀਆਂ ਲਈ ਰੱਖੇ ਕਸੋਰਿਆਂ ਤੋਂ ਇਲਾਵਾ ਕਬਾੜ ਵਿਚ ਪਏ ਸਮਾਨ ਦਾ ਮੁਆਇਨਾ ਕੀਤਾ ਅਤੇ ਲੋਕਾਂ ਨੂੰ ਡੇਂਗੂ ਦੀ ਰੋਕਥਾਮ ਲਈ ਹਰ ਸ਼ੁਕਰਵਾਰ “ਡ੍ਰਾਈ ਡੇਅ” ਮਨਾਉਣ ਲਈ ਪ੍ਰੇਰਿਤ ਕੀਤਾ।



ਸੀਨੀਅਰ ਮੈਡੀਕਲ ਅਫ਼ਸਰ ਡਾ. ਜੰਗਜੀਤ ਸਿੰਘ ਨੇ ਦੱਸਿਆ ਕਿ “ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ” ਮੁਹਿੰਮ ਨਾ ਕੇਵਲ ਲੋਕਾਂ ਵਿਚ ਜਾਗਰੂਕਤਾ ਵਧਾਉਣ ਸਗੋਂ ਡੇਂਗੂ ਦਾ ਪ੍ਰਸਾਰ ਰੋਕਣ ਵਿਚ ਵੀ ਮਦਦਗਾਰ ਸਾਬਿਤ ਹੋ ਰਹੀ ਹੈ। ਉਹਨਾਂ ਦੱਸਿਆ ਕਿ ਇਸ ਮੁਹਿੰਮ ਨੂੰ ਵਧੇਰੇ ਸਫਲ ਬਣਾਉਣ ਲਈ ਕੀਰਤਪੁਰ ਸਾਹਿਬ ਵਿਖੇ ਵੱਖ ਵੱਖ ਟੀਮਾਂ ਦਾ ਗਠਨ ਕੀਤਾ ਗਿਆ ਹੈ ਜਿਹਨਾਂ ਦੀ ਅਗਵਾਈ ਐੱਚ.ਐੱਮ.ਆਈ ਸਿਕੰਦਰ ਸਿੰਘ ਅਤੇ ਹੈਲਥ ਇੰਸਪੈਕਟਰ ਸੁਖਦੀਪ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਟੀਮ ਵੱਲੋਂ ਲੋਕਾਂ ਨੂੰ ਹਫ਼ਤੇ ਵਿੱਚ ਇਕ ਵਾਰ ਘਰ ਵਿਚ ਲੱਗੇ ਕੂਲਰ, ਗਮਲੇ ਜਾਂ ਮਿੱਟੀ ਦੇ ਬਰਤਨ ਸਾਫ਼ ਕਰ ਕੇ ਧੁੱਪ ਲਗਵਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਟੀਮ ਵੱਲੋਂ ਲੋਕਾਂ ਨੂੰ ਫਰਿੱਜ ਦੀ ਬਾਹਰਲੀ ਟ੍ਰੇਅ, ਛੱਤਾਂ 'ਤੇ ਲੱਗੀਆਂ ਟੈਂਕੀਆਂ, ਡਰੰਮਾਂ ਅਤੇ ਟਾਇਰਾਂ ਵਿੱਚ ਪਾਣੀ ਇਕੱਠਾ ਨਾ ਹੋਣ ਦੀ ਅਪੀਲ ਵੀ ਕੀਤੀ ਜਾ ਰਹੀ ਹੈ।

ਸੀਨੀਅਰ ਮੈਡੀਕਲ ਅਫ਼ਸਰ ਨੇ ਕਿਹਾ ਕਿ ਬੇਸ਼ਕ ਸਾਰੇ ਸਰਕਾਰੀ ਹਸਪਤਾਲਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਮੁਫ਼ਤ ਕੀਤਾ ਜਾਂਦਾ ਹੈ ਪਰ ਇਹ ਰੋਗ ਸ਼ਰੀਰ ਨੂੰ ਵਧੇਰੇ ਕਮਜ਼ੋਰ ਬਣਾ ਦਿੰਦਾ ਹੈ ਇਸ ਲਈ ਜਾਗਰੂਕਤਾ ਅਤੇ ਸਾਵਧਾਨੀ ਇਸ ਰੋਗ ਤੋਂ ਬਚਣ ਦਾ ਸੱਭ ਤੋਂ ਸੌਖਾ ਅਤੇ ਅਸਰਦਾਰ ਉਪਾਅ ਹੈ। ਉਹਨਾਂ ਤੇਜ਼ ਬੁਖ਼ਾਰ, ਚਮੜੀ ਉੱਤੇ ਦਾਣੇ, ਸਿਰ ਤੇ ਅੱਖਾਂ ਦੇ ਪਿੱਛੇ ਦਰਦ, ਅਤੇ ਨੱਕ ਜਾਂ ਮਸੂੜਿਆਂ 'ਚੋਂ ਖ਼ੂਨ ਆਉਣ ਜਿਹੇ ਡੇਂਗੂ ਦੇ ਲੱਛਣ ਵਿਖਾਈ ਦੇਣ 'ਤੇ ਨਜ਼ਦੀਕੀ ਸਿਹਤ ਕੇਂਦਰ 'ਤੇ ਜਾਣ ਦੀ ਅਪੀਲ ਕੀਤੀ।

ਬਲਾਕ ਅਜੂਕੇਟਰ ਰਤਿਕਾ ਉਬਰਾਏ ਨੇ ਦੱਸਿਆ ਕਿ ਜਾਗਰੂਕਤਾ ਟੀਮ ਵਿਚ ਐੱਸ. ਆਈ ਬਲਵੰਤ ਰਾਏ, ਸੁਖਬੀਰ ਸਿੰਘ, ਗੁਰਿੰਦਰ ਸਿੰਘ, ਸੀ.ਐੱਚ.ਓ ਪੂਨਮ ਅਤੇ ਅੰਜਨਾ, ਮਲਟੀਪਰਪਜ਼ ਹੈਲਥ ਵਰਕਰ ਕੁਲਵਿੰਦਰ ਸਿੰਘ, ਵਰਿੰਦਰ ਸਿੰਘ, ਸੰਜੀਵ ਕੁਮਾਰ, ਨਰੇਸ਼ ਕੁਮਾਰ, ਜਸਦੀਪ ਸਿੰਘ, ਅਜੇ ਕੁਮਾਰ, ਅਸ਼ੋਕ, ਅਮਨਦੀਪ ਸਿੰਘ, ਅਜੇ ਦੀਵਾਨ, ਸ਼ਿਵ ਅਤੇ ਅਮਿਤ ਸ਼ਰਮਾ ਤੋਂ ਇਲਾਵਾ ਆਸ਼ਾ ਵਰਕਰ ਸ਼ਾਮਲ ਸਨ।

# ਜ਼ਰੂਰੀ ਵਸਤੂਆਂ ਦਾ ਭੰਡਾਰ/ਜਮ੍ਹਾਂਖੋਰੀ ਕਰਨ 'ਤੇ ਰੋਕ : ਜ਼ਿਲ੍ਹਾ ਮੈਜਿਸਟ੍ਰੇਟ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਬਠਿੰਡਾ, 9 ਮਈ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਜ਼ਰੂਰੀ ਵਸਤੂਆਂ ਐਕਟ 1955 ਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ 2023 ਦੀ ਧਾਰਾ 163 ਅਧੀਨ ਦੇ ਮੱਦੇਨਜ਼ਰ ਹੁਕਮ ਜਾਰੀ ਕੀਤੇ ਹਨ, ਜਾਰੀ ਹੁਕਮ ਅਨੁਸਾਰ ਜ਼ਿਲ੍ਹੇ ਅੰਦਰ ਜ਼ਰੂਰੀ ਵਸਤੂਆਂ ਦਾ ਭੰਡਾਰ/ਜਮ੍ਹਾਂਖੋਰੀ ਕਰਨ 'ਤੇ ਰੋਕ ਲਗਾਈ ਜਾਂਦੀ ਹੈ।ਜਾਰੀ ਹੁਕਮ ਅਨੁਸਾਰ ਕੋਈ ਵੀ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤੂਆਂ



ਭੋਜਨ ਅਨਾਜ ਅਤੇ ਸੰਬੰਧਿਤ ਉਤਪਾਦ, ਪਸ਼ੂ ਦੀ ਖੁਰਾਕ ਚਾਰਾ, ਦੁੱਧ ਤੇ ਡੇਅਰੀ ਉਤਪਾਦ, ਪੈਟਰੋਲ, ਡੀਜ਼ਲ ਅਤੇ ਹੋਰ ਬਾਲਣ ਅਤੇ ਰੋਜ਼ਾਨਾ ਲੋੜਾਂ ਦੀਆਂ ਤੇ ਹੋਰ ਵਸਤੂਆਂ ਦਾ ਭੰਡਾਰ 'ਤੇ ਰੋਕ ਲਗਾਈ ਗਈ ਹੈ।ਹੁਕਮ ਅਨੁਸਾਰ ਐਸਐਸਪੀ ਬਠਿੰਡਾ ਵੀ ਇਨ੍ਹਾਂ ਆਦੇਸ਼ਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਉਪਾਅ ਕਰਨਗੇ। ਹੁਕਮ ਮੁਤਾਬਕ ਆਮ ਜਨਤਾ ਜਮ੍ਹਾਂਖੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ 'ਚ ਹੇਰਾਫੇਰੀ ਦੇ ਕਿਸੇ ਵੀ ਮਾਮਲੇ ਦੀ ਰਿਪੋਰਟ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ (ਜ਼ਰੂਰੀ ਵਸਤੂਆਂ/ ਪੈਟਰੋਲ ਡੀਜ਼ਲ/ਆਦਿ ਲਈ) (ਡੀਐਫਐਸਸੀ ਸ਼੍ਰੀਮਤੀ ਰਵਿੰਦਰ ਕੌਰ 96460-66135 ਦਫ਼ਤਰ-0164-2921552), ਪਸ਼ੂ ਪਾਲਣ ਵਿਭਾਗ (ਪਸ਼ੂ ਪਾਲਣ ਸੇਵਾਵਾਂ ਲਈ) (ਡਿਪਟੀ ਡਾਇਰੈਕਟਰ ਸ਼੍ਰੀ ਜਤਿੰਦਰਪਾਲ ਸਿੰਘ 81465-25380, 98726-25380), ਮੰਡੀ ਬੋਰਡ (ਮੰਡੀ ਨਾਲ ਸਬੰਧਤ ਸਬਜ਼ੀਆਂ ਆਦਿ ਲਈ) (ਡੀਐਮਓ ਸ਼੍ਰੀ ਗੌਰਵ 90568-38465, ਡਿਪਟੀ ਡੀਐਮਓ ਸ਼੍ਰੀ ਗੁਰਵਿੰਦਰ ਸਿੰਘ 99144-22950), ਮਾਰਕਫੈੱਡ ਅਤੇ ਮਿਲਕਫੈੱਡ (ਪਸ਼ੂਆਂ ਦੇ ਚਾਰੇ ਲਈ) (ਡੀਐਮ, ਮਾਰਕਫੈੱਡ ਸ਼੍ਰੀ ਗੁਰਮਨਪ੍ਰੀਤ ਧਾਲੀਵਾਲ 81011-00003 ਦਫ਼ਤਰ 0164-2212950 ਅਤੇ ਜੀ.ਐਮ., ਮਿਲਕਫੈੱਡ ਡਾ. ਪਰਮੋਦ ਸ਼ਰਮਾ 80544-95059) ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਹੁਕਮਾਂ ਦਾ ਉਲੰਘਣਾ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਜ਼ਿਲ੍ਹਾ ਸੰਗਰੂਰ ਵਿਖੇ 34 ਮੁਕੱਦਮੇ ਦਰਜ, 43 ਦੋਸ਼ੀ ਗ੍ਰਿਫਤਾਰ

## - ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਿਤੀ 01 ਮਈ ਤੋਂ 09 ਮਈ ਤੱਕ ਕੀਤੀ ਗਈ ਕਾਰਗੁਜ਼ਾਰੀ ਦਾ ਲੇਖਾ ਜੋਖਾ ਪੇਸ਼

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਸੰਗਰੂਰ, 10 ਮਈ, 2025: ਜਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 01.05.2025 ਤੋਂ 09.05.2025 ਤੱਕ ਡਰੱਗ ਦੇ 22 ਮੁਕੱਦਮੇ ਦਰਜ ਕਰਕੇ 31 ਦੋਸੀ ਕਾਬੂ ਕਰਕੇ 04 ਕਿੱਲੋ 165 ਗ੍ਰਾਮ ਹੈਰੋਇਨ, 500 ਗ੍ਰਾਮ ਅਫੀਮ, 244 ਗ੍ਰਾਮ ਚਰਸ, 250 ਗ੍ਰਾਮ ਸੁਲਫਾ, 870 ਨਸੀਲੀਆਂ ਗੋਲੀਆਂ ਅਤੇ 5,50,000/- ਰੁਪਏ ਡਰੱਗ ਮਨੀ ਬ੍ਰਾਮਦ ਕਰਵਾਈ ਗਈ। ਸਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 12 ਮੁਕੱਦਮੇ ਦਰਜ ਕਰਕੇ 12 ਦੋਸੀਆਂ ਨੂੰ ਕਾਬੂ ਕਰਕੇ 112.500 ਲੀਟਰ ਸਰਾਬ ਠੇਕਾ ਦੇਸੀ, 19 ਲੀਟਰ ਸਰਾਬ ਨਜੈਜ, 01 ਚਾਲੂ ਭੱਠੀ, 320 ਲੀਟਰ ਲਾਹਣ ਅਤੇ 300 ਲੀਟਰ ਸਪਰਿੱਟ ਬ੍ਰਾਮਦ ਕਰਵਾਈ ਗਈ। ਇਸੇ ਤਰ੍ਹਾਂ ਥਾਣਾ ਭਵਾਨੀਗੜ੍ਹ ਵਿਖੇ 01 ਦੋਸੀ ਨੂੰ ਗ੍ਰਿਫਤਾਰ ਕਰਕੇ ਉਸਦੇ ਕਬਜਾ ਵਿੱਚੋਂ 05 ਚੋਰੀਸ਼ੁਦਾ ਮੋਟਰਸਾਇਕਲ ਅਤੇ ਮੋਟਰਸਾਇਕਲਾਂ ਦੇ ਪੁਰਜੇ ਬ੍ਰਾਮਦ ਕਰਵਾਏ ਗਏ ਹਨ।

ਸ੍ਰੀ ਸਰਤਾਜ ਸਿੰਘ ਚਾਹਲ, ਐਸ.ਐਸ.ਪੀ. ਸੰਗਰੂਰ ਵੱਲੋਂ ਦੱਸਿਆ ਗਿਆ ਕਿ ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ ਹੈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਲੋਕਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ ਵੱਖ ਗਜਟਿਡ ਅਫਸਰਾਂ ਵੱਲੋਂ 15 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਪਿੰਡਾਂ ਤੇ ਸ਼ਹਿਰਾਂ ਵਿੱਚ ਲਾਏ ਜਾਣ ਠੀਕਰੀ ਪਹਿਰੇ: ਵਧੀਕ ਜ਼ਿਲ੍ਹਾ ਮੈਜਿਸਟਰੇਟ

## ਕਿਸੇ ਵੀ ਤਰ੍ਹਾਂ ਦੇ ਸ਼ੱਕੀ ਵਿਅਕਤੀ ਜਾਂ ਕਾਰਵਾਈ ਦੀ ਸੂਚਨਾ ਫੌਰੀ ਕੰਟਰੋਲ ਰੂਮ ਵਿਖੇ ਦਿੱਤੀ ਜਾਵੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਸੰਗਰੂਰ, 10 ਮਈ, 2025: ਅਮਿਤ ਬੈਂਬੀ.,ਪੀ.ਸੀ.ਐਸ., ਵਧੀਕ ਜ਼ਿਲ੍ਹਾ ਮੈਜਿਸਟਰੇਟ, ਸੰਗਰੂਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਅਤੇ ਪੰਜਾਬ ਵਿਲੇਜ ਐਂਡ ਸਮਾਲ ਟਾਊਨਜ਼ ਪੈਟਰੋਲ ਐਕਟ 1918 ਦੀ ਧਾਰਾ 3 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਸੰਗਰੂਰ ਦੀ ਹਦੂਦ ਅੰਦਰ ਲਗਾਤਾਰ ਠੀਕਰੀ ਪਹਿਰਾ ਲਗਾਉਣ ਲਈ ਸਬੰਧਿਤ ਪਿੰਡਾਂ ਦੀਆਂ ਸਮੂਹ ਪੰਚਾਇਤਾਂ, ਪਿੰਡ ਦੇ ਵਾਸੀਆਂ, ਨਗਰ ਕੌਂਸਲਾਂ, ਨਗਰ ਕੌਂਸਲ ਵਾਸੀਆਂ ਅਤੇ ਧਾਰਮਿਕ ਸਥਾਨਾਂ ਦੀਆਂ ਕਮੇਟੀਆਂ/ਬੋਰਡ/ਟਰੱਸਟ ਦੇ ਮੁਖੀਆਂ ਦੀ ਜ਼ਿੰਮੇਵਾਰੀ ਲਗਾਈ ਹੈ।

ਜਾਰੀ ਕੀਤੇ ਹੁਕਮਾਂ ਵਿੱਚ ਉਹਨਾਂ ਕਿਹਾ ਹੈ ਕਿ ਮੌਜੂਦਾ ਸਕਿਓਰਿਟੀ ਹਾਈ-ਅਲਰਟ ਦੇ ਹਾਲਾਤ ਨੂੰ ਮੱਦੇਨਜ਼ਰ ਰੱਖਦੇ ਹੋਏ ਜ਼ਿਲ੍ਹਾ ਸੰਗਰੂਰ ਵਿੱਚ ਪਿੰਡ-ਪਿੰਡ ਠੀਕਰੀ ਪਹਿਰੇ ਲਗਵਾਉਣ ਦੀ ਜ਼ਰੂਰਤ ਹੈ।

ਇਸ ਦੌਰਾਨ ਕਿਸੇ ਵੀ ਤਰ੍ਹਾਂ ਦੇ ਸ਼ੱਕੀ ਵਿਅਕਤੀ ਜਾਂ ਕਾਰਵਾਈ ਧਿਆਨ ਵਿੱਚ ਆਉਂਦੀ ਹੈ ਤਾਂ ਇਸ ਸਬੰਧੀ ਤੁਰੰਤ ਸੀਨੀਅਰ ਪੁਲਿਸ ਕਪਤਾਨ, ਸੰਗਰੂਰ, ਸਬੰਧਤ ਪੁਲਿਸ ਥਾਣਾ, ਕੰਟਰੋਲ ਰੂਮ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵਿਖੇ ਟੈਲੀਫੋਨ ਨੰਬਰ 01672-234128 ਅਤੇ ਪੁਲਿਸ ਕੰਟਰੋਲ ਰੂਮ ਨੰਬਰ 80545-45100, 80545-45200 'ਤੇ ਸੂਚਿਤ ਕੀਤਾ ਜਾਵੇ। ਇਹ ਹੁਕਮ ਮਿਤੀ 10.05.2025 ਤੋਂ ਮਿਤੀ 09.06.2025 ਤਕ ਲਾਗੂ ਰਹਿਣਗੇ।

# ਬਲੱਡ ਬੈਂਕ ਨੇ ਭਾਰਤੀ ਫੌਜ ਨਾਲ ਇਕਜੁੱਟਤਾ ਦਰਸਾਉਣ ਲਈ ਲਗਾਇਆ ਖੂਨ ਦਾਨ ਕੈਂਪ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com




ਫਗਵਾੜਾ 10 ਮਈ (ਸ਼ਿਵ ਕੌੜਾ) ਪੰਜਾਬ ਸਰਕਾਰ ਦੇ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਿਪਟੀ ਕਮਿਸ਼ਨਰ ਕਪੂਰਥਲਾ ਕਮ ਪ੍ਰਧਾਨ ਜਿਲ੍ਹਾ ਰੈੱਡ ਕਰਾਸ ਸੁਸਾਇਟੀ ਅਮਿਤ ਕੁਮਾਰ ਪੰਚਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਭਾਰਤ-ਪਾਕਿਸਤਾਨ ਵਿਚਾਲੇ ਸਰਹੱਦਾਂ 'ਤੇ ਬਣੇ ਤਨਾਅ ਦੇ ਮੱਦੇਨਜ਼ਰ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਖੂਨ ਦਾਨ ਕੈਂਪ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਲਗਾਇਆ ਗਿਆ। ਕੈਂਪ ਦਾ ਉਦਘਾਟਨ ਰੇਸ਼ਮ ਚੰਦ ਬਿਰਹਾ ਸਕੱਤਰ ਡਿਸਟ੍ਰਿਕਟ ਰੈੱਡ ਕਰਾਸ ਸੁਸਾਇਟੀ ਕਪੂਰਥਲਾ ਨੇ ਕੀਤਾ। ਉਹਨਾਂ ਉਦਘਾਟਨੀ ਭਾਸ਼ਣ 'ਚ ਦੱਸਿਆ ਕਿ ਮਾਣਯੋਗ ਗਵਰਨਰ ਪੰਜਾਬ ਵਲੋਂ ਰੈੱਡ ਕਰਾਸ ਮੌਕੇ ਭਾਰਤੀ ਫੌਜ ਨਾਲ ਇਕਜੁੱਟਤਾ ਦਰਸਾਉਣ ਲਈ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੂਨਦਾਨ ਕਰਨ ਦਾ ਸੱਦਾ ਦਿੱਤਾ ਸੀ। ਉਹਨਾਂ ਦੱਸਿਆ ਕਿ ਇਸ ਕੈਂਪ ਦੌਰਾਨ ਡਿਸਟ੍ਰਿਕਟ ਰੈੱਡ ਕਰਾਸ, ਬਲੱਡ ਬੈਂਕ ਅਤੇ ਲਾਇਨਜ ਕਲੱਬ ਫਗਵਾੜਾ ਰਾਇਲ ਦੇ ਸਹਿਯੋਗ ਨਾਲ 31 ਯੁਨਿਟ ਖੂਨ ਇਕੱਤਰ ਕੀਤਾ ਗਿਆ। ਖੂਨ ਦਾਨ ਕਰਨ ਵਾਲੇ ਨੌਜਵਾਨਾਂ ਨੇ ਪੂਰੇ ਜੋਸ਼ ਨਾਲ ਕਿਹਾ ਕਿ ਉਹ ਭਾਰਤੀ ਫੌਜ ਅਤੇ ਦੇਸ਼ ਦੀ ਸੁਰੱਖਿਆ ਲਈ ਆਪਣੀਆਂ ਜਾਨਾਂ ਵਾਰਨ ਲਈ ਵੀ ਤਿਆਰ ਹਨ। ਇਸ ਮੌਕੇ ਲਾਇਨ ਵਿਕਾਸ ਕੋਛੜ, ਕਪਿਲ ਦੇਵ ਸ਼ਰਮਾ, ਮਨਪ੍ਰੀਤ ਸਿੰਘ, ਹਰਬੰਸ ਲਾਲ, ਗੁਰਮੀਤ ਪਲਾਹੀ, ਬਲੱਡ ਬੈਂਕ ਸਟਾਫ ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ, ਤਾਰਾ ਚੰਦ ਚੁੰਬਰ, ਕੁਲਦੀਪ ਦੁੱਗਲ, ਸੀਮਾ ਰਾਣਾ, ਵਿਪਨ ਖੁਰਾਣਾ, ਦੀਪਾ ਸੈਣੀ, ਜਸਵਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਪ੍ਰੇਮ ਨਗਰ ਆਦਿ ਹਾਜਰ ਸਨ।

# ਸਭ ਰਿਸ਼ਤਿਆਂ 'ਚੋਂ ਸਿਰਫ ਮਾਂ ਦਾ ਰਿਸ਼ਤਾ ਹੀ ਸਭ ਤੋਂ ਸੱਚਾ ਹੈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਮਿੰਦਰ ਕੁਰ ਦੀ ਪੋਤੀ ਅਸਿਸਟੈਂਟ ਪ੍ਰੋ. ਗਗਨਦੀਪ ਕੌਰ ਧਾਲੀਵਾਲ।

ਦੋਸਤੋਂ ਮਾਂ ਸ਼ਬਦ ਮੂੰਹੋਂ ਨਿਕਲਦੇ ਹੀ ਦਿਲ ਨੂੰ ਬਹੁਤ ਪਿਆਰਾ ਲੱਗਦਾ ਹੈ ਤੇ ਦਿਲ ਨੂੰ ਸਕੂਨ ਜਿਹਾ ਮਿਲ ਜਾਂਦਾ ਹੈ।ਜਿੰਨੀ ਨਿੱਘ ਤੇ ਮਿਠਾਸ ਮਾਂ ਸ਼ਬਦ ਵਿੱਚ ਭਰੀ ਹੈ ਸਾਇਦ ਦੁਨੀਆਂ ਦੀ ਹੋਰ ਕਿਸੇ ਵੀ ਚੀਜ ਵਿੱਚ ਨਹੀਂ ਮਿਲਦੀ।ਮਾਂ ਦਾ ਪਿਆਰ ਕਦੇ ਵੀ ਮਾਪਿਆ ਨਹੀਂ ਜਾ ਸਕਦਾ।ਮਾਂ ਦੇ ਪਿਆਰ ਦੀ ਵਿਆਖਿਆ ਨਹੀਂ ਕੀਤੀ ਜਾ ਸਕਦੀ।ਮਾਂ ਲਾਡ ਪਿਆਰ ਕਰਦੀ ਹੈ ਰੀਝਾਂ ਤੇ ਸੱਧਰਾਂ ਨਾਲ ਬੱਚੇ ਦਾ ਪਾਲਣ ਪੋਸਣ ਕਰਦੀ ਹੈ।ਇੱਕ ਮਾਂ ਹੀ ਹੈ ਜੋ ਆਪਣੀ ਕੁੱਖ ਵਿੱਚ ਬੱਚੇ ਨੂੰ ਨੌਂ ਮਹੀਨੇ ਰੱਖ ਕੇ ਦੁੱਖ ਝੱਲ ਕੇ ਫਿਰ ਜਨਮ ਦਿੰਦੀ ਹੈ।ਮਾਂ ਬੱਚੇ ਨੂੰ ਪੇਟ ਵਿੱਚ ਰੱਖ ਕੇ ਆਪਣੇ ਖ਼ੂਨ ਨਾਲ ਪਾਲ ਕੇ ਜਨਮ ਦਿੰਦੀ ਹੈ । ਮਾਂ ਆਪ ਗਿੱਲੀ ਥਾਂ ਤੇ ਪੈ ਕੇ ਬੱਚਿਆਂ ਨੂੰ ਸੁੱਕੀ ਥਾਂ ਤੇ ਪਾਉਂਦੀ ਹੈ ।ਦੋਸਤੋਂ ਚਾਹੇ ਘਰ ਵਿੱਚ ਸਾਰੇ ਮੈਂਬਰ ਹੋਣ ਪਰ ਮਾਂ ਨਾ ਹੋਵੇ ਤਾਂ ਘਰ ਖਾਲ਼ੀ ਜਾਪਦਾ ਹੈ ਭਾਵ ਘਰ ਵੱਢ ਖਾਣ ਨੂੰ ਪੈਂਦਾ ਹੈ।ਸਿਆਣੇ ਕਹਿੰਦੇ ਹਨ ਕਿ ਧੀਆਂ ਦੇ ਪੇਕੇ ਤਾਂ ਮਾਂ ਨਾਲ ਹੀ ਹੁੰਦੇ ਹਨ।ਮਾਂ ਕਦੇ ਵੀ ਆਪਣੇ ਬੱਚਿਆਂ ਦੇ ਲੱਗੀ ਸੱਟ ਨਹੀਂ ਝੱਲ ਸਕਦੀ।ਮਾਂ ਦੇ ਪੈਰ੍ਹਾਂ ਵਿੱਚ ਜੰਨਤ ਦਾ ਨਜ਼ਾਰਾ ਹੁੰਦਾ ਹੈ।ਇਹ ਓਹੀ ਲੋਕ ਮਾਣਦੇ ਹਨ ਜੋ ਮਾਂ ਦਾ ਸਤਿਕਾਰ ਕਰਕੇ ਉਸਦੀ ਕਦਰ ਕਰਦੇ ਹਨ ਤੇ ਮਾਂ ਦਾ ਆਸ਼ਿਰਵਾਦ ਪ੍ਰਾਪਤ ਕਰਦੇ ਹਨ।ਉਦਾਹਰਨ ਵਜੋਂ ਇਬਰਾਹਿਮ ਲਿੰਕਨ ਨੇ ਕਿਹਾ ਹੈ ਕਿ

" ਮੈਂ ਅੱਜ ਜੋ ਕੁੱਝ ਵੀ ਹਾਂ ਜਾ ਬਣ ਸਕਦਾ ਹਾਂ।"ਉਹ ਸਿਰਫ ਆਪਣੀ ਮਾਂ ਕਰਕੇ ਹੀ ਹਾਂ।ਮਾਂ ਦਾ ਪਿਆਰ ਨਸੀਬਾਂ ਵਾਲਿਆਂ ਨੂੰ ਮਿਲਦਾ ਹੈ।ਮਾਂ ਤਾਂ ਰੱਬ ਦਾ ਦੂਜਾ ਰੂਪ ਹੈ।ਪੰਜਾਬੀ ਮਸਹੂਰ ਗਾਇਕ ਕੁਲਦੀਪ ਮਾਣਕ ਨੇ ਆਪਣੇ ਗੀਤ ਵਿੱਚ ਮਾਂ ਬਾਰੇ ਸੱਚ ਕਿਹਾ ਹੈ-

ਮਾਂ ਹੁੰਦੀ ਏ ਮਾਂ ਓ ਦੁਨੀਆਂ ਵਾਲਿਓ। ਹਰਭਜਨ ਮਾਨ ਦੇ ਗੀਤ ਵਿੱਚ ਵੀ ਮਾਂ ਬਾਰੇ ਬਹੁਤ ਪਿਆਰੇ ਸ਼ਬਦ ਕਹੇ ਹਨ-

ਮਾਵਾਂ ਮਾਵਾਂ ਮਾਵਾਂ ਮਾਂ ਜੰਨਤ ਦਾ ਪਰਛਾਵਾਂ
ਮਾਂਏ ਤੇਰੇ ਵੇਹੜੇ ਵਿਚ ਰੱਬ ਵਸਦਾ
ਤੈਥੋਂ ਪਲ ਵੀ ਦੂਰ ਨਾ ਜਾਵਾਂ।

ਇੱਕ ਮਾਂ ਹੀ ਹੈ ਜਿਸਦਾ ਦੇਣਾ ਕੋਈ ਨਹੀਂ ਦੇ ਸਕਦਾ। ਮਾਂ ਸਾਡੇ ਲਈ ਬਹੁਤ ਕੁੱਝ ਕਰਦੀ ਹੈ ਸਾਡੀ ਖੁਸ਼ੀ ਲਈ ਆਪ ਦੁੱਖ ਸਹਾਰਦੀ ਹੈ।ਅਸੀਂ ਕਿੰਨੀ ਮਰਜੀ ਕੋਸ਼ਿਸ਼ ਕਰ ਲਈਏ ਪਰ ਮਾਂ ਦਾ ਕਰਜ਼ਾ ਕਦੇ ਨਹੀਂ ਚੁਕਾ ਸਕਦੇ। ਮਾਂ ਦੀ ਮਮਤਾ ਹਮੇਸ਼ਾ ਨਿਰ-ਸਵਾਰਥ ਹੁੰਦੀ ਹੈ।ਦੋਸਤੋਂ ਇਸ ਦੁਨੀਆਂ ਦੇ ਜਿੰਨੇ ਵੀ ਰਿਸ਼ਤੇ ਹਨ ਸਭ ਮਤਲਬੀ ਹਨ ਸਿਰਫ ਮਾਂ ਦਾ ਰਿਸ਼ਤਾ ਹੀ ਅਜਿਹਾ ਹੈ ਜੋ ਬਿਨਾਂ ਮਤਲਬ ਲਾਲਚ ਦੇ ਹੈ।ਮਾਂ ਦਾ ਰਿਸ਼ਤਾ ਹੀ ਸਭ ਤੋਂ ਸੱਚਾ ਹੈ।ਕਿਸੇ ਸਾਇਰ ਨੇ ਸਹੀ ਕਿਹਾ ਹੈ ਕਿ —

ਮਾਂ ਦੇ ਲਈ ਸੱਭ ਨੂੰ ਛੱਡ ਦਿਓ...
ਪਰ ਸੱਭ ਦੇ ਲਈ ਕਦੇ ਮਾਂ ਨੂੰ ਨਾ ਛੱਡਿਓ

ਮਾਂ ਕਦੇ ਵੀ ਕਿਸੇ ਵੀ ਚੀਜ ਏਥੋਂ ਤੱਕ ਕਿ ਪਿਆਰ ਦਾ ਵੀ ਦਿਖਾਵਾ ਨਹੀਂ ਕਰਦੀ।ਮਾਂ ਤਾਂ ਮਾਂ ਹੀ ਹੁੰਦੀ ਹੈ ਮਾਂ ਨਾਲ ਹੀ ਸਾਰਾ ਕੁੱਝ ਚੰਗਾ ਲੱਗਦਾ ਹੈ।ਜੋ ਲੋਕ ਮਾਂ ਦੀ ਕਦਰ ਕਰਦੇ ਹਨ ਉਹ ਹਮੇਸ਼ਾ ਖੁਸ਼ ਰਹਿੰਦੇ ਹਨ।ਜਦੋਂ ਕਿਸੇ ਇਨਸਾਨ ਨੂੰ ਸਾਰੀ ਦੁਨੀਆਂ ਬੇਗਾਨਾ ਕਰ ਦਿੰਦੀ ਹੈ।ਭਾਵ ਦੁਰਕਾਰ ਦਿੰਦੀ ਹੈ ਤਾਂ ਇੱਕ ਮਾਂ ਹੀ ਹੈ ਜੋ ਉਸਨੂੰ ਸਹਾਰਾ ਦਿੰਦੀ ਹੈ ਗੱਲ ਨਾਲ ਲਾਉਂਦੂ ਹੈ। ਦੋਸਤੋਂ ਸਭ ਤੋਂ ਅਨਮੋਲ ,ਸਦੀਵੀ ,ਅਨੋਖਾ ਰਿਸ਼ਤਾ ਮਾਂ ਦਾ ਹੁੰਦਾ ਹੈ ।ਮਾਂ ਦਾ ਪਿਆਰ ਰਿਸ਼ਤਾ ਅਜਿਹਾ ਹੁੰਦਾ ਹੈ ਜੋ ਹਰ ਇੱਕ ਮਨੁੱਖ ਚਾਹੁੰਦਾ ਹੈ ਕਿ ਮਾਂ ਕਦੇ ਨਾ ਵਿਛੜੇ ,ਮਾਂ ਦਾ ਪਿਆਰ ਕਦੇ ਨਾ ਖੁੱਸੇ। ਦੁਨੀਆਂ ਦੀਆਂ ਸਭ ਚੀਜ਼ਾਂ 'ਚੋਂ ਇੱਕ ਸਿਰਫ ਮਾਂ ਦਾ ਪਿਆਰ ਹੀ ਸੱਚਾ ਹੈ

ਮੈਂ ਇਹੋ ਦੁਆ ਕਰਦੀ ਹਾਂ ਕਿ ਦੁਨੀਆਂ ਦੀ ਹਰ ਇੱਕ ਮਾਂ ਹਮੇਸ਼ਾ ਖੁਸ਼ ਰਹੇ ਤੇ ਕਦੇ ਵੀ ਮਾਂ ਨੂੰ ਕੋਈ ਤੱਤੀ ਵਾਹ ਨਾ ਲੱਗੇ।ਦੁਨੀਆਂ ਦੀ ਹਰ ਮਾਂ ਲਈ ਮੇਰੀ ਕਲਮ ਚੋਂ ਇੱਕ ਸ਼ਾਇਰ —

ਮਾਂ ਸ਼ਬਦ ਹੋਵੇ ਮੇਰੀ ਕਲਮ ਦੀ ਨੁੱਕਰੇ ,
ਬੱਸ ਮਾਂ ਖੁਸ਼ ਰਹੇ ਇਹੋ ਹੀ ਉੱਕਰੇ ।
ਮਾਂ ਦੇ ਹਿੱਸੇ ਦੇਵੀ ਹਰ ਸੁੱਖ ਮੇਰਾ ,
ਮਾਂ ਦੀ ਅੱਖ ਚੋਂ ਕਦੇ ਵੀ ਹੰਝੂ ਨਾ ਨੁੱਚੜੇ।
ਗਗਨ ਮਾਂ ਦੇ ਪੈਰ੍ਹੀ ਹੀ ਜੰਨਤ ਹੈ ,
ਰੱਬਾ ਇਹ ਜੰਨਤ ਕਦੇ ਨਾ ਉੱਜੜੇ।

# ਮਾਂ ਦਿਵਸ ਤੇ ਵਿਸ਼ੇਸ਼-

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਸੰਜੀਵ ਬਾਂਸਲ , ਐਮ ਡੀ, ਬਾਂਸਲ' ਜ਼ ਗਰੁੱਪ ਸੂਲਰ ਘਰਾਟ -

ਦੁਨੀਆਂ ਅੰਦਰ ਸਾਲ ਦਾ ਹਰ ਦਿਨ ਆਪਣੇ ਆਪ ਵਿੱਚ ਇੱਕ ਵੱਖਰਾ ਮਹੱਤਵ ਰੱਖਦਾ ਹੈ ਅਤੇ ਕੋਈ ਨਾ ਕੋਈ ਘਟਨਾ, ਦੁਰਘਟਨਾ ਕਿਸੇ ਨਾ ਕਿਸੇ ਦਿਨ ਨਾਲ ਜੁੜੀ ਹੋਈ ਹੈ, ਜਿਸ ਕਰਕੇ ਉਹਨਾਂ ਦਿਨਾਂ ਤੇ ਕੁੱਝ ਯਾਦਾਂ ਅਤੇ ਇਤਿਹਾਸ ਦਾ ਚੇਤਾ ਆਉਂਦਾ ਰਹਿੰਦਾ ਹੈ। ਅੱਜ ਦੇ ਦਿਨ ਨੂੰ "ਮਦਰ ਡੇ" ਯਾਨੀ ਮਾਂ ਦਿਵਸ ਵਜੋਂ ਦਰਜ਼ ਕੀਤਾ ਗਿਆ ਹੈ। ਜਦੋਂ ਬੱਚਾ ਇਸ ਦੁਨੀਆਂ ਵਿੱਚ ਜਨਮ ਲੈਂਦਾ ਹੈ ਤਾਂ ਉਸ ਨੂੰ ਸਿਵਾਏ ਰੋਣ ਦੇ ਹੋਰ ਕੁੱਝ ਨਹੀਂ ਆਉਂਦਾ ਹੁੰਦਾ, ਪਰ ਉਦੋਂ ਵੀ ਉਸ ਨੂੰ ਮਾਂ ਦੀ ਮਿੱਠੀ ਪਿਆਰੀ ਤੇ ਨਿੱਘੀ ਗੋਦੀ ਦਾ ਅਹਿਸਾਸ ਜਰੂਰ ਹੁੰਦਾ ਹੈ। ਉਹ ਕਿੰਨਾ ਵੀ ਰੋਂਦਾ ਕਿਉਂ ਨਾ ਹੋਵੇ- ਪਰ ਜੇਕਰ ਮਮਤਾ ਨਾਲ ਭਰੀ ਮਾਂ ਉਸ ਨੂੰ ਘੁੱਟ ਕੇ ਹਿੱਕ ਨਾਲ ਲਾ ਲਵੇ ਤਾਂ ਝੱਟ ਚੁੱਪ ਕਰ ਜਾਂਦਾ ਹੈ। ਮਾਂ ਆਪਣੇ ਬੱਚੇ ਲਈ ਹਰ ਦੁੱਖ ਸੁੱਖ ਆਪਣੇ ਤਨ ਤੇ ਜਰਦੀ ਹੈ, ਪਰ ਆਪਣੇ ਬੱਚਿਆਂ ਨੂੰ ਤੱਤੀ ਵਾਹ ਨਹੀਂ ਲੱਗਣ ਦਿੰਦੀ। ਮਾਂ ਮਮਤਾ ਦੀ ਮੂਰਤ, ਪਿਆਰ ਦਾ ਸਾਗਰ, ਦਇਆ ਤੇ ਤਿਆਗ ਦੀ ਦੇਵੀ ਹੈ। ਮਾਂ ਦੀ ਕੁਰਬਾਨੀ ਦਾ ਮੁੱਲ ਕਿਸੇ ਵੀ ਕੀਮਤ ਤੇ ਤਾਰਿਆ ਨਹੀਂ ਜਾ ਸਕਦਾ, ਪਰ ਪਿਆਰ ਸਤਿਕਾਰ ਤਾਂ ਦਿੱਤਾ ਹੀ ਜਾ ਸਕਦਾ ਹੈ। ਮਾਂ ਰੱਬ ਵੱਲੋਂ ਦਿੱਤਾ ਗਿਆ ਦੁਨੀਆਂ ਦਾ ਸਭ ਤੋਂ ਅਨਮੋਲ ਤੋਹਫ਼ਾ ਹੁੰਦਾ ਹੈ। ਰੱਬ ਆਪਣਾ ਸਾਰਾ ਪਿਆਰ ਮਾਂ ਦੇ ਰੂਪ ਵਿੱਚ ਹੀ ਵੰਡਦਾ ਹੈ। ਮਾਂ ਦਾ ਨਿਸਵਾਰਥ ਪਿਆਰ ਹਰ ਇੱਕ ਦੇ ਦਿਲ ਵਿੱਚ ਅਜਿਹੀ ਨਿੱਘੀ ਯਾਦ ਬਣ ਕੇ ਰਹਿੰਦਾ ਹੈ ਕਿ ਮਾਂ ਦੇ ਵਿੱਛੜ ਜਾਣ ਤੋਂ ਬਾਅਦ ਵੀ ਬੱਚਿਆ ਦੇ ਦਿਲਾਂ ਵਿਚ ਉਸ ਦੀ ਗਰਮਾਹਟ ਬਰਕਰਾਰ ਰਹਿੰਦੀ ਹੈ। ਜੋ ਸਾਨੂੰ ਜ਼ਿੰਦਗੀ ਜਿਉਣ ਅਤੇ ਅੱਗੇ ਵੱਧਣ ਲਈ ਪ੍ਰੇਰਿਤ ਕਰਦੀ ਹੈ । ਦੁੱਖ ਦੀ ਗੱਲ ਇਹ ਹੈ ਕਿ ਅਜੋਕੇ ਯੁੱਗ ਵਿੱਚ ਬੱਚੇ ਇਸ ਤੋਂ ਵੀ ਮੁਨਕਰ ਹੁੰਦੇ ਜਾ ਰਹੇ ਹਨ। ਆਮ ਤੌਰ ਤੇ ਨਾਰੀ ਦੇ ਚਾਰ ਰੂਪ ਮੰਨੇ ਜਾਂਦੇ ਹਨ- ਮਾਂ, ਭੈਣ, ਪਤਨੀ ਤੇ ਬੇਟੀ। ਇਹਨਾਂ ਵਿਚੋਂ ਮਾਂ ਦੇ ਰੂਪ ਨੂੰ ਸਰਵ-ਉਚ ਸਥਾਨ ਪ੍ਰਾਪਤ ਹੈ। ਮਾਂ ਦਾ ਰੋਲ ਕੇਵਲ ਬੱਚੇ ਨੂੰ ਆਪਣੀ ਕੁੱਖ ਤੋਂ ਜਨਮ ਦੇ ਕੇ ਹੀ ਖਤਮ ਨਹੀਂ ਹੋ ਜਾਂਦਾ, ਸਗੋਂ ਪਿਆਰ ਦੁਲਾਰ ਦੇ ਨਾਲ ਉਸ ਦਾ ਪਾਲਣ-ਪੋਸ਼ਣ ਕਰਨਾ ਤੇ ਜ਼ਿੰਦਗੀ ਵਿੱਚ ਸਹੀ ਰਾਹ ਦਿਖਾਉਣਾ ਵੀ ਉਸ ਦਾ ਫਰਜ਼ ਹੁੰਦਾ ਹੈ। ਇਹ ਮਾਂ ਦਾ ਹੀ ਹਿਰਦਾ ਹੁੰਦਾ ਹੈ ਕਿ ਬੇਸ਼ੱਕ ਪੁੱਤਰ ਜਿਹੋ ਜਿਹਾ ਮਰਜ਼ੀ ਹੋਵੇ, ਮਾਂ ਹਮੇਸ਼ਾਂ ਉਸ ਦੀ ਸੁੱਖ ਹੀ ਲੋੜਦੀ ਹੈ, ਅਸੀਸਾਂ ਦਿੰਦੀ ਹੈ, ਭਾਵੇਂ ਸਾਰਾ ਆਲਾ ਦੁਆਲਾ ਉਸ ਨੂੰ ਦੋਸ਼ੀ ਜਾਂ ਗੁਨਾਹਗਾਰ ਆਖੇ, ਪਰ ਮਾਂ ਕਦੇ ਨਹੀਂ ਮੰਨੇਗੀ ਕਿ ਮੇਰਾ ਪੁੱਤਰ ਦੋਸ਼ੀ ਹੈ। ਪਰ ਦੇਖਣ ਵਿੱਚ ਆਇਆ ਹੈ ਕਿ ਕਈ ਪਰਿਵਾਰਾਂ ਵਿੱਚ ਇਹ ਰੋਲ ਦਾਦੀਆਂ ਨਾਨੀਆਂ ਵੀ ਨਿਭਾਅ ਰਹੀਆਂ ਹਨ। ਮਾਂ ਇੱਕ ਕਲਾਕਾਰ ਹੁੰਦੀ ਹੈ- ਜੋ ਆਪਣੇ ਬੱਚੇ ਦੀ ਸ਼ਖ਼ਸੀਅਤ ਨੂੰ ਘੜਨ ਲਈ ਆਪਣੀ ਪੂਰੀ ਵਾਹ ਲਾਉਂਦੀ ਹੈ। ਮਾਂ ਦੇ ਜਿਉਂਦੇ ਜੀਅ ਸਾਇਦ ਅਸੀਂ ਉਸ ਦੀ ਕਦਰ ਘੱਟ ਕਰਦੇ ਹਾਂ ਪ੍ਰੰਤੂ ਉਸ ਦੇ ਦੁਨੀਆਂ ਤੋਂ ਚਲੇ ਜਾਣ ਤੋਂ ਬਾਅਦ ਜੋ ਘਾਟਾ ਪੈਂਦਾ ਹੈ ਉਸ ਦੀ ਪੂਰਤੀ ਅਸੰਭਵ ਹੈ ।

ਅਜੋਕੇ ਸਮੇਂ ਦਾ ਦੁਖਾਂਤ ਹੈ ਕਿ- ਅੱਜ ਸਾਡੀਆਂ ਮਾਵਾਂ ਬਿਰਧ ਆਸ਼ਰਮਾਂ ਵਿੱਚ ਰੁਲ਼ ਰਹੀਆਂ ਹਨ। ਇੱਕ ਵਾਰੀ 'ਮਦਰਜ਼ ਡੇ' ਤੇ ਖਬਰ ਆਈ



ਸੀ, ਕਿ ਬਿਰਧ ਆਸ਼ਰਮ ਦੀਆਂ ਬਜ਼ੁਰਗ ਔਰਤਾਂ ਨੂੰ ਜਦੋਂ ਦੱਸਿਆ ਗਿਆ ਕਿ ਅੱਜ 'ਮਾਂ ਦਿਵਸ' ਹੈ ਤਾਂ ਉਹ ਸਾਰਾ ਦਿਨ ਗੇਟ ਦੇ ਨੇੜੇ ਬੈਠੀਆਂ ਰਹੀਆਂ, ਕਿ ਸ਼ਾਇਦ ਉਹਨਾ ਦਾ ਕੋਈ ਆਪਣਾ ਮਿਲਣ ਆ ਜਾਵੇ। ਕਿੰਨੇ ਨਾ ਸ਼ੁਕਰੇ ਹਾਂ ਅਸੀਂ.. ਕਦੇ ਸੋਚਿਆ ? ਇਸ ਦਿਨ ਸਾਨੂੰ ਸਾਰਿਆ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਆਪਣੇ ਪਰਿਵਾਰ ਵਿੱਚ ਆਪਣੇ ਬਜ਼ੁਰਗਾ ਨੂੰ ਕਦੀ ਵੀ ਕੋਈ ਦਿੱਕਤ ਨਹੀਂ ਆਉਣ ਦੇਵਾਂਗੇ। ਫਿਰ ਦੇਖਣਾ ਸਾਨੂੰ ਕਿਸੇ ਬਿਰਧ ਆਸ਼ਰਮ ਦੀ ਜ਼ਰੂਰਤ ਨਹੀਂ ਰਹਿਣੀ ਅਤੇ ਸਾਡੀਆ ਆਉਣ ਵਾਲੀਆ ਪੀੜ੍ਹੀਆ ਅਪਨੀਆ ਦਾਦੀਆ, ਨਾਨੀਆ ਤੇ ਸਮਾਜਿਕ ਸੇਧ ਲੈ ਕੇ ਜਵਾਨ ਹੋਣਗੀਆ। ਇਹੀ ਅਸਲੀ ਮਾਂ ਦਿਵਸ ਹੋਵੇਗਾ ।

# ਪੰਜਾਬ ਪੈਨਸ਼ਨਰਜ ਵੈਲਫੇਅਰ ਐਸੋਸ਼ੀਏਸ਼ਨ ਫਗਵਾੜ੍ਹਾ ਦੀ ਮਹੀਨਾਵਾਰ ਮੀਟਿਗ ਹੋਈ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਫਗਵਾੜਾ ਪੰਜਾਬ ਪੈਨਸ਼ਨਰਜ ਵੈਲਫੇਅਰ ਐਸੋਸ਼ੀਏਸ਼ਨ ਦੀ ਮਹੀਨਾਵਾਰ ਮੀਟਿੰਗ ਟਾਉਨ ਹਾਲ ਫਗਵਾੜਾ ਵਿਖੇ ਸਟੇਟ ਆਗੂ ਗਿਆਨ ਚੰਦ ਨਈਅਰ ਜੀ ਦੀ ਪ੍ਰਧਾਨਗੀ ਵਿੱਚ ਹੋਈ ।ਸੀਨੀਅਰ ਆਗੂ ਹੰਸ ਰਾਜ ਬੰਗੜ ਤੇ ਰਾਮ ਲੁਭਾਇਆ ਰਿਹਾਣਾ ਜੱਟਾਂ ਨੇ ਦਸਿਆ ਕਿ ਮੀਟਿਗ ਵਿੱਚ ਭਾਰਤ / ਪਾਕਿਸਤਾਨ ਵਿੱਚ ਛਿੜੀ ਜੰਗ ਵਿੱਚ ਪਾਕਿਸਤਾਨ ਵਲੋਂ ਪਹਿਲ ਕਰਨ ਤੇ ਪਾਕਿਸਤਾਨ ਦੀ ਘੋਰ ਨਿੰਦਾ ਕਰਦਿਆ ਮੰਗ ਕੀਤੀ ਕਿ ਲੋਕਾਂ ਦੀ ਜਾਨ ਤੇ ਮਾਲ ਦੇ ਨੁਕਸਾਨ ਨੂੰ ਦੇਖਦਿਆਂ ਸ਼ਾਂਤੀ ਵਾਰਤਾ ਦਾ ਹੱਲ ਕੱਢਿਆ ਜਾਵੇ। ਦੋਹਾਂ ਅਗੂਆਂ ਨੇ ਕਿਹਾ ਕਿ ਕੁੱਝ ਬੈਂਕਾਂ ਨੇ ਬਕਾਏ ਪੈਨਸ਼ਨਰ ਦੇ ਖਾਤਿਆਂ ਵਿਚ ਨਹੀ ਪਾਏ।ਇਹ ਤੁਰੰਤ ਪਾਏ ਜਾਣ ।

ਪੰਜਾਬ ਸਰਕਾਰ ਤੋਂ ਕੇਂਦਰ ਦੇ ਕਰਮਚਾਰੀਆਂ ਬਰਾਬਰ ਰਹਿਦਾ ਡੀ.ਏ 13% ਦੇਣ,ਮੈਡੀਕਲ ਭੱਤਾ ਤਿੰਨ ਹਜਾਰ ਮਾਸਿਕ ਦੇਣ, ਪੁਰਾਣੀ ਪੈਨਸ਼ਨ ਲਾਗੂ ਕਰਨ,ਕੈਸ਼ਲੈਸ ਸਿਹਤ ਬੀਮਾ ਸਕੀਮ ਲਾਗੂ ਕਰਨ,ਪੈਨਸ਼ਨਰ ਨੂੰ ਪੈਨਸ਼ਨ ਲਾਭ 2.59 ਗੁਣਾਂਕ ਅਨੁਸਾਰ ਦੇਣ ਦੀ ਮੰਗ ਕੀਤੀ।

ਮੀਟਿਗ ਵਿੱਚ ਹੋਰਨਾਂ ਤੋਂ ਇਲਾਵਾਂ ਸਰਵ ਸ਼੍ਰੀ ਹਰਦੇਵ ਸਿੰਘ,ਡਾ.ਤਰਲੋਕ ਸਿੰਘ,ਗੁਰਨਾਮ ਚੰਦ,ਮਹਿੰਦਰ ਪਾਲ ਮੌਲੀ,ਰਤਨ ਸਿੰਘ ਖਲਵਾੜਾ,ਪ੍ਰੀਤਮ ਦਾਸ ਬੋਹਾਨੀ,ਪ੍ਰਸ਼ੋਤਮ ਲਾਲ ਭੱਟੀ ਤੇ ਬਲਵੀਰ ਚੰਦ ਹਾਜਰ ਸਨ।

# ਹਰ ਸ਼ੁਕਰਵਾਰ ਡੇਗੂ ਤੇ ਵਾਰ: ਕੰਪੇਨ ਦੀ ਸ਼ੁਰੂਆਤ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com




ਬੰਗਾ ( ਚਰਨਜੀਤ ਸੱਲ੍ਹਾਂ)ਸ਼ਹੀਦ ਭਗਤ ਸਿੰਘ ਨਗਰ ਦੇ ਸਿਵਲ ਹਸਪਤਾਲ ਸੀਨੀਅਰ ਸਰਜਨ ਦੇ ਡਾਕਟਰ ਗੁਰਿੰਦਰਜੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਹਸਪਤਾਲ ਬੰਗਾ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਜਸਵਿੰਦਰ ਸਿੰਘ ਜੀ ਦੀ ਰਹਿ ਨਾਈ ਹੇਠ ਅੱਜ ਮਿਤੀ 9/5/20025 ਨੂੰ ਪੰਜਾਬ ਦੇ ਕੰਟੇਨਰ ਅਤੇ ਬੇਅਰ ਹਾਊਸ ਦੇ ਚੇਅਰਮੈਨ ਅਤੇ ਬੰਗਾ ਹਲਕੇ ਦੇ ਮਾਨਯੋਗ ਐਮਐਲਏ ਡਾਕਟਰ ਸੁਖਵਿੰਦਰ ਕੁਮਾਰ ਸੁੱਖੀ ਜੀ ਦੇ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਕੰਪੇਨ ਦੀ ਸ਼ੁਰੂਆਤ ਹਰੀ ਝੰਡੀ ਦੇਖ ਕੇ ਸਿਵਲ ਹਸਪਤਾਲ ਬੰਗਾ ਤੇ ਕੀਤੀ ਉਹਨਾਂ ਨੂੰ ਦੱਸਿਆ ਕੀ ਇਹ ਕੰਪੇਨ 9/5/25 ਤੋਂ ਲੈ ਕੇ ਦਸੰਬਰ 2025 ਤੱਕ ਲਗਾਤਾਰ ਚੱਲਣੀ ਹੈ ਉਹਨਾਂ ਦੱਸਿਆ ਕਿ ਇਸ ਕੰਪੇਨ ਦੇ ਤਹਿਤ ਸਕੂਲਾਂ ਦੇ ਬੱਚਿਆਂ ਤੇ ਅਧਿਆਪਕਾਂ ਨੂੰ ਵੀ ਲਾਰਵਾ ਪਹਿਚਾਨ ਦੀ ਟ੍ਰੇਨਿੰਗ ਦਿੱਤੀ ਜਾਵੇਗੀ ਜੋ ਕੀ ਹੈਲਥ ਡਿਪਾਰਟਮੈਂਟ ਦੇ ਅਧਿਕਾਰੀ ਤੇ ਕਰਮਚਾਰੀ ਦੇਣਗੇ ਇਸ ਸਮੇਂ ਸਿਵਿਲ ਹਸਪਤਾਲ ਦੇ ਸੀਨੀਅਰ ਮੈਡੀਕਲ ਡਾਕਟਰ ਜਸਵਿੰਦਰ ਸਿੰਘ ਡਾਕਟਰ ਤਜਿੰਦਰ ਸਿੰਘ ਡਾਕਟਰ ਬਲਜਿੰਦਰ ਕੁਮਾਰ ਮੈਡਮ ਹਰਵਿੰਦਰ ਕੌਰ ਨਰਸਿੰਗ ਸਿਸਟਮ ਸ੍ਰੀ ਹਰਮੇਸ਼ ਲਾਲ ਹੈਲਥ ਇੰਸਪੈਕਟਰ ਸ੍ਰੀ ਰਾਜ ਕੁਮਾਰ ਹੈਲਥ ਵਰਕਰ ਸ਼੍ਰੀਮਤੀ ਮਨਜੀਤ ਕੌਰ ਐਲਐਚਪੀ ਸ਼੍ਰੀਮਤੀ ਬਲਬੀਰ ਕੌਰ ਏ ਐਨ ਐਮ ਸ੍ਰੀ ਸੁਖਦੇਵ ਕੌਰ ਏ ਐਨਐਮ ਸੁਨੀਤਾ ਰਾਣੀ ਪੂਜਾ ਰਾਣੀ ਪਰਮਜੀਤ ਕੌਰ ਗੁਰਬਖਸ਼ ਕੌਰ ਸੰਦੀਪ ਕੌਰ ਸੀਮਾ ਰਾਣੀ ਆਦੇ ਜਗਜੀਤ ਕੌਰ ਆਸ਼ਾ ਵਰਕਰ ਸ਼੍ਰੀ ਸਜੀਨ ਤੇਜਪਾਲ ਅਤੇ ਗਗਨਦੀਪ ਚੈਂਕਰ ਮੌਜੂਦ ਸਨ

# ਸੰਕਟ ਦੀ ਇਸ ਘੜੀ ’ਚ ਸਾਰੇ ਧਰਮ ਅਤੇ ਭਾਈਚਾਰੇ ਦੇਸ਼ ਦੀ ਫੌਜ ਦੇ ਨਾਲ ਖੜ੍ਹੇ ਹਨ - ਬ੍ਰਹਮ ਸ਼ੰਕਰ ਜਿੰਪਾ

## ਮੌਜੂਦਾ ਹਾਲਾਤ ਦੇ ਮੱਦੇਨਜ਼ਰ ਸਰਵਧਰਮ ਸਦਭਾਵਨਾ ਕਮੇਟੀ ਨੇ ਕੀਤੀ ਅਹਿਮ ਮੀਟਿੰਗ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਦੇਸ਼ ਵਿੱਚ ਜੰਗ ਦੀ ਸਥਿਤੀ ਦੇ ਮੱਦੇਨਜ਼ਰ, ਸਰਵਧਰਮ ਸਦਭਾਵਨਾ ਕਮੇਟੀ ਵੱਲੋਂ ਫਿਊਚਰ ਰੈਡੀ ਇੰਸਟੀਚਿਊਟ ਵਿਦਿਆ ਮੰਦਿਰ ਸ਼ਿਮਲਾ ਪਹਾੜੀ ਹੁਸ਼ਿਆਰਪੁਰ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ। ਵਿਧਾਇਕ ਹੁਸ਼ਿਆਰਪੁਰ ਬ੍ਰਹਮ ਸ਼ੰਕਰ ਜਿੰਪਾ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਰੇ ਧਰਮਾਂ, ਭਾਈਚਾਰਿਆਂ ਅਤੇ ਸਮਾਜ ਦੇ ਸਾਰੇ ਵਰਗਾਂ ਦੇ ਮੈਂਬਰ ਇਸ ਸੰਕਟ ਦੀ ਘੜੀ ਵਿੱਚ ਦੇਸ਼ ਅਤੇ ਸਰਹੱਦਾਂ ‘ਤੇ ਲੜ ਰਹੀਆਂ ਫੌਜਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਸਾਰੇ ਨਾਗਰਿਕਾਂ ਨੂੰ ਸਿਵਲ ਡਿਫੈਂਸ ਸਿਖਲਾਈ ਵੀ ਲੈਣੀ ਚਾਹੀਦੀ ਹੈ ਤਾਂ ਜੋ ਕਿਸੇ ਆਫ਼ਤ ਦੀ ਸਥਿਤੀ ਵਿੱਚ ਜ਼ਖਮੀ ਲੋਕਾਂ ਦੀ ਜਾਨ ਬਚਾਉਣ ਲਈ ਤੁਰੰਤ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ ਸਾਨੂੰ ਪ੍ਰਸ਼ਾਸਨ ਦੇ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਅਫਵਾਹਾਂ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਪਾਕਿਸਤਾਨ ਵੱਲੋਂ ਸਪਾਂਸਰ ਕੀਤੀਆਂ ਜਾ ਰਹੀਆਂ ਅੱਤਵਾਦੀ ਗਤੀਵਿਧੀਆਂ ਦਾ ਦ੍ਰਿੜ ਅਤੇ ਢੁਕਵਾਂ ਜਵਾਬ ਦੇਣਾ ਬਹੁਤ ਜ਼ਰੂਰੀ ਹੈ। ਜਿਸ ਵਿੱਚ ਸਾਡੀਆਂ ਹਥਿਆਰਬੰਦ ਫੌਜਾਂ ਸਮਰੱਥ ਹਨ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਸਰਵਧਰਮ ਸਦਭਾਵਨਾ ਕਮੇਟੀ ਦੇ ਕਨਵੀਨਰ ਅਨੁਰਾਗ ਸੂਦ, ਕ੍ਰਿਸ਼ਚੀਅਨ ਨੈਸ਼ਨਲ ਫਰੰਟ ਦੇ ਰਾਸ਼ਟਰੀ ਚੇਅਰਮੈਨ ਲਾਰੈਂਸ ਚੌਧਰੀ, ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਦੇ ਉਪ ਪ੍ਰਧਾਨ ਅਵਤਾਰ ਸਿੰਘ ਲਾਇਲ, ਗੁਰਨਾਮ ਸਿੰਘ ਘੁੰਮਣ, ਅਹਿਮਦੀਆ ਮੁਸਲਿਮ ਜਮਾਤ ਤੋਂ ਮੌਲਵੀ ਸ਼ਾਹਬਾਜ਼ ਮੰਨਨ, ਸੂਦ ਸਭਾ ਹੁਸ਼ਿਆਰਪੁਰ ਦੇ ਪ੍ਰਧਾਨ ਅਰਵਿੰਦ ਸੂਦ ਐਡਵੋਕੇਟ, ਸੇਵਾਮੁਕਤ ਡੀਐਫਐਸਓ ਇੰਦਰ ਮੋਹਨ ਸ਼ਰਮਾ ਅਤੇ ਸਮਾਜ ਸੇਵਕ ਮਨੀ ਗੋਗੀਆ ਨੇ ਵੀ ਦੇਸ਼ ਨੂੰ ਸੰਬੋਧਨ ਕੀਤਾ ਅਤੇ ਸਾਰੇ ਦੇਸ਼ ਵਾਸੀਆਂ ਨੂੰ ਅਜਿਹੇ ਸਮੇਂ ਵਿੱਚ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਬਾਬਾ ਬਾਲਕ ਨਾਥ ਟਰੱਸਟ ਦੇ ਸੰਸਥਾਪਕ ਹਰਸ਼ਵਿੰਦਰ ਸਿੰਘ ਪਠਾਨੀਆ, ਸੂਦ ਸਭਾ ਦੇ ਸਕੱਤਰ ਅਨਿਲ ਸੂਦ, ਮਹਾਰਿਸ਼ੀ ਭ੍ਰਿਗੂ ਵੇਦ ਵਿਦਿਆਲਿਆ ਦੇ ਸੰਸਥਾਪਕ ਪੰਕਜ ਸੂਦ, ਪ੍ਰੋ: ਨਜਮ ਰਿਆਦ, ਪ੍ਰੋ: ਟਰੇਸੀ ਕੋਹਲੀ, ਸ਼੍ਰੀ ਰਵਿਦਾਸ ਸਭਾ ਦੇ ਪ੍ਰਧਾਨ ਰਾਕੇਸ਼ ਕੁਮਾਰ, ਮਨਦੀਪ ਚੇਚੀ, ਪ੍ਰਿੰਸੀਪਲ ਸ਼ੋਭਾ ਰਾਣੀ, ਵਿਜੇ ਕੰਵਰ, ਮਨੀਸ਼ਾ ਜੋਸ਼ੀ, ਚਾਹਤ ਪਠਾਨੀਆ, ਚੇਤਨਾ ਅਤੇ ਹੋਰ ਪਤਵੰਤੇ ਹਾਜ਼ਰ ਸਨ | ਇਸ ਮੌਕੇ ‘ਤੇ ਮੌਜੂਦ ਲੋਕਾਂ ਨੇ ਪ੍ਰਸ਼ਾਸਨ ਵੱਲੋਂ ਸਪਾਂਸਰ ਕੀਤੀ ਗਈ ਸਿਵਲ ਡਿਫੈਂਸ ਸਿਖਲਾਈ ਲਈ ਫਾਰਮ ਵੀ ਭਰੇ।

# ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ 6ਮਈ ਨੂੰ ਹੋਈ ਕੈਬਨਿਟ ਸਬ ਕ੍ਮੇਟੀ ਨਾਲ ਮੀਟਿੰਗ ਆਖਰਕਾਰ ਲਿਆਈ ਰੰਗ

## ਮੁੱਖ ਮੰਤਰੀ ਪੰਜਾਬ ਜੀ ਵਲੋ ਜੰਗਲਾਤ ਅਤੇ ਜੰਗਲੀ ਜੀਵ ਦੇ 900 ਡੇਲੀਵੇਜ ਕਾਮਿਆ ਦਿੱਤੀ ਮਨਜ਼ੂਰੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਨਾਭਾ 10ਮਈ(ਬਾਂਗਾਂ /ਬੇਅੰਤ ਸਿੰਘ ਰੋਹਟੀ ਖਾਸ)ਪੰਜਾਬ ਸੁਬਾਰਡੀਨੇਟ ਸਰਵਿਸਿਜ ਫ਼ੈਡਰੈਸਨ1406-22 ਬੀ ਚੰਡੀਗੜ ਨਾਲ ਸੰਬਧਤ ਜੰਗਲਾਤ ਕਾਮਿਆ ਦੀ ਇਕੋ-ਇਕ ਸਿਰਮੌਰ ਸੰਘਰਸ਼ੀਲ ਜੰਥੇਬੰਦੀ ਜੰਗਲਾਤ ਵਰਕਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਮਰੀਕ ਸਿੰਘ ਗੜਸ਼ੰਕਰ ਜਰਨਲ ਸਕੱਤਰ ਜਸਵੀਰ ਸਿੰਘ ਸੀਰਾ ਸੁਬਾਈ ਸਕੱਤਰ ਜਸਵਿੰਦਰ ਸਿੰਘ ਪਟਿਆਲਾ ਅਤੇ ਜੰਥੇਬੰਦੀ ਦੇ ਮੁੱਖ ਸਲਾਹਕਾਰ ਮੱਖਣ ਸਿੰਘ ਵਾਹਿਦਪੁਰੀ ਵੱਲੋਂ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਵਿਚ ਪਿਛਲੇ 25-25ਸਾਲਾਂ ਤੇ ਨਿਗੋਣੀਆ ਤਨਖ਼ਾਹਾਂ ਤੇ ਡੇਲੀਵੇਜ ਕੰਮ ਕਰਦੇ ਕਾਮਿਆ ਨੂੰ ਬਿਨਾਂ ਸ਼ਰਤ ਪੱਕੇ ਕਰਵਾਉਣ ਲਈ 6ਮਈ ਨੂੰ ਹੋਈ ਕੈਬਨਿਟ ਸਬ ਕਮੇਟੀ ਦੇ ਨਾਲ ਹੋਈ ਮੀਟਿੰਗ ਆਖਰਕਾਰ ਰੰਗ ਲਿਆਈ ਮਾਨਯੋਗ ਮੁੱਖ ਮੰਤਰੀ ਪੰਜਾਬ ਜੀ ਵਲੋ ਕੈਬਨਿਟ ਮੀਟਿੰਗ ਵਿੱਚ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਦੇ 900 ਡੇਲੀਵੇਜ ਕਾਮਿਆਂ ਨੂੰ ਦਿੱਤੀ ਮਨਜੂਰੀ ਜੰਗਲਾਤ ਦੇ ਡੇਲੀਵੇਜ ਕਾਮੇਂ ਜਲਦੀ ਜਾਣਗੇ ਪੱਕੇ, ਪ੍ਰੈਸ ਦੇ ਨਾ ਬਿਆਨ ਜਾਰੀ ਕਰਦਿਆਂ ਜਥੈਬੰਦੀ ਦੇ ਆਗੂਆਂ ਸੇਰ ਸਿੰਘ ਸਰਹਿੰਦ ਜਗਤਾਰ ਸਿੰਘ ਸਾਹਪੁਰ ਜੋਗਾ ਸਿੰਘ ਵਜੀਦਪੁਰ ਅਮਰਜੀਤ ਸਿੰਘ ਲਾਛੜੂ ਕਲਾ ਭੁਪਿੰਦਰ ਸਿੰਘ ਸਾਧੋਹੇੜੀ ਅਤੇ ਦਰਸ਼ਨ ਬੇਲੂਮਾਜਰਾ ਨੇ ਕਿਹਾ ਕਿ ਜਿੱਥੇ ਪਿੱਛਲੇ ਸਮੇ ਕੀਤੇ ਸੰਘਰਸ਼ ਨੂੰ ਬੂਰ ਪਿਆ, ਇਸ ਦੀਆਂ ਸਾਰੇ ਸਾਥੀਆਂ ਨੂੰ ਸੰਗਰਾਮੀ ਮੁਬਾਰਕਾਂ,ਇਸਦੇ ਨਾਲ ਇਸ ਫੈਸਲੇ ਨੂੰ ਲਾਗੂ ਕਰਾਉਣ ਅਤੇ ਪੱਕੇ ਹੋਣ ਤੇ ਰਹਿ ਗਏ, ਕਾਮੇ ਪੱਕੇ ਕਰਾਉਣ ਤੇ ਮੰਗ ਪੱਤਰ ਚ, ਦਰਜ ਹੋਰ ਮੰਗਾਂ ਲਈ ਸੰਘਰਸ ਜਾਰੀ ਰਹੇਗਾ, ਇਸ ਲਈ ਹੋਰ ਪ੍ਰਾਪਤੀਆਂ ਕਰਨ ਲਈ ਸੰਘਰਸ਼ ਦੇ ਪਿੜ ਪਹਿਲਾਂ ਨਾਲੋ ਤਕੜੇ ਹੋ ਕੇ ਮੱਲਣ ਲਈ ਤਿਆਰ ਰਹੋ!!

# ਸਦਰ ਥਾਣਾ ਬਾਲੀਆਂ ਝੂਠਾ ਪਰਚਾ ਰੱਦ ਕਰਾਉਣ ਸਬੰਧੀ ਬਸਪਾ ਨੇ ਥਾਣਾ ਘੇਰਿਆ

## ਸਤਵਿੰਦਰ ਸਿੰਘ ਗਰੀਬ ਘਰ ਦਾ ਲੜਕਾ ਜੋ ਕਿ ਪੀ ਐਚ ਡੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਕਰ ਰਿਹਾ ਹੈ ਉਸ ਵਿਰੁੱਧ ਝੂਠਾ ਪਰਚਾ ਦਰਜ ਕਰਕੇ ਉਸ ਦਾ ਭਵਿੱਖ ਖਤਮ ਕਰਨ ਵਾਲੇ ਐਸ ਐਚ ਓ ਨੂੰ ਤੁਰੰਤ ਸਸਪੈਂਡ ਕੀਤਾ ਜਾਵੇ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਸੰਗਰੂਰ ( ) ਪਿੰਡ ਬਾਲੀਆਂ ਵਿਖੇ ਲਗਭਗ 15 ਸਾਲ ਤੋਂ ਇੱਕ ਆਰ ਓ ਪਾਣੀ ਲੱਗਾ ਸਿਸਟਮ ਲਗਾਇਆ ਗਿਆ ਸੀ ਜਿਸ ਉੱਪਰ ਚਮਕੌਰ ਸਿੰਘ ਰਮਦਾਸੀਆ ਨੂੰ ਆਪਰੇਟਰ ਤੌਰ ਤੇ ਪਿੰਡ ਦੀ ਪੰਚਾਇਤ ਵੱਲੋਂ 23/ 12 / 12 ਨੂੰ ਮਤਾ ਪਾਸ ਕਰਕੇ ਰੱਖਿਆ ਹੋਇਆ ਸੀ, ਪਰ ਜਿਉਂ ਹੀ ਬਾਲੀਆਂ ਪਿੰਡ ਦੀ ਪੰਚਾਇਤ ਦੀ ਬਦਲੀ ਹੋਈ ਤਾਂ ਉਹਨਾਂ ਨੇ ਇਸ ਆਪਰੇਟਰ ਨੂੰ ਜਾਤੀ ਅਧਾਰ ਤੇ ਹਟਾ ਕੇ ਆਪਣਾ ਹੋਰ ਅਪਰੇਟਰ ਕਰਾਉਣਾ ਚਾਹਿਆ ਅਤੇ ਇਸ ਕੰਮ ਲਈ ਹਰਜੀਤ ਸਿੰਘ ਮੌਜੂਦਾ ਸਰਪੰਚ ਜਸਵਿੰਦਰ ਕੌਰ ਦੇ ਘਰ ਵਾਲਾ, ਰਣਜੀਤ ਸਿੰਘ ਏ ਐਸ ਆਈ (ਹਰਜੀਤ ਸਿੰਘ ਦਾ ਭਰਾ) ਅਤੇ ਕਸ਼ਮੀਰ ਸਿੰਘ ਐਸ ਐਚ ਓ ਸਦਰ ਬਾਲੀਆਂ ਦੋਸਤ ਹੈ ਇਹਨਾਂ ਸਾਰਿਆਂ ਨੇ ਸਕੀਮ ਘੜ ਕੇ ਤਿੰਨ ਬੰਦਿਆਂ ਚਮਕੌਰ ਸਿੰਘ ਅਜਮੇਰ ਸਿੰਘ, ਬੂਟਾ ਸਿੰਘ ਅਜਮੇਰ ਸਿੰਘ ਤੇ ਬਿੰਦਰ ਸਿੰਘ ਅਜਮੇਰ ਸਿੰਘ ਵਿਰੁੱਧ ਪਰਚਾ ਨੰਬਰ 52 ਮਿਤੀ15/4 / 25 ਪਰਚਾ ਕੀਤਾ ਜਿਸ ਦੇ ਵਿਰੁੱਧ ਚਮਕੌਰ ਸਿੰਘ ਅਤੇ ਉਸਦੇ ਭਰਾ ਸਿਵਲ ਕੋਰਟ ਵੱਲੋਂ ਗਿਰਫਤਾਰੀ ਦੀ ਸਟੇਆ ਲੈ ਕੇ ਆਏ ਉਹਨਾਂ ਪਿੰਡ ਦੀ ਪੰਚਾਇਤ ਨੂੰ, ਮਾਨਯੋਗ ਐਸ ਐਸ ਪੀ ਸੰਗਰੂਰ, ਡੀ ਐਸ ਪੀ ਆਰ ਅਤੇ ਐਸ ਐਚ ਓ ਸਦਰ ਬਾਲੀਆਂ ਨੂੰ ਬੇਨਤੀ ਕੀਤੀ ਕਿ ਜੋ ਉਹਨਾਂ ਦਾ ਲੱਖਾਂ ਰੁਪਏ ਦਾ ਸਮਾਨ ਜੋ ਕਿ ਆਰ ਓ ਦੇ ਅੰਦਰ ਹੈ ਅਤੇ ਕੁਝ ਬਾਹਰ ਹੈ ਤੇ ਜਸਵਿੰਦਰ ਕੌਰ ਸਰਪੰਚਣੀ ਬਾਲੀਆਂ ਦੇ ਪਤੀ ਨੇ ਧੱਕੇ ਨਾਲ ਉਸ ਤੇ ਕਬਜ਼ਾ ਕੀਤਾ ਹੋਇਆ ਹੈ ਆਪਦੇ ਪੈਸੇ ਨਾਲ ਆਰ ਓ ਤੇ ਠੰਡਾ ਪਾਣੀ ਕਰਨ ਲਈ ਲਗਾਇਆ ਹੋਇਆ ਸਮਾਨ ਵੀ ਵਾਪਸ ਨਹੀਂ ਕਰ ਰਹੇ। ਉਹਨਾਂ ਕਿਹਾ ਕਿ ਸਾਨੂੰ ਸਮਾਨ ਲਾਹੁਣ ਦੇ ਦਿੱਤਾ ਜਾਵੇ, ਇਸ ਸਬੰਧੀ ਐਸ ਐਚ ਓ ਸਦਰ ਟਾਲਮਟੋਲ ਕਰਦਾ ਰਿਹਾ ,ਅਖੀਰ ਨੂੰ ਅੱਜ ਪਿੰਡ ਦੇ ਮਜ਼ਦੂਰਾਂ ਕਿਰਤੀ ਕਾਮਿਆਂ ਨੇ ਬਸਪਾ ਦੇ ਸਹਿਯੋਗ ਨਾਲ ਸਦਰ ਥਾਣਾ ਘੇਰਿਆ ਹੋਇਆ ਹੈ ਇਸ ਸਬੰਧੀ ਸ੍ਰ ਚਮਕੌਰ ਸਿੰਘ ਵੀਰ ਨੇ ਕਿਹਾ ਕਿ ਐਸ ਐਚ ਓ ਸਦਰ ਦਲਿਤ ਵਿਰੋਧੀ ਹੈ ਉਸ ਨੇ ਐਕਸੀਅਨ ਵਾਟਰ ਐਂਡ ਸਪਲਾਈ ਪੱਤਰ ਨੰਬਰ 4676 ਮਿਤੀ 11/4/25 ਦੀ ਉਲੰਘਣਾ ਕਰਕੇ 15 ਅਪ੍ਰੈਲ ਨੂੰ ਐਫਆਈਆਰ ਨੰਬਰ 52ਗਲਤ ਦਰਜ ਕਰਕੇ ਦਲਿਤਾਂ ਤੇ ਅੱਤਿਆਚਾਰ ਕੀਤਾ ਹੈ। ਇਥੋਂ ਤੱਕ ਕਿ ਸਤਵਿੰਦਰ ਸਿੰਘ ਜੋ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪੀ ਐਚ ਡੀ ਕਰ ਰਿਹਾ ਹੈ ਉਸ ਉੱਪਰ ਵੀ ਉਸ ਦਾ ਨਾਮ ਵੀ ਪਰਚੇ ਵਿੱਚ ਪਾ ਕੇ ਉਸ ਦਾ ਭਵਿੱਖ ਖਤਮ ਕਰ ਦਿੱਤਾ ਹੈ।ਧਰਨਾਕਾਰੀਆਂ ਨੇ ਮੰਗ ਕੀਤੀ ਕਿ ਕਸ਼ਮੀਰ ਸਿੰਘ ਐਸ ਐਚ ਓ ਨੂੰ ਤੁਰੰਤ ਸਸਪੈਂਡ ਕੀਤਾ ਜਾਵੇ। ਝੂਠਾ ਪਰਚਾ ਰੱਦ ਕੀਤਾ ਜਾਵੇ ।ਜੋ ਚਮਕੌਰ ਸਿੰਘ ਅਤੇ ਉਸਦੇ ਭਰਾਵਾਂ ਦਾ ਆਰ ਓ ਤੇ ਆਪਣਾ ਸਮਾਨ ਖਰੀਦਿਆ ਹੋਇਆ ਲੱਗਿਆ ਹੋਇਆ ਹੈ ਉਹ ਉਹਨਾਂ ਨੂੰ ਤੁਰੰਤ ਵਾਪਸ ਕਰਾਇਆ ਜਾਵੇ। ਧਰਨਾਕਾਰੀ ਥਾਣੇ ਅੱਗੇ ਘੰਟਿਆਂ ਬੱਧੀ ਸਿਖਰ ਦੁਪਹਿਰੇ ਧੁੱਪ ਵਿੱਚ ਬੈਠ ਕੇ ਐਸ ਐਚ ਓ ਵਿਰੁੱਧ ਨਾਰੇਬਾਜੀ ਕਰਦੇ ਰਹੇ ਇਸ ਸਮੇਂ ਸੂਬੇਦਾਰ ਰਣਧੀਰ ਸਿੰਘ ਨਾਗਰਾ ਜਿਲਾ ਇੰਚਾਰਜ ਬਸਪਾ ਸੰਗਰੂਰ, ਨਿਰਮਲ ਸਿੰਘ ਮੱਟੂ ਜਨਰਲ ਸਕੱਤਰ ਸੰਗਰੂਰ, ਮਿੱਠਾ ਸਿੰਘ, ਮੁਖਤਿਆਰ ਸਿੰਘ ਮੈਂਬਰ, ਬਲਵੀਰ ਸਿੰਘ ਮੁਖਤਿਆਰ ਸਿੰਘ, ਨਛੱਤਰ ਸਿੰਘ, ਸਤਵਿੰਦਰ ਸਿੰਘ, ਚਮਕੌਰ ਸਿੰਘ, ਬਲਵਿੰਦਰ ਸਿੰਘ, ਅਮਨਦੀਪ ਕੌਰ, ਰਾਜਵੀਰ ਕੌਰ, ਸਰਜੀਤ ਕੌਰ, ਬਲਜੀਤ ਕੌਰ, ਬਲਜੀਤ ਕੌਰ, ਜਸਵੀਰ ਕੌਰ ਮਹਿੰਦਰ ਕੌਰ ਸੁਖਵਿੰਦਰ ਕੌਰ ਸੁਖਵਿੰਦਰ ਕੌਰ ਅਮਰਜੀਤ ਕੌਰ ਅਮਨਦੀਪ ਸਿੰਘ ਸ਼ਮਸ਼ੇਰ ਸਿੰਘ ਅਜਮੇਰ ਸਿੰਘ ਬਲਵੀਰ ਸਿੰਘ ਨੇਕ ਸਿੰਘ ਬਲਵਿੰਦਰ ਸਿੰਘ ਬਲਜਿੰਦਰ ਬਲਜਿੰਦਰ ਸਿੰਘ ਕ੍ਰਿਸ਼ਨ ਸਿੰਘ ਚਮਕੌਰ ਸਿੰਘ ਜਸਵਿੰਦਰ ਸਿੰਘ ਬਲਕਾਰ ਸਿੰਘ ਗੱਬਰ ਸਿੰਘ ਚਮਕੌਰ ਸਿੰਘ, ਜੀਵਨ ਸਿੰਘ, ਭੋਲਾ ਸਿੰਘ, ਅਮਨਦੀਪ ਸਿੰਘ ਆਦਿ ਵੱਡੀ ਗਿਣਤੀ ਵਿੱਚ ਧਰਨਾਕਾਰੀ ਮੌਜੂਦ ਸਨ।

# ਭਾਰਤ-ਪਾਕਿਸਤਾਨ ’ਚ ਤਣਾਅਪੂਰਨ ਹਾਲਾਤ ਮੌਕੇ ਸ਼੍ਰੋਮਣੀ ਕਮੇਟੀ ਨੇ ਸਰਾਵਾਂ ਅਤੇ ਸਕੂਲ ਕਾਲਜ ਰਿਹਾਇਸ਼ ਲਈ ਖੋਲੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਸੰਗਰੂਰ, 10 ਮਈ (ਜਗਸੀਰ ਲੌਂਗੋਵਾਲ) -

ਭਾਰਤ-ਪਾਕਿਸਤਾਨ ਵਿਚ ਬਣੇ ਤਣਾਅਪੂਰਨ ਹਾਲਾਤਾਂ ਦੇ ਮੱਦੇਨਜ਼ਰ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਰਹੱਦੀ ਇਲਾਕਿਆਂ ਵਿਚੋਂ ਉਠਾਏ ਜਾ ਰਹੇ ਲੋਕਾਂ ਦੇ ਰਹਿਣ ਲਈ ਜਿਥੇ ਗੁਰਦੁਆਰਾ ਸਾਹਿਬਾਨ ਅੰਦਰ ਸਰਾਵਾਂ ਦੇਣ ਦੀ ਪਹਿਲਕਦਮੀ ਕੀਤੀ ਸੀ, ਉਥੇ ਹੁਣ ਸੰਸਥਾ ਦੇ ਪ੍ਰਬੰਧ ਵਾਲੇ ਸਕੂਲ ਕਾਲਜ ਵੀ ਰਹਾਇਸ਼ ਲਈ ਖੋਲ੍ਹ ਦਿੱਤੇ ਗਏ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਖਿੱਤੇ ਅੰਦਰ ਬਣੇ ਤਲਖ਼ ਹਾਲਾਤਾਂ ਕਰਕੇ ਸਰਹੱਦੀ ਇਲਾਕਿਆਂ ਦੇ ਲੋਕਾਂ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਵਿਖੇ ਰਹਿਣ ਲਈ ਸਰਾਵਾਂ ਅਤੇ ਲੰਗਰ ਦਾ ਪ੍ਰਬੰਧ ਕਰਨ ਦਾ ਫੈਸਲਾ ਕੀਤਾ ਸੀ, ਜਿਸ ਵਿਚ ਵਾਧਾ ਕਰਦਿਆਂ ਹੁਣ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਸਕੂਲ ਅਤੇ ਕਾਲਜਾਂ ਵਿਚ ਵੀ ਰਹਾਇਸ਼ ਦੇ ਪ੍ਰਬੰਧ ਕੀਤੇ ਗਏ ਹਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਹਮੇਸ਼ਾ ਹੀ ਮੁਸੀਬਤ ਸਮੇਂ ਮਨੁੱਖਤਾ ਦੇ ਨਾਲ ਖੜ੍ਹੀ ਹੈ ਅਤੇ ਲੋੜਵੰਦਾਂ ਦੀ ਹਰ ਸੰਭਵ ਮਦਦ ਲਈ ਕਾਰਜਸ਼ੀਲ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਵੀ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੀਆਂ ਸੰਸਥਾਵਾਂ



ਨੂੰ ਲੋੜਵੰਦਾਂ ਲਈ ਖੋਲ੍ਹਣ ਦੇ ਆਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਲੋੜ ਅਨੁਸਾਰ ਆਪਣੇ ਨੇੜਲੇ ਗੁਰਦੁਆਰਾ ਸਾਹਿਬਾਨ ਜਾਂ ਸਕੂਲ ਕਾਲਜਾਂ ਵਿਚ ਸੰਪਰਕ ਕਰਨ।

# ਖਪਤਕਾਰਾਂ ਨੂੰ ਥੋਕ ਵਿਚ ਕੋਈ ਵੀ ਸਾਮਾਨ ਨਾ ਵੇਚਿਆ ਜਾਵੇ : ਹਰਵੀਨ ਕੌਰ

## ਡੀ.ਐਫ.ਐਸ.ਸੀ ਨੇ ਜ਼ਿਲ੍ਹੇ ਦੇ ਦੁਕਾਨਦਾਰਾਂ ਨੂੰ ਕੀਤੀ ਹਦਾਇਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ)

ਜ਼ਿਲ੍ਹੇ ਵਿਚ ਭਾਰਤ-ਪਾਕਿ ਤਣਾਅ ਮਗਰੋਂ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕੰਟਰੋਲਰ, ਖੁਰਾਕ ਸਪਲਾਈ ਵਿਭਾਗ,



ਹੁਸ਼ਿਆਰਪੁਰ (ਡੀ.ਐਫ.ਐਸ.ਸੀ) ਹਰਵੀਨ ਕੌਰ ਵੱਲੋਂ ਜ਼ਰੂਰੀ ਵਸਤਾਂ ਐਕਟ, 1955 ਅਤੇ ਸੈਕਸ਼ਨ 163 ਅਧੀਨ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ 2023, ਅਧੀਨ ਜ਼ਿਲ੍ਹੇ ਵਿਚ ਵੱਖ-ਵੱਖ ਹੋਲਸੇਲਰਾਂ /ਰਿਟੇਲਰਾਂ ਦੀਆਂ ਦੁਕਾਨਾਂ ਦਾ ਦੌਰਾ ਕੀਤਾ ਗਿਆ ਅਤੇ ਉਨ੍ਹਾਂ ਨੂੰ ਹਦਾਇਤ ਕੀਤੀ ਗਈ ਕਿ ਕਿਸੇ ਵੀ ਖਪਤਕਾਰ ਨੂੰ ਥੋਕ ਵਿੱਚ ਕੋਈ ਵੀ ਸਾਮਾਨ ਨਾ ਵੇਚਿਆ ਜਾਵੇ ਅਤੇ ਇਸ ਸਬੰਧੀ ਗਾਹਕਾਂ ਨੂੰ ਵੀ ਜਾਗਰੂਕ ਕੀਤਾ ਜਾਵੇ ਕਿ ਉਹ ਸਾਮਾਨ ਦੀ ਖਰੀਦ ਲੋੜ ਅਨੁਸਾਰ ਹੀ ਕਰਨ। ਹਰਵੀਨ ਕੌਰ ਨੇ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਇਸ ਸਬੰਧੀ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਹੰਗਾਮੀ ਹਾਲਾਤ ਦੌਰਾਨ ਪੰਜਾਬ ਸਰਕਾਰ ਜਨਤਾ ਨੂੰ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰਨ ਲਈ ਪਾਬੰਦ ਹੈ

# ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਵੀ ਸੰਕਟਕਾਲੀਨ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ - ਆਸ਼ਿਕਾ ਜੈਨ

## ਡਿਪਟੀ ਕਮਿਸ਼ਨਰ ਨੇ ਸਿਵਲ ਡਿਫੈਂਸ ਅਤੇ ਜ਼ਰੂਰੀ ਸੇਵਾਵਾਂ ਸਬੰਧੀ ਤਿਆਰੀਆਂ ਦਾ ਲਿਆ ਜਾਇਜ਼ਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਮੌਜੂਦਾ ਹਾਲਾਤ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸ਼ਹਿਰਾਂ ਤੇ ਕਸਬਿਆਂ ਦੇ ਨਾਲ-ਨਾਲ ਪਿੰਡਾਂ ਵਿਚ ਵੀ ਕਿਸੇ ਵੀ ਸੰਕਟਕਾਲੀਨ ਹਾਲਤ ਦਾ ਟਾਕਰਾ ਕਰਨ ਲਈ ਪੂਰੀ ਤਿਆਰੀ ਕਰ ਲਈ ਹੈ। ਅੱਜ ਇਸ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ



ਜ਼ਿਲ੍ਹੇ ਦੇ ਹਰੇਕ ਪਿੰਡ ਵਿਚ 150-150 ਮਿੱਟੀ ਦੇ ਬੋਰੇ ਤਿਆਰ ਕੀਤੇ ਗਏ ਹਨ। ਇਸੇ ਤਰ੍ਹਾਂ ਪਿੰਡਾਂ ਵਿਚ ਵੀ ਰਿਸਪਾਂਸ ਟੀਮਾਂ ਗਠਿਤ ਕੀਤੀਆਂ ਗਈਆਂ ਹਨ ਅਤੇ ਜਿਓ ਹੀ ਸਾਇਰਨ ਵੱਜੇਗਾ ਤਾਂ ਸਾਰੇ ਪਾਸੇ ਬਲੈਕ ਆਊਟ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿਚ ਬਲੈਕ ਆਊਟ ਦੌਰਾਨ ਕਿਸੇ ਵੀ ਸ਼ੱਕੀ ਵਿਅਕਤੀ ਦੀ ਆਮਦ ਨੂੰ ਰੋਕਣ ਲਈ ਠੀਕਰੀ ਪਹਿਰੇ ਸ਼ੁਰੂ ਕੀਤੇ ਗਏ ਹਨ ਅਤੇ ਸਿਵਲ ਡਿਫੈਂਸ ਲਈ ਡਰਿੱਲ ਵੀ ਕਰਵਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਦੌਰਾਨ ਜ਼ਰੂਰੀ ਸੇਵਾਵਾਂ ਲਈ ਮਨੋਨੀਤ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਡਿਊਟੀਆਂ ਤੋਂ ਜਾਣੂ ਕਰਵਾਇਆ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।ਇਨ੍ਹਾਂ ਸੇਵਾਵਾਂ ਵਿਚ ਹੈਡਕੁਆਰਟਰ ਸੇਵਾਵਾਂ, ਵਾਰਡਨ ਸੇਵਾਵਾਂ, ਸੰਚਾਰ ਸੇਵਾਵਾਂ, ਦੁਰਘਟਨਾ ਸੇਵਾਵਾਂ, ਫਾਇਰ ਫਾਈਟਿੰਗ ਸੇਵਾਵਾਂ, ਰੈਸਕਿਊ ਸੇਵਾਵਾਂ, ਵੈਲਫੇਅਰ ਸੇਵਾਵਾਂ, ਬਚਾਓ ਸੇਵਾਵਾਂ, ਕਰੋਪਸ ਡਿਸਪੋਜ਼ਲ ਸੇਵਾਵਾਂ, ਡੀਪੂ ਤੇ ਟਰਾਂਸਪੋਰਟ ਸੇਵਾਵਾਂ, ਟ੍ਰੇਨਿੰਗ ਸੇਵਾਵਾਂ, ਸਪਲਾਈ ਸੇਵਾਵਾਂ, ਲੇਬਰ ਸਪਲਾਈ ਸੇਵਾਵਾਂ, ਇੰਡਸਟਰੀ ਤੇ ਫੈਕਟਰੀ ਸੇਵਾਵਾਂ ਅਤੇ ਮਲਬਾ ਰਿਕਵਰੀ ਆਦਿ ਸੇਵਾਵਾਂ ਸ਼ਾਮਲ ਹਨ।

# ਰਾਤ 8 ਵਜੇ ਤੋਂ ਸਵੇਰੇ 6 ਵਜੇ ਤੱਕ ਬੰਦ ਰਹਿਣਗੀਆਂ ਦੁਕਾਨਾਂ, ਹੋਟਲ, ਰੈਸਟੋਰੈਂਟ, ਮਾਲ, ਢਾਬੇ, ਸਿਨੇਮਾ ਹਾਲ ਤੇ ਵਪਾਰਕ ਅਦਾਰੇ: ਡਿਪਟੀ ਕਮਿਸ਼ਨਰ

## ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ, ਇਹ ਸਭ ਅਹਿਤਿਹਾਤੀ ਕਦਮ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)

ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਅੱਜ ਜ਼ਿਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਭਾਰਤ ਅਤੇ ਗੁਆਂਢੀ ਮੁਲਕ ਵਿਚਾਲੇ ਵਧੇ ਤਣਾਅ ਕਰਕੇ ਬਣੇ ਹਾਲਾਤ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਡੇਰੇ ਜਨਤਕ ਹਿੱਤ ਵਿੱਚ ਜਾਰੀ ਕੀਤੇ ਜਾ ਰਹੇ ਨਿਰਦੇਸ਼ਾਂ ਨੂੰ ਹਰ ਹਾਲ ਪੂਰਨ ਤੌਰ ‘ਤੇ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਾਰੇ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਨੇ ਹੁਕਮ ਜਾਰੀ ਕੀਤੇ ਹਨ ਕਿ ਸਾਰੀਆਂ ਦੁਕਾਨਾਂ, ਸਿਨੇਮਾਘਰ, ਰੈਸਟੋਰੈਂਟ, ਢਾਬੇ, ਬਾਜ਼ਾਰ ਅਤੇ ਹੋਰ ਵਪਾਰਕ ਅਦਾਰੇ ਰਾਤ 8:00 ਵਜੇ ਤੋਂ ਸਵੇਰੇ 6:00 ਵਜੇ ਤੱਕ ਬੰਦ



ਰਹਿਣਗੇ। ਇਸ ਤੋਂ ਇਲਾਵਾ ਅੱਜ ਤੋਂ ਜ਼ਿਲ੍ਹੇ ਭਰ ਵਿੱਚ ਰਾਤ 8:30 ਵਜੇ ਤੋਂ ਸਵੇਰੇ 5:30 ਵਜੇ ਤੱਕ ਬਲੈਕਆਊਟ ਲਾਗੂ ਰਹੇਗਾ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਸੁਰੱਖਿਆ ਦੇ ਮੱਦੇਨਜ਼ਰ ਘਰਾਂ ਅਤੇ ਵਪਾਰਕ ਅਦਾਰਿਆਂ, ਬਾਜ਼ਾਰਾਂ, ਏਟੀਐਮ ਅਤੇ ਬੈਂਕਾਂ ਦੇ ਬਾਹਰ ਲਾਈਟਾਂ ਬੰਦ ਰੱਖੀਆਂ ਜਾਣ। ਡਿਪਟੀ ਕਮਿਸ਼ਨਰ ਨੇ ਇਸ ਗੱਲ ‘ਤੇ ਵੀ ਜ਼ੋਰ ਦਿੱਤਾ ਕਿ ਜੇਕਰ ਕਿਤੇ ਵੀ ਕਿਸੇ ਨੂੰ ਕੋਈ ਡਰੋਨ ਜਾਂ ਅਣਪਛਾਤੀ ਸਮੱਗਰੀ ਦਿਖਾਈ ਦਿੰਦੀ ਹੈ ਤਾਂ ਤੁਰੰਤ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਨੰਬਰ 01823-220545 ਅਤੇ 01823-226192 ਜਾਂ ਪੁਲਿਸ ਕੰਟਰੋਲ ਰੂਮ 01823-226524, 01823-508063 ਜਾਂ ਵਟਸਐਪ ਨੰਬਰ 95646-95646 ‘ਤੇ ਇਸਦੀ ਸੂਚਨਾ ਦੇਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਕਿਸੇ ਵੀ ਪਦਾਰਥ ਨੂੰ ਹੱਥ ਨਾ ਲਗਾਇਆ ਜਾਵੇ ਅਤੇ ਇਸਦੀ ਜਾਣਕਾਰੀ ਤੁਰੰਤ ਕੰਟਰੋਲ ਰੂਮਾਂ ਵਿੱਚ ਦਿੱਤੀ ਜਾਵੇ ਕਿਉਂਕਿ ਇਹ ਵਿਸਫੋਟਕ ਸਮਗਰੀ ਵੀ ਹੋ ਸਕਦੀ ਹੈ। ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨਾਲ ਸੰਚਾਰ ਯੋਜਨਾ ‘ਤੇ ਵੀ ਚਰਚਾ ਕੀਤੀ ਅਤੇ ਉਨ੍ਹਾਂ ਨੂੰ ਇਸਨੂੰ ਪੂਰੀ ਭਾਵਨਾ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਵੱਡੇ ਇਕੱਠ ਅਤੇ ਭੀੜ ਵਾਲੀਆਂ ਥਾਵਾਂ ‘ਤੇ ਜਾਣ, ਉੱਚੀਆਂ ਇਮਾਰਤਾਂ ਵਿਚ ਵਿਚਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਸਾਵਧਾਨੀ ਵਜੋਂ ਸਾਰੇ ਕਦਮ ਚੁੱਕ ਰਿਹਾ ਹੈ ਅਤੇ ਵਸਨੀਕਾਂ ਨੂੰ ਠਰੰਮੇ ‘ਚ ਰਹਿਕੇ ਕਿਸੇ ਗੱਲੋਂ ਘਬਰਾਉਣ ਦੀ ਲੋੜ ਨਹੀਂ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਰੂਰੀ ਵਸਤੂਆਂ ਐਕਟ ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ ਦੀ ਧਾਰਾ 163 ਤਹਿਤ ਜ਼ਰੂਰੀ ਵਸਤੂਆਂ ਦੀ ਜਮ੍ਹਾਖੋਰੀ ਅਤੇ ਭੰਡਾਰਨ ‘ਤੇ ਪਹਿਲਾਂ ਹੀ ਪਾਬੰਦੀ ਲਗਾਈ ਜਾ ਚੁੱਕੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਪੂਰੀ ਲਗਨ ਅਤੇ ਮਿਹਨਤ ਨਾਲ ਆਪਣੀ ਡਿਊਟੀ ਕਰਨ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਉਪ ਮੰਡਲ ਮੈਜਿਸਟ੍ਰੇਟਾਂ ਨੂੰ ਉੱਚੀਆਂ ਇਮਾਰਤਾਂ ਦੇ ਮਾਲਕਾਂ, ਕਿਰਾਏਦਾਰਾਂ ਅਤੇ ਉੱਥੋਂ ਦੇ ਵਸਨੀਕਾਂ ਨਾਲ ਗੱਲਬਾਤ ਕਰਨ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਉਨ੍ਹਾਂ ਨੂੰ ਮੌਜੂਦਾ ਹਾਲਾਤਾਂ ਅਤੇ ਐਮਰਜੈਂਸੀ ਵਿੱਚ ਚੁੱਕੇ ਜਾਣ ਵਾਲੇ ਰੋਕਥਾਮ ਉਪਾਵਾਂ ਬਾਰੇ ਜਾਣੂ ਕਰਵਾਇਆ ਜਾ ਸਕੇ।

# ਦਸਵੰਧ ਗਰੀਬਾਂ ਲਈ ਐਨ ਜੀ ਓ ਵੱਲੋਂ ਰੈੱਡ ਕਰਾਸ ਭਵਨ ਵਿੱਖੇ ਕੀਤਾ ਗਿਆ ਖੂਨਦਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਬੀਤੇ ਦਿਨੀਂ ਚੱਲ ਰਹੇ ਹਲਾਤਾਂ ਦੀ ਗੰਭੀਰਤਾ ਨੂੰ ਦੇਖਦਿਆਂ ਹੋਇਆਂ ਮਾਣਯੋਗ ਡੀ ਸੀ ਸਾਬ ਸ਼੍ਰੀ ਹਿਮਾਂਸ਼ੂ ਅਗਰਵਾਲ ਜੀ ਅਤੇ ਸੈਕਟਰੀ ਸਾਬ ਰੈਡ ਕਰਾਸ ਸੁਸਾਇਟੀ ਜਲੰਧਰ ਵੱਲੋਂ ਦੁਆਬਾ ਬਲੱਡ ਬੈਂਕ ਦੇ




ਸਹਿਯੋਗ ਨਾਲ ਉੱਚੀ ਸੁੱਚੀ ਸਖਸ਼ੀਅਤ ਸ਼੍ਰੀ ਨਰੇਸ਼ ਪਾਲ ਜੀ ਦੀ ਦੇਖ ਰੇਖ ਹੇਠ ਖੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿੱਚ ਬਹੁਤ ਸਾਰੀਆਂ ਨਾਮਵਰ ਸ਼ਖ਼ਸੀਅਤਾਂ, ਸੇਵਾ ਸੁਸਾਇਟੀਆ ਆਦਿਕ ਦੇ ਨਾਲ ਨਾਲ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਦੀ ਸ਼ਾਨ ਦਸਵੰਧ ਗਰੀਬਾਂ ਲਈ ਵੈਲਫੇਅਰ ਸੇਵਾ ਸੁਸਾਇਟੀ ਪੰਜਾਬ ਦੇ ਸੇਵਾਦਾਰ ਵੀਰ ਸ਼੍ਰੀ ਹਰਜਿੰਦਰ ਪਾਲ ਟੋਨੀ ਕੰਦੇਲਾ ਜੀਆਂ ਵੱਲੋਂ ਵੀ ਖੂਨਦਾਨ ਕੈਂਪ ਵਿੱਚ ਹਿੱਸਾ ਪਾ ਕੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੇਵਾ ਸੁਸਾਇਟੀ ਪੰਜਾਬ ਦਾ ਮਾਣ ਵਧਾਇਆ ਗਿਆ।

# ਕਣਕ ਦੀ ਆਮਦ ਤੇ ਖਰੀਦ ਦਾ ਕੰਮ ਲਗਭਗ ਮੁਕੰਮਲ : ਡਿਪਟੀ ਕਮਿਸ਼ਨਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 94636 01616 hardipchumber57@gmail.com

ਬਠਿੰਡਾ, 9 ਮਈ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਜਿਥੇ ਕਣਕ ਦੀ ਆਮਦ ਤੇ ਖਰੀਦ ਦਾ ਕੰਮ ਲਗਭਗ ਮੁਕੰਮਲ ਹੋਣ ਵਾਲਾ ਹੈ, ਉਥੇ ਹੀ ਲਿਫਟਿੰਗ ਦਾ ਕੰਮ ਆਖਰੀ ਪੜਾਅ ਤੇ ਪਹੁੰਚ ਚੁੱਕਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਕੀਤੀ ਗਈ ਰੀਵਿਊ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 8 ਮਈ 2025 ਤੱਕ 889378 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ‘ਚੋ ਵੱਖ-ਵੱਖ ਖਰੀਦ ਏਜੰਸੀਆਂ ਨੇ 885723 ਮੀਟ੍ਰਿਕ ਕਣਕ ਦੀ ਖਰੀਦ ਕੀਤੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਖਰੀਦ ਏਜੰਸੀਆਂ ਵੱਲੋਂ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 1951.21 ਕਰੋੜ ਰੁਪਏ ਜਮ੍ਹਾਂ ਵੀ ਕਰਵਾਏ ਗਏ ਹਨ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਤੇ ਸਪਲਾਈ ਕੰਟਰੋਲਰ ਡਾ.ਰਵਿੰਦਰ ਕੌਰ ਨੇ 8 ਮਈ 2025 ਅਪ੍ਰੈਲ ਤੱਕ ਵੱਖ-ਵੱਖ ਏਜੰਸੀਆਂ ਦੁਆਰਾ ਕੀਤੀ ਖਰੀਦੀ ਗਈ ਕਣਕ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਨਗ੍ਰੇਨ ਵੱਲੋਂ 270744 ਮੀਟ੍ਰਿਕ ਟਨ, ਮਾਰਕਫ਼ੈਡ 190392, ਪਨਸਪ 202566, ਵੇਅਰ ਹਾਊਸ 154746 ਤੇ ਪ੍ਰਾਈਵੇਟ ਵਪਾਰੀਆਂ ਵਲੋਂ 67275 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ।

# ਸ਼੍ਰੀ ਚਮਕੌਰ ਸਾਹਿਬ ਮੋਰਚੇ ਦੇ ਅਹੁਦੇਦਾਰਾਂ ਵੱਲੋਂ ਲੱਗਣ ਜਾ ਰਹੀ ਰੁਚੀਰਾ ਪੇਪਰ ਮਿਲ ਦੇ ਵਿਰੋਧ ‘ਚ ਕੀਤੀ ਗਈ ਅਹਿਮ ਮੀਟਿੰਗ

## ਪੁਲਿਸ ਪ੍ਰਸ਼ਾਸਨ ਵੱਲੋਂ ਮੋਰਚੇ ਦੇ ਆਗੂਆਂ ਅਤੇ ਪੱਤਰਕਾਰਾਂ ਵਿਰੁੱਧ ਝੂਠੇ ਮਾਮਲੇ ਦਰਜ ਕਰਨ ਸਬੰਧੀ ਸਖਤ ਸ਼ਬਦਾਂ ਵਿੱਚ ਕੀਤੀ ਗਈ ਤਾੜਨਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਸ੍ਰੀ ਚਮਕੌਰ ਸਾਹਿਬ 10 ਮਈ (ਹਰਦਿਆਲ ਸਿੰਘ ਸੰਧੂ) ਸ਼੍ਰੀ ਚਮਕੌਰ ਸਾਹਿਬ ਮੋਰਚੇ ਵੱਲੋਂ ਗੁਰਦੁਆਰਾ ਸ੍ਰੀ ਬੀੜ ਗੁਰੂ ਜੰਡ ਸਾਹਿਬ ਦੇ ਨਜ਼ਦੀਕ ਲੱਗਣ ਜਾ ਰਹੀ ਰੁਚੀਰਾ ਪੇਪਰ ਮਿਲ ਦੇ ਵਿਰੋਧ ਵਿੱਚ ਇਕ ਅਹਿਮ ਇਕੱਠ ਕਰਕੇ ਗੁਰਦੁਆਰਾ ਸਾਹਿਬ ਵਿਖੇ ਮੀਟਿੰਗ ਕੀਤੀ ਗਈ ਜਿਸ ਨੂੰ ਸੰਬੋਧਨ ਕਰਦਿਆਂ ਕਰਨ ਸਿੰਘ ਕੰਧੋਲਾ, ਜੁਝਾਰ ਸਿੰਘ ਸੂਬਾ ਮੀਤ ਪ੍ਰਧਾਨ ਬੀਕੇਯੂ ਖੋਸਾ, ਜ਼ਿਲਾ ਮੀਤ ਪ੍ਰਧਾਨ ਜਸਪ੍ਰੀਤ ਸਿੰਘ ਬੀਕੇਯੂ ਖੋਸਾ, ਦਰਸ਼ਨ ਸਿੰਘ ਸੰਧੂਆਂ ਯੂ ਐਸ ਏ, ਖੁਸ਼ਵਿੰਦਰ ਸਿੰਘ ਕਾਕਾ, ਅਮਨਦੀਪ ਸਿੰਘ ਮਾਗਟ, ਲਖਬੀਰ ਸਿੰਘ ਲੱਖੀ ਹਾਫੀਜਾਬਦ, ਐਡਵੋਕੇਟ ਜਰਨੈਲ ਸਿੰਘ ਸੁਰਤਾ ਪਰ ਆਦਿ ਆਗੂਆਂ ਨੇ ਆਪਣੇ ਵਿਚਾਰ ਰੱਖੇ ਅਤੇ ਕਿਹਾ ਕਿ ਇਸ ਪੇਪਰ ਮਿਲ ਦੇ ਵਿਰੋਧ ‘ਚ ਲੋਕ ਲਹਿਰ ਬਣਾਉਣ ਲਈ ਰਾਜਨੀਤਕ, ਸਮਾਜਿਕ ਅਤੇ ਧਾਰਮਿਕ ਪਾਰਟੀਆਂ ਤੋਂ ਸਹਿਯੋਗ ਲੈਣ ਲਈ ਅਦਾਲਤ, ਪ੍ਰਦੂਸ਼ਣ ਕੰਟਰੋਲ ਬੋਰਡ, ਵੱਖ-ਵੱਖ ਵਿਭਾਗਾਂ, ਮੁੱਖ ਮੰਤਰੀ, ਕੈਬਨਟ ਮੰਤਰੀਆਂ ਤੱਕ ਪਹੁੰਚ ਕਰਨ ਅਤੇ ਅਗਲੀ ਰਣਨੀਤੀ ਤਿਆਰ ਕਰਨ ਲਈ ਵਿਚਾਰ ਵਟਾਂਦਰੇ ਕੀਤੇ ਗਏ ਅਤੇ ਇਕੱਠ ਚ ਪਹੁੰਚੇ ਹਾਜਰੀਨ ਤੋਂ ਸੁਝਾਅ ਵੀ ਲਏ ਗਏ। ਇਸ ਮੌਕੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿਵਲ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਪੇਪਰ ਮਿਲ ਮਾਲਕਾਂ ਨੂੰ ਪੂਰਾ ਪੂਰਾ ਸਹਿਯੋਗ ਦੇ ਰਿਹਾ ਹੈ ਅਤੇ ਪਿੱਠ ਪੂਰ ਰਿਹਾ ਹੈ ਉਨ੍ਹਾਂ ਕਿਹਾ ਕਿ ਪੇਪਰ ਮਿਲ ਦੇ ਵਿਰੋਧ ਵਿੱਚ ਬੋਲਣ ਵਾਲੇ ਮੋਰਚੇ ਦੇ ਆਗੂਆਂ ਅਤੇ ਖਬਰਾਂ ਲਗਾਉਣ ਵਾਲੇ ਪੱਤਰਕਾਰਾਂ ਨੂੰ ਡਰਾਉਣ ਧਮਕਾਉਣ ਲਈ ਪਰਚੇ ਦਰਜ ਕਰਨ ਦੇ ਡਰਾਵੇ ਵੀ ਦਿੱਤੇ ਜਾ ਰਹੇ ਹਨ। ਇਸ ਲਈ ਪੂਰੇ ਹਲਕੇ ਦੇ ਲੋਕਾਂ ਵੱਲੋ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਪ੍ਰਸ਼ਾਸਨ ਨੂੰ ਸਖਤ ਸ਼ਬਦਾਂ ਵਿੱਚ ਤਾੜਨਾ ਕਰਦੇ ਹੋਏ ਕਿਹਾ ਕਿ ਪੇਪਰ ਮਿਲ ਦਾ ਵਿਰੋਧ ਕਰਨ ਵਾਲੇ ਆਗੂਆਂ ਅਤੇ ਪੱਤਰਕਾਰਾਂ ਤੇ ਪੁਲਿਸ ਵੱਲੋਂ ਜੇਕਰ ਕਿਸੇ ਵੀ ਕਿਸਮ ਦੀ ਕੋਈ ਵੀ ਕਾਰਵਾਈ ਕੀਤੀ ਜਾਂਦੀ ਹੈ ਤਾਂ ਇਲਾਕੇ ਦੇ ਲੋਕਾਂ, ਕਿਸਾਨ ਯੂਨੀਅਨ ਦੇ ਆਗੂਆਂ ਅਤੇ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਮੋਰਚੇ ਦੇ ਆਗੂਆਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਭੂਰੜੇ, ਤਾਰਾ ਚੰਦ ਜੰਡ ਸਾਹਿਬ, ਡਾਕਟਰ ਜਤਿੰਦਰ ਪਾਲ ਸਿੰਘ ਨਨੂਆ ਪ੍ਰਧਾਨ ਮੋਹਾਲੀ, ਅਮਨਿੰਦਰ ਸਿੰਘ ਜਿਲਾ ਜਰਨਲ ਸਕੱਤਰ ਪਰਮਿੰਦਰ ਸਿੰਘ, ਅਮਨਦੀਪ ਸਿੰਘ ਮਾਗਟ, ਬਰਿੰਦਰ ਸਿੰਘ ਬਾਜਵਾ, ਗੁਰਜੰਟ ਸਿੰਘ ਮਹਿਤੋਤੇ, ਰਮਨਦੀਪ ਸਿੰਘ ਬਸੀ ਗੁੱਜਰਾਂ, ਗਗਨਦੀਪ ਸਿੰਘ ਮਾਣੇ ਮਾਜਰਾ, ਗੁਰਪ੍ਰੀਤ ਸਿੰਘ, ਕਮਲ ਮਹਿਤੋਤ, ਰੁਪਿੰਦਰ ਸਿੰਘ ਜਟਾਣਾ, ਬਿੰਦਰਾ ਜੰਡ ਸਾਹਿਬ, ਜਿੰਦਰ ਬਹਿਰਾਮਪੁਰ ਬੇਟ, ਸਿਮਰਨਜੀਤ ਸਿੰਘ ਫਤਿਹਪੁਰ, ਬਿੰਦਰ ਫਤਿਹਪੁਰ, ਲੰਬੜਦਾਰ ਬਾਵਾ ਸ਼੍ਰੀ ਚਮਕੌਰ ਸਾਹਿਬ, ਮਨੂ ਜਟਾਣਾ ਹੈਪੀ ਬਹਿਰਾਮਪੁ ਬੇਟ, ਜਸਪ੍ਰੀਤ ਸਿੰਘ ਬਸੀ ਗੁਜਰਾ, ਗਿਆਨੀ ਸੁਰਮਖ ਸਿੰਘ ਬਹਿਰਾਮਪੁਰ ਬੇਟ , ਪਰਵਿੰਦਰ ਸਿੰਘ ਸੇਖੋ ਅਤੇ ਵੱਡੀ ਗਿਣਤੀ ਵਿਚ ਇਲਾਕੇ ਦੇ ਲੋਕ ਹਾਜਰ ਸਨ।

# ਭਗਵਾਨ ਵਾਲਮੀਕਿ ਯੂਥ ਵੈਲਫੇਅਰ ਸੁਸਾਇਟੀ ਖਨੌਰੀ ਖ਼ੁਰਦ ਦੇ ਪ੍ਰਧਾਨ ਕੋਮਲ ਮਲਿਕ ਅਤੇ ਗੁਰੂ ਰਵਿਦਾਸ ਕਮੇਟੀ ਖਨੌਰੀ ਖ਼ੁਰਦ ਦੇ ਪ੍ਰਧਾਨ ਬਿੰਟੂ ਸਿੰਘ-

## -ਨੇਂ ਧਰਮਸਾਲਾਵਾਂ ਲਈ ਬਰਿੰਦਰ ਕੁਮਾਰ ਗੋਇਲ ਕੈਬਨਿਟ ਮੰਤਰੀ ਪੰਜਾਬ ਨੂੰ ਅਰਜ਼ੀ ਦਿੱਤੀ- ਕੋਮਲ ਮਲਿਕ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com









10ਮਈ (ਬੇਅੰਤ ਸਿੰਘ ਰੋਹਟੀ ਖਾਸ) ਭਗਵਾਨ ਵਾਲਮੀਕਿ ਯੂਥ ਵੈਲਫੇਅਰ ਸੁਸਾਇਟੀ ਖਨੌਰੀ ਖ਼ੁਰਦ ਦੇ ਪ੍ਰਧਾਨ ਕੋਮਲ ਮਲਿਕ ਨੇਂ ਪੱਤਰਕਾਰਾਂ ਨਾਲ਼ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਸ੍ਰੀ ਬਰਿੰਦਰ ਕੁਮਾਰ ਗੋਇਲ ਕੈਬਨਿਟ ਮੰਤਰੀ ਪੰਜਾਬ ਆਪਣੇ ਹਲਕੇ ਦੇ ਨਿੱਜੀ ਦਫ਼ਤਰ ਲਹਿਰਾਗਾਗਾ ਵਿਖੇ ਹਲਕੇ ਦੇ ਲੋਕਾਂ ਨੂੰ ਮਿਲੇ । ਇਸ ਮੌਕੇ ਖਨੌਰੀ ਖ਼ੁਰਦ ਤੋਂ ਭਗਵਾਨ ਵਾਲਮੀਕਿ ਯੂਥ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਕੋਮਲ ਮਲਿਕ ਨੇਂ ਵਾਲਮੀਕਿ ਧਰਮਸ਼ਾਲਾ ਲਈ ਅਰਜ਼ੀ ਦਿੱਤੀ। ਜਿਸਤੇ ਮੰਤਰੀ ਸਾਹਿਬ ਨੇਂ ਭਰੋਸਾ ਦਿਲਵਾਇਆ ਕਿ ਜਲਦ ਤੋਂ ਜਲਦ ਵਾਲਮਿਕੀ ਧਰਮਸ਼ਾਲਾ ਨੂੰ ਗ੍ਰਾਂਟ ਜਾਰੀ ਕੀਤੀ ਜਾਵੇਗੀ ਅਤੇ ਓਹਨਾਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਵੀ ਹੋਰ ਗ੍ਰਾਂਟਾਂ ਜਾਰੀ ਕੀਤੀਆਂ ਜਾਣਗੀਆਂ। ਇਸ ਮੌਕੇ ਉਨ੍ਹਾਂ ਦੇ ਸਪੁਰਤ ਗੋਰਵ ਗੋਇਲ ਜੀ ਨੇਂ ਵੀ ਵਿਸ਼ਵਾਸ ਦਿਵਾਇਆ ਕਿ ਖਨੌਰੀ ਖ਼ੁਰਦ ਪਿੰਡ ਦੀ ਵਾਲਮਿਕੀ ਧਰਮਸ਼ਾਲਾ ਲਈ ਜਲਦ ਤੋਂ ਜਲਦ ਧਰਮਸਾਲਾ ਦਾ ਅਧੂਰਾ ਪਿਆ ਕੰਮ ਪੂਰਾ ਕਰਵਾਉਣ ਲਈ ਜਿਸ ਵਿੱਚ ਜਿਵੇਂ ਛਾਂਦਾਰ ਸ਼ੈਡ, ਧਰਮਸਾਲਾ ਦੀਆਂ ਦੀਵਾਰਾਂ ਨੂੰ ਉੱਚਾ ਚੁੱਕਣਾ ਜਾਂ ਕੋਈ ਹੋਰ ਕੰਸਟ੍ਰਕਨ ਦੇ ਕੰਮ ਆਦਿ ਲਈ ਜਲਦ ਤੋਂ ਜਲਦ ਗਰਾਂਟ ਜਾਰੀ ਕੀਤੀ ਜਾਵੇਗੀ। ਇਸ ਮੌਕੇ ਕੋਮਲ ਮਲਿਕ ਨੇ ਓਹਨਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਸਮੂਹ ਵਾਲਮਿਕੀ ਭਾਈਚਾਰਾ ਅਤੇ ਸਮੂਹ ਸੋਸਾਇਟੀ ਮੈਂਬਰ ਅਤੇ ਅਹੁਦੇਦਾਰ ਆਪ ਜੀ ਨਾਲ਼ ਮੋਢੇ ਨਾਲ਼ ਮੋਢਾ ਜੋੜ ਕੇ ਖੜ੍ਹੇ ਹਨ। ਇਸ ਮੌਕੇ ਕੋਮਲ ਮਲਿਕ ਨੇਂ ਅਤੇ ਬਿੰਟੂ ਕੁਮਾਰ ਸਾਬਕਾ ਮੈਂਬਰ ਨੇਂ ਗੁਰੂ ਰਵਿਦਾਸ ਧਰਮਸ਼ਾਲਾ ਖਨੌਰੀ ਖ਼ੁਰਦ ਲਈ ਜੋਂ ਪਹਿਲਾ ਸਤ ਲੱਖ ਦੀ ਗ੍ਰਾਂਟ ਆਈ ਸੀ ਇਸ ਲਈ ਮੰਤਰੀ ਸਾਹਿਬ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਧਰਮਸ਼ਾਲਾ ਦੇ ਬਾਕੀ ਅਧੂਰੇ ਪਏ ਕੰਸਟ੍ਰਕਸ਼ਨ ਦੇ ਕੰਮ ਲਈ ਵੀ ਨਵੀਂ ਅਰਜ਼ੀ ਦਿੱਤੀ। ਇਸ ਮੌਕੇ ਬਿੰਟੂ ਨੇਂ ਮੰਤਰੀ ਸਾਹਿਬ ਨੂੰ ਵਿਸ਼ਵਾਸ਼ ਦਿਵਾਇਆ ਕਿ ਓਹਨਾਂ ਦਾ ਸਮੂਹ ਰਵਿਦਾਸ ਭਾਈਚਾਰਾ ਅਤੇ ਸਮੂਹ ਕਮੇਟੀ ਮੈਂਬਰ ਅਤੇ ਅਹੁਦੇਦਾਰ ਓਹਨਾਂ ਨਾਲ਼ ਮੋਢੇ ਨਾਲ ਮੋਢਾ ਜੌੜ ਕੇ ਖੜ੍ਹੇ ਹਨ। ਇਸ ਮੌਕੇ ਭਗਵਾਨ ਵਾਲਮੀਕਿ ਯੂਥ ਵੈਲਫੇਅਰ ਸੁਸਾਇਟੀ ਖਨੌਰੀ ਖ਼ੁਰਦ ਦੇ ਪ੍ਰਧਾਨ ਕੋਮਲ ਮਲਿਕ ਅਤੇ ਗੁਰੂ ਰਵਿਦਾਸ ਕਮੇਟੀ ਖਨੌਰੀ ਖ਼ੁਰਦ ਦੇ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਪਿੰਡ ਦੀ ਇਕਾਈ ਦੇ ਮੁੱਖ ਆਗੂ ਬਿੰਟੂ ਸਿੰਘ ਮੁੱਖ ਤੌਰ ਦਫ਼ਤਰ ਵਿਚ ਹਾਜ਼ਿਰ ਸਨ। ਇਸ ਮੌਕੇ ਓਹਨਾਂ ਨੇਂ ਗੁਰੂ ਰਵਿਦਾਸ ਧਰਮਸ਼ਾਲਾ ਲਈ ਜੋਂ ਪਹਿਲਾ ਗ੍ਰਾਂਟ ਜਾਰੀ ਕੀਤੀ ਗਈ ਸੀ ਉਸ ਲਈ ਮੁੜ ਤੋਂ ਧੰਨਵਾਦ ਕੀਤਾ।

# ਦੀ ਵਾਇਰ’ ਯੂ ਟਿਊਬ ਚੈਨਲ ਨੂੰ ਬਲੌਕ ਕਰਨ ਨਾਲ ਸੱਚ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕੇਗਾ: ਦੱਤ, ਖੰਨਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਬਰਨਾਲਾ, 9 ਮਈ, 2025: ਇਨਕਲਾਬੀ ਕੇਂਦਰ, ਪੰਜਾਬ ਨੇ ਆਲੋਚਕ ਨੇਹਾ ਸਿੰਘ ਰਾਠੌਰ ਅਤੇ ਪ੍ਰੋਫੈਸਰ ਮਾਦਰੀ ਕਾਕੋਟੀ (ਡਾ. ਮੇਡਿਊਸਾ) ’ਤੇ ਰਾਜਧ੍ਰੋਹ ਦੀਆਂ ਧਾਰਾਵਾਂ ਤਹਿਤ ਐਫਆਈਆਰ ਦਰਜ ਕਰਨ, 4 ਪੀਐਮ ਯੂ ਟਿਊਬ ਚੈਨਲ, ਪਰਸੂਨ ਵਾਜਪੇਈ ਯੂ ਟਿਊਬ ਚੈਨਲ ਤੋਂ ਬਾਅਦ ‘ਦ ਵਾਇਰ’ ਯੂ ਟਿਊਬ ਟੀਵੀ ਚੈਨਲ ਨੂੰ ਬਲੌਕ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਸਾਥੀ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਮੋਦੀ ਹਕੂਮਤ ਦਾ ਅਜਿਹਾ ਵਤੀਰਾ ਪੱਖਪਾਤੀ ਅਤੇ ਬਦਨੀਅਤੀ ਤੋਂ ਪ੍ਰੇਰਿਤ ਹੈ, ਜਿਸ ਨੂੰ ਤੁਰੰਤ ਰੱਦ ਕਰ ਦਿੱਤਾ ਜਾਣਾ ਚਾਹੀਦਾ ਹੈ। ਇਹ ਮਾਮਲਾ ਸਿੱਧੇ ਤੌਰ ’ਤੇ ਕਾਨੂੰਨ ਦੀ ਦੁਰਵਰਤੋਂ ਅਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ’ਤੇ ਹਮਲਾ ਹੈ। ਇਨ੍ਹਾਂ ਕਲਮਾਂ ਨੇ ਜੁਅਰੱਤ ਵਿਖਾਉਂਦੇ ਹੋਏ ਪਹਿਲਗਾਮ ’ਚ 22 ਅਪ੍ਰੈਲ ਦੇ ਦਹਿਸ਼ਤੀ ਹਮਲੇ ਨੇ ਕੌਮੀ ਸੁਰੱਖਿਆ ਦੇ ਮਾਮਲੇ ’ਚ ਸਰਕਾਰ ਦੀ ਨਾਕਾਮੀ ਨੂੰ ਉਜਾਗਰ ਕੀਤਾ ਹੈ। ਸਰਕਾਰ ਦੀਆਂ ਨਾਕਾਮੀਆਂ ਪ੍ਰਤੀ ਸਵਾਲ ਖੜ੍ਹੇ ਕਰਨਾ ਦੀ ਵਾਇਰ, ਪਰਸੂਨ ਵਾਜਪੇਈ, 4 ਪੀ ਐਮ ਯੂ ਟਿਊਬ ਚੈਨਲ ਅਤੇ ਦੋਵਾਂ ਕਾਰਕੁਨਾਂ ਸਮੇਤ ਹਰ ਵਿਅਕਤੀ ਦਾ ਬੁਨਿਆਦੀ ਸੰਵਿਧਾਨਕ ਅਧਿਕਾਰ ਹੈ। ਚੰਦ ਕੁ ਹੀ ਅਜਿਹੇ ਸੋਸ਼ਲ ਮੀਡੀਆ ਪਲੇਟਫਾਰਮ, ਕਲਾ, ਲਿਖਤ ਅਤੇ ਬਿਆਨਾਂ ਰਾਹੀਂ ਪੂਰੇ ਹੌਂਸਲੇ ਨਾਲ ਨਿਆਂ ਅਤੇ ਲੋਕਾਂ ਦੀ ਸੁਰੱਖਿਆ ਦੇ ਹਿੱਤ ’ਚ ਸਰਕਾਰ ਦੀਆਂ ਕਮੀਆਂ ਨੂੰ ਉਜਾਗਰ ਕਰਕੇ ਲੋਕਤੰਤਰੀ ਕਦਰਾਂ ਨੂੰ ਮਜ਼ਬੂਤ ਕਰ ਰਹੇ ਹਨ, ਪਰ ਚਿੰਤਾ ਦੀ ਗੱਲ ਹੈ ਕਿ ਸੱਤਾ ਦੀਆਂ ਸੰਸਥਾਵਾਂ, ਇਹਨਾਂ ਉਠ ਰਹੇ ਸਵਾਲਾਂ ਦਾ ਜਵਾਬ ਦੇਣ ਦੀ ਬਜਾਏ ਆਪਣੀ ਆਲੋਚਨਾ ਕੀਤੇ ਜਾਣ ਨੂੰ ਹੀ ਅਪਰਾਧ ਐਲਾਨ ਰਹੀਆਂ ਹਨ। ਇੱਕ ਪਾਸੇ ਆਪਣੀਆਂ ਕਮਜ਼ੋਰੀਆਂ ਤੇ ਪਰਦਾ ਪਾਉਣ ਲਈ ‘ਅਪਰੇਸ਼ਨ ਸਿੰਧੂਰ’ ਨਿਹੱਕੀ ਜੰਗ ਛੇੜ ਕੇ ਫ਼ਿਰਕੂ ਜਨੂੰਨੀ ਅੰਨ੍ਹਾ ਰਾਸ਼ਟਰਵਾਦੀ ਮਾਹੌਲ ਬਣਾਇਆ ਜਾ ਰਿਹਾ ਹੈ, ਦੂਜੇ ਪਾਸੇ ਜ਼ੰਗ ਦੇ ਪਰਦੇ ਓਹਲੇ ਭਾਰਤੀ ਹਾਕਮਾਂ ਵੱਲੋਂ ਸਾਮਰਾਜੀ ਮੁਲਕਾਂ ਅਮਰੀਕਾ ਅਤੇ ਇੰਗਲੈਂਡ ਨਾਲ ਲੋਕ ਵਿਰੋਧੀ ਸਮਝੌਤੇ ਅਤੇ ਹੁਣ ਐਲਨ ਮਸਕ ਨਾਲ ‘ਸਟਾਰ ਲਿੰਕ’ ਸਮਝੌਤਾ ਸਿਰੇ ਚਾੜ੍ਹਨ ਦੀਆਂ ਗੋਂਦਾਂ ਗੁੰਦੀਆਂ ਜਾ ਰਹੀਆਂ ਹਨ। 7 ਮਈ ਤੋਂ ਬਾਅਦ ਸਰਹੱਦੋਂ ਪਾਰ ਜੋ ਕੁੱਝ ਵੀ ਹੋ ਰਿਹਾ ਹੈ, ਇਸ ਨਾਲ ਭਾਰਤ ਅਤੇ ਪਾਕਿਸਤਾਨ ਦੋਵੇਂ ਪਾਸੇ ਆਮ ਲੋਕਾਈ ਦੇ ਘਰਾਂ ਵਿੱਚ ਮੌਤ ਦੇ ਸੱਥਰ ਵਿਛਣ ਗੇ। ਇਸੇ ਲੋੜ ਵਿੱਚੋਂ ਹੀ ਮੋਦੀ ਹਕੂਮਤ ਆਪਣੀਆਂ ਅਸਫਲਤਾਵਾਂ ਤੋਂ ਜਨਤਾ ਦਾ ਧਿਆਨ ਲਾਂਭੇ ਕਰਨ ਅਤੇ ਪਾਕਿਸਤਾਨ ਸਮੇਤ ਮੁਸਲਿਮ ਵਿਰੋਧੀ ਜਨੂੰਨ ਨੂੰ ਭੜਕਾਉਣ ’ਚ ਲੱਗੀ ਹੋਈ ਹੈ। ਦਮਨ ਦਾ ਇਹ ਚੱਕਰ ਲੋਕ ਪੱਖੀ ਯੂ ਟਿਊਬਰਾਂ, ਸਰਗਰਮ ਕਾਰਕੁਨਾਂ ਦੇ ਉਤਪੀੜਨ, ਕਸ਼ਮੀਰੀਆਂ ਅਤੇ ਮੁਸਲਮਾਨਾਂ ਵਿਰੁੱਧ ਨਫ਼ਰਤ ਭੜਕਾਉਣ ਅਤੇ ਕਾਨੂੰਨ ਦੇ ਰਾਜ ਵਿਰੁੱਧ ਜਾ ਕੇ ਘਰਾਂ ’ਤੇ ਬੁਲਡੋਜ਼ਰ ਚਲਾਉਣ ਦੇ ਰੂਪ ’ਚ ਜਾਰੀ ਹੈ।

ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਸਿੰਘ ਲਹਿਰਾ ਮੁਹੱਬਤ ਅਤੇ ਜਸਵੰਤ ਜੀਰਖ ਨੇ ਸਾਰੇ ਜਮਹੂਰੀਅਤ ਪਸੰਦ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਵਿਕਾਊ ਹੋ ਚੁੱਕੇ ਗੋਦੀ ਮੀਡੀਆ ਦੇ ਮੁਕਾਬਲੇ ਲੋਕ ਸਰੋਕਾਰਾਂ ਨਾਲ ਖੜ੍ਹਨ ਵਾਲੇ ਯੂ ਟਿਊਬ ਟੀਵੀ ਚੈਨਲਾਂ ਦ ਵਾਇਰ, 4PM, ਪਰਸੂਨ ਵਾਜਪੇਈ, ਮੋਦੀ ਹਕੂਮਤ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਆਲੋਚਕ ਨੇਹਾ ਸਿੰਘ ਰਾਠੌਰ, ਡਾ. ਮਾਦਰੀ ਕਾਕੋਟੀ ਅਤੇ ਸਰਕਾਰ ਤੋਂ ਸਵਾਲ ਪੁੱਛਣ ਵਾਲੇ ਸਾਰੇ ਨਿਆਂਪਸੰਦ ਲੋਕਾਂ ਦੇ ਸਮਰਥਨ ’ਚ ਅੱਗੇ ਆਉਣ, ਆਪਣੇ ਹੱਕਾਂ ਦੀ ਜੰਗ ਜਾਰੀ ਰੱਖਣ ਲਈ ਹੋਰ ਵਧੇਰੇ ਦ੍ਰਿੜ੍ਹਤਾ ਨਾਲ ਸੰਘਰਸ਼ਾਂ ਦਾ ਪਿੜ ਮੱਲਣ।

# ਗਤਕਾ ਐਸੋਸੀਏਸ਼ਨ ਜਿਲਾ (ਹੁਸ਼ਿਆਰਪੁਰ) ਦੇ ਜਨਰਲ ਸਕੱਤਰ ਦੇ ਗਤਕਾ ਕੋਚ ਬਲਰਾਜ ਦੀ ਅਗਵਾਈ ’ਚ ਬਿਹਾਰ ਦੀ ਟੀਮ ਨੇ ਚਮਕਾਇਆ ਨਾਂ

## -ਖੇਲੋ ਇੰਡੀਆ ਯੂਥ ਗੇਮਜ਼ 2025’ਚ ਜਿਤੇ ਅੱਠ ਕਾਂਸੀ ਤੇ ਇਕ ਚਾਂਦੀ ਦਾ ਮੈਡਲ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com






ਗਤਕਾ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਪ੍ਰਤਾਪ ਸਿੰਘ , ਗਤਕਾ ਕੋਚ ਬਲਰਾਜ ਸਿੰਘ

ਹੁਸ਼ਿਆਰਪੁਰ, 10 ਮਈ : ਪਿਛਲੇ ਦਿਨੀਂ ਖੇਲੋ ਇੰਡੀਆ ਯੂਥ ਗੇਮਜ਼ 2025 ਬਿਹਾਰ ਦੀ ਵਿਚ ਕਰਵਾਈਆਂ ਗਈਆਂ । ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗਤਕਾ ਪ੍ਰਮੋਟਰ ਸਚਨਾਮ ਸਿੰਘ ਨੇ ਦੱਸਿਆ ਕਿ ਇਸ ਵਿਚ ਗਤਕਾ ਐਸ਼ੋਸੀਏਸ਼ਨ ਦੇ ਜਿਲਾ ਪ੍ਰਧਾਨ ਵਿਜੇ ਪ੍ਰਤਾਪ ਸਿੰਘ ਦੀ ਅਗਵਾਈ ਵਿਚ ਗਤਕਾ ਐਸ਼ੋਸੀਏਸ਼ਨ ਦੇ ਜਨਰਲ ਸਕੱਤਰ ਤੇ ਗਤਕਾ ਕੋਚ ਬਲਰਾਜ ਸਿੰਘ ਪੁੱਤਰ ਹੀਰਾ ਸਿੰਘ ਨੇ ਬਿਹਾਰ ਦੀ ਗਤਕਾ ਟੀਮ ਨੂੰ ਕੋਚਿੰਗ ਦਿੱਤੀ। ਉਨ੍ਹਾਂ ਵਲੋਂ ਕਰਵਾਈ ਗਈ ਮਿਹਨਤ ਦੇ ਚਲਦਿਆਂ ਬਿਹਾਰ ਦੀ ਗਤਕਾ ਟੀਮ ਨੇ ਅੱਠ ਕਾਂਸੀ ਤੇ ਇਕ ਚਾਂਦੀ ਦਾ ਮੈਡਲ ਜਿੱਤਿਆ ਅਤੇ ਉਵਰਆਲ ਤੀਸਰਾ ਸਥਾਨ ਹਾਸਲ ਕੀਤਾ, ਜੋ ਕਿ ਬਿਹਾਰ ਲਈ ਬਹੁਤ ਹੀ ਵੱਡੀ ਉਪਲਵਧੀ ਹੈ। ਜਿਲਾ ਪ੍ਰਧਾਨ ਵਿਜੇ ਪ੍ਰਤਾਪ ਸਿੰਘ ਤੇ ਹੋਰਨਾਂ ਨੇ ਬਲਰਾਜ ਸਿੰਘ ਦੀ ਇਸ ਪ੍ਰਾਪਤੀ ’ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਪੰਜਾਬ ਨੇ ਗਤਕੇ ਨੂੰ ਕਈ ਉਚੇ ਖਿਡਾਰੀ ਤੇ ਕੋਚ ਦਿੱਤੇ ਹਨ ਅਤੇ ਉਹ ਚੰਗਾ ਪ੍ਰਦਰਸ਼ਨ ਕਰਦਿਆਂ ਵਾਹਿਗੁਰੂ ਦੀਆਂ ਰਹਿਮਤਾ ਦੇ ਪਾਤਰ ਬਣਦੇ ਹਨ।

# ਮਾਂ ਦਿਵਸ - ਭਾਵੇਂ ਹਰ ਦਿਨ ਮਾਂ ਦਾ ਦਿਨ ਹੁੰਦਾ ਹੈ ਪਰ ਮਾਂ ਪ੍ਰਤੀ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਲਈ, 11 ਮਈ 2025 ਨੂੰ ਵਿਸ਼ੇਸ਼ - ਮਾਂ ਤੋਂ ਵੱਡੀ ਦੁਨੀਆਂ ਵਿੱਚ ਕੋਈ ਦੌਲਤ ਨਹੀਂ ਹੈ

## ਹੇ ਮਾਂ, ਰੱਬ ਦਾ ਚਿਹਰਾ ਤੇਰੇ ਚਿਹਰੇ ਤੋਂ ਇਲਾਵਾ ਹੋਰ ਕੀ ਹੋਵੇਗਾ, ਜੋ ਮੈਂ ਨਹੀਂ ਦੇਖਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

**ਮਾਂ ਦੀ ਗੋਦ ਵਿੱਚ ਖੁਸ਼ੀ, ਉਸਦੀਆਂ ਅੱਖਾਂ ਵਿੱਚ ਪਿਆਰ, ਇਸ ਦੁਨੀਆਂ ਵਿੱਚ ਉਸਦੇ ਪੈਰਾਂ ਹੇਠ ਸਵਰਗ- ਇੱਕ ਖੁਸ਼ਹਾਲ ਜੀਵਨ ਲਈ ਇਸ ਨੂੰ ਰੇਖਾਂਕਿਤ ਕਰਨਾ ਮਹੱਤਵਪੂਰਨ ਹੈ - ਐਡਵੋਕੇਟ ਕਿਸ਼ਨ ਸਨਮੁਖਦਾਸ ਭਵਨਾਨੀ, ਗੋਂਡੀਆ, ਮਹਾਰਾਸ਼ਟਰ**



ਗੋਂਦੀਆ - ਭਾਰਤੀ ਸੱਭਿਅਤਾ ਆਦਿ ਕਾਲ ਤੋਂ ਹੀ ਬਜ਼ੁਰਗਾਂ ਅਤੇ ਮਾਪਿਆਂ ਦੇ ਸਤਿਕਾਰ ਦੀ ਸੂਚਕ ਰਹੀ ਹੈ। ਅਸੀਂ ਧਾਰਮਿਕ ਗ੍ਰੰਥਾਂ, ਪੁਰਾਣਾਂ ਅਤੇ ਇਤਿਹਾਸ ਵਿੱਚ ਭਗਵਾਨ ਸ਼੍ਰੀ ਰਾਮ, ਸ਼ਰਵਣ ਕੁਮਾਰ ਵਰਗੇ ਬਹੁਤ ਸਾਰੇ ਜੀਵਤ ਸਬੂਤ ਪੜ੍ਹੇ ਹਨ ਕਿ ਮਾਪੇ ਸਾਡੇ ਲਈ ਰੱਬ ਅਤੇ ਅੱਲ੍ਹਾ ਵਰਗੇ ਹਨ, ਸਵਰਗ ਉਨ੍ਹਾਂ ਦੇ ਪੈਰਾਂ ਵਿੱਚ ਹੈ। ਕਿਉਂਕਿ ਹਰ ਸਾਲ ਮਾਂ ਦਿਵਸ ਮਈ ਦੇ ਦੂਜੇ ਐਤਵਾਰ ਨੂੰ ਮਨਾਇਆ ਜਾਂਦਾ ਹੈ, ਜੋ ਕਿ ਇਸ ਸਾਲ 11 ਮਈ 2025 ਨੂੰ ਆ ਰਿਹਾ ਹੈ, ਇਸ ਲਈ ਅੱਜ ਅਸੀਂ ਮਾਂ ਦੀ ਮਹਿਮਾ ਦਾ ਵਿਸਥਾਰ ਨਾਲ ਵਰਨਣ ਕਰਾਂਗੇ।

ਦੋਸਤੋ, 1966 ਦੀ ਹਿੰਦੀ ਫੀਚਰ ਫਿਲਮ 'ਦਾਦੀ ਮਾਂ' ਵਿੱਚ, ਮਜਰੂਹ ਸੁਲਤਾਨਪੁਰੀ ਦੁਆਰਾ ਲਿਖਿਆ ਇੱਕ ਗੀਤ, ਮੰਨਾ ਡੇ ਅਤੇ ਮਹਿੰਦਰ ਕਪੂਰ ਦੁਆਰਾ ਮਾਂ ਦੀ ਮਹਿਮਾ 'ਤੇ ਗਾਇਆ ਗਿਆ ਸੀ, ਹੇ ਮਾਂ, ਤੇਰੇ ਚਿਹਰੇ ਤੋਂ ਇਲਾਵਾ ਰੱਬ ਦਾ ਚਿਹਰਾ ਕੀ ਹੋਵੇਗਾ, ਜਿਸਨੂੰ ਮੈਂ ਨਹੀਂ ਦੇਖਿਆ, ਤੇਰੇ ਤੋਂ ਵੱਡੀ ਦੁਨੀਆਂ ਦੀ ਕਿਹੜੀ ਦੌਲਤ ਹੋ ਸਕਦੀ ਹੈ। ਸਾਡੇ ਆਧੁਨਿਕ ਨੌਜਵਾਨ ਦੋਸਤਾਂ ਨੂੰ ਇਸਨੂੰ ਬਹੁਤ ਧਿਆਨ ਨਾਲ ਅਤੇ ਬਹੁਤ ਤੀਬਰਤਾ ਨਾਲ ਸੁਣਨਾ ਚਾਹੀਦਾ ਹੈ।

ਦੋਸਤੋ, ਮਾਂ ਦਿਵਸ ਮਨਾਉਣ ਦਾ ਇੱਕ ਇਤਿਹਾਸ ਹੈ ਪਰ ਇਸ ਸਮੇਂ ਮਾਂ ਦੀ ਮਹਿਮਾ ਦਾ ਵਿਸਥਾਰ ਨਾਲ ਵਰਣਨ ਕਰਨਾ ਵਧੇਰੇ ਜ਼ਰੂਰੀ ਹੈ ਜਿਸ ਵੱਲ ਹਰ ਨੌਜਵਾਨ ਨੂੰ ਧਿਆਨ ਦੇਣਾ ਚਾਹੀਦਾ ਹੈ। ਮਾਂ ਦਿਵਸ ਹਮੇਸ਼ਾ ਹਰ ਸਾਲ ਮਈ ਦੇ ਦੂਜੇ ਹਫ਼ਤੇ ਦੇ ਪਹਿਲੇ ਐਤਵਾਰ ਨੂੰ ਮਨਾਇਆ ਜਾਂਦਾ ਹੈ, ਜੋ ਕਿ ਇਸ ਸਾਲ 11 ਮਈ 2025 ਨੂੰ ਆਉਂਦਾ ਹੈ। ਹਾਲਾਂਕਿ ਕੁਝ ਲੋਕਾਂ ਨੇ 8 ਮਈ 2025 ਨੂੰ ਵੀ ਮਾਂ ਦਿਵਸ ਮਨਾਇਆ ਹੈ, ਪਰ ਜੇ ਅਸੀਂ ਵੇਖੀਏ, ਤਾਂ ਸਾਲ ਦੇ 365 ਦਿਨਾਂ ਵਿੱਚ ਹਰ ਦਿਨ ਨੂੰ ਮਾਂ ਦਿਵਸ ਵਜੋਂ ਮਨਾਉਣ ਦੀ ਜ਼ਰੂਰਤ ਹੈ।

ਦੋਸਤੋ, ਰੱਬ ਅੱਲ੍ਹਾ ਹਰ ਜਗ੍ਹਾ ਮੌਜੂਦ ਨਹੀਂ ਹੋ ਸਕਦਾ, ਇਸੇ ਲਈ ਉਸਨੇ ਮਾਂ ਬਣਾਈ ਹੈ। ਮਾਂ ਦਾ ਸਥਾਨ ਪਰਮਾਤਮਾ ਅਤੇ ਅੱਲ੍ਹਾ ਤੋਂ ਉੱਪਰ ਹੈ। ਮਾਂ ਦੀ ਸੇਵਾ ਕਰਨਾ ਸਵਰਗ ਹੈ। ਜੇਕਰ ਕੋਈ ਮਾਂ ਸ਼ਬਦ ਨੂੰ ਸਮਝ ਲਵੇ, ਤਾਂ ਸਮਝਣ ਲਈ ਕੁਝ ਵੀ ਨਹੀਂ ਬਚਦਾ। ਇਸ ਸ਼ਬਦ ਵਿੱਚ ਸਭ ਕੁਝ ਹੈ ਅਤੇ ਇਸਦੀ ਰੂਪਰੇਖਾ ਬਣਾਉਣਾ ਨਾ ਸਿਰਫ਼ ਆਸਾਨ ਹੈ ਬਲਕਿ ਅਸੰਭਵ ਵੀ ਹੈ।

ਦੋਸਤੋ, ਜੇਕਰ ਅਸੀਂ ਮਾਂ ਬਾਰੇ ਗੱਲ ਕਰੀਏ, ਤਾਂ ਕਿਹਾ ਜਾਂਦਾ ਹੈ ਕਿ ਜੇਕਰ ਦੁਨੀਆਂ ਵਿੱਚ ਸਭ ਤੋਂ ਖੂਬਸੂਰਤ ਅਤੇ ਪਿਆਰ ਭਰਿਆ ਰਿਸ਼ਤਾ ਹੈ ਤਾਂ ਉਹ ਮਾਂ ਅਤੇ ਬੱਚੇ ਦਾ ਰਿਸ਼ਤਾ ਹੈ। ਮਾਂ ਅਤੇ ਬੱਚੇ ਦਾ ਬੰਧਨ ਅਟੁੱਟ ਹੈ। ਮਾਂ ਆਪਣੇ ਬੱਚੇ ਨੂੰ ਬਿਨਾਂ ਸ਼ਰਤ ਅਤੇ ਨਿਰਸਵਾਰਥ ਪਿਆਰ ਕਰਦੀ ਹੈ। ਉਹ ਸਾਨੂੰ ਬਿਨਾਂ ਕਿਸੇ ਸਵਾਰਥ ਦੇ ਨੌਂ ਮਹੀਨੇ ਆਪਣੀ ਕੁੱਖ ਵਿੱਚ ਰੱਖਦੀ ਹੈ। ਇਸ ਤੋਂ ਬਾਅਦ, ਜਦੋਂ ਅਸੀਂ ਇਸ ਦੁਨੀਆਂ ਵਿੱਚ ਆਉਂਦੇ ਹਾਂ, ਉਹ ਸਾਨੂੰ ਬਹੁਤ ਸਾਰਾ ਪਿਆਰ ਅਤੇ ਸਨੇਹ ਦਿੰਦੀ ਹੈ। ਉਹ ਬੱਚਿਆਂ ਦਾ ਪਾਲਣ-ਪੋਸ਼ਣ ਕਰਦੀ ਹੈ ਅਤੇ ਉਨ੍ਹਾਂ ਨੂੰ ਇਸ ਦੁਨੀਆਂ ਵਿੱਚ ਰਹਿਣ ਦੇ ਯੋਗ ਬਣਾਉਂਦੀ ਹੈ।ਇੱਕ ਮਾਂ ਹਮੇਸ਼ਾ ਆਪਣੇ ਬੱਚਿਆਂ ਦੀ ਪਰਵਾਹ ਕਰਦੀ ਹੈ ਅਤੇ ਉਨ੍ਹਾਂ ਦੀ ਚਿੰਤਾ ਕਰਦੀ ਹੈ, ਇੱਥੋਂ ਤੱਕ ਕਿ ਆਖਰੀ ਪਲ ਤੱਕ ਵੀ। ਮਾਂ ਦਿਵਸ ਮਾਵਾਂ ਦੇ ਬਲੀਦਾਨਾਂ ਅਤੇ ਕੁਰਬਾਨੀਆਂ ਨੂੰ ਯਾਦ ਕਰਨ ਅਤੇ ਉਨ੍ਹਾਂ ਦਾ ਸਨਮਾਨ ਕਰਨ ਲਈ ਮਨਾਇਆ ਜਾਂਦਾ ਹੈ। ਇਸ ਦਿਨ ਹਰ ਕੋਈ ਆਪਣੀ ਮਾਂ ਦਾ ਸਤਿਕਾਰ ਕਰਦਾ ਹੈ ਅਤੇ ਉਨ੍ਹਾਂ ਨੂੰ ਆਪਣਾ ਪਿਆਰ ਦਿਖਾਉਣ ਲਈ ਖਾਸ ਤੋਹਫ਼ੇ ਵੀ ਦਿੰਦਾ ਹੈ।

ਦੋਸਤੋ, ਜੇਕਰ ਅਸੀਂ ਇਸ ਸਾਲ ਮਾਂ ਦਿਵਸ ਮਨਾਉਣ ਦੀ ਗੱਲ ਕਰੀਏ, ਤਾਂ ਕਿਉਂਕਿ ਸਾਡੇ ਜ਼ਿਆਦਾਤਰ ਨੌਜਵਾਨ ਦੋਸਤ, ਪੱਛਮੀ ਸੱਭਿਆਚਾਰ ਦੇ ਪ੍ਰਭਾਵ ਹੇਠ, ਆਪਣੀਆਂ ਮਾਵਾਂ ਨੂੰ ਛੋਟੇ-ਵੱਡੇ ਤੋਹਫ਼ੇ ਦੇਣ ਤੱਕ ਹੀ ਸੀਮਤ ਰਹਿੰਦੇ ਹਨ, ਪਰ ਮੇਰਾ ਮੰਨਣਾ ਹੈ ਕਿ ਇਸ ਸਾਲ ਤੋਂ ਸਾਨੂੰ ਆਪਣੀਆਂ ਮਾਵਾਂ ਦੇ ਪਿਆਰ ਅਤੇ ਸਨੇਹ ਦਾ ਆਨੰਦ ਲੈਣ ਦਾ ਪ੍ਰਣ ਲੈਣਾ ਪਵੇਗਾ, ਸਾਰਾ ਦਿਨ ਉਨ੍ਹਾਂ ਦੇ ਪੈਰਾਂ ਵਿੱਚ ਰਹਿ ਕੇ, ਉਨ੍ਹਾਂ ਦੁਆਰਾ ਕੀਤੇ ਗਏ ਸਾਰੇ ਛੋਟੇ-ਵੱਡੇ ਕੰਮ ਕਰਕੇ, ਉਨ੍ਹਾਂ ਦੀ ਸਾੜ੍ਹੀ ਦੀ ਛਾਂ ਲੈ ਕੇ, ਉਨ੍ਹਾਂ ਦੀਆਂ ਅੱਖਾਂ ਵਿੱਚੋਂ ਨਿਕਲਦੇ ਪਿਆਰ ਦਾ ਪੂਰਾ ਆਨੰਦ ਮਾਣ ਕੇ ਅਤੇ ਸਾਨੂੰ ਇਸ ਕ੍ਰਮ ਨੂੰ ਹਫ਼ਤਾਵਾਰੀ, ਮਹੀਨਾਵਾਰ, ਜੋ ਵੀ ਸੁਵਿਧਾਜਨਕ ਹੋਵੇ, ਜਾਰੀ ਰੱਖਣਾ ਚਾਹੀਦਾ ਹੈ, ਅਤੇ ਸਾਲ ਵਿੱਚ ਸਿਰਫ਼ ਇੱਕ ਵਾਰ ਨਹੀਂ!

ਦੋਸਤੋ, ਜੇ ਤੁਸੀਂ ਮੈਨੂੰ ਸੱਚ ਪੁੱਛੋ ਤਾਂ ਸਾਡਾ ਰੱਬ ਅੱਲ੍ਹਾ ਸਾਡੇ ਮਾਪਿਆਂ ਵਿੱਚ ਹੀ ਮੌਜੂਦ ਹੈ। ਅਸੀਂ ਸਿਰਫ਼ ਪਰਮਾਤਮਾ ਅਤੇ ਅੱਲ੍ਹਾ ਦੀ ਤਸਵੀਰ ਦੇਖੀ ਹੈ, ਵਿਅਕਤੀਗਤ ਰੂਪ ਵਿੱਚ ਨਹੀਂ, ਇਹ ਸਾਰੀਆਂ ਗੱਲਾਂ ਪੁਰਾਣੀ ਹਿੰਦੀ ਫੀਚਰ ਫਿਲਮ ਦਾਦੀ ਮਾਂ ਦੇ ਗੀਤ ਰਾਹੀਂ ਸਮਝਾਈਆਂ ਗਈਆਂ ਹਨ।

ਦੋਸਤੋ, ਜੇਕਰ ਅਸੀਂ ਮਾਂ ਕਹਿਣ ਦੀ ਗੱਲ ਕਰੀਏ, ਤਾਂ ਮਾਂ ਦੇ ਵੱਖ-ਵੱਖ ਨਾਮ ਹਨ ਜਿਵੇਂ ਕਿ ਮੰਮੀ, ਮੰਮੀ, ਮੰਮੀ, ਮਾਤਾ, ਪਰ ਹਰ ਮਾਂ ਦੀ ਸਾਡੀ ਜ਼ਿੰਦਗੀ ਵਿੱਚ ਇੱਕੋ ਜਿਹੀ ਭੂਮਿਕਾ ਹੁੰਦੀ ਹੈ। ਇਹ ਹਰ ਪਰਿਵਾਰ ਦੀ ਨੀਂਹ ਹੈ। ਉਹ ਦੇਖਭਾਲ ਕਰਨ ਵਾਲੀ ਹੈ ਅਤੇ ਸਾਰਿਆਂ ਨੂੰ ਬਿਨਾਂ ਸ਼ਰਤ ਪਿਆਰ ਦਿੰਦੀ ਹੈ। ਮਾਂ ਦੀ ਪਰਿਭਾਸ਼ਾ ਹਰ ਵਿਅਕਤੀ ਲਈ ਵੱਖਰੀ ਹੋ ਸਕਦੀ ਹੈ, ਕੁਝ ਲਈ ਉਹ ਦੇਖਭਾਲ ਕਰਨ ਵਾਲੀ ਹੋ ਸਕਦੀ ਹੈ, ਕੁਝ ਲਈ ਉਹ ਇੱਕ ਸਭ ਤੋਂ ਚੰਗੀ ਦੋਸਤ ਹੋ ਸਕਦੀ ਹੈ ਅਤੇ ਕੁਝ ਲਈ ਉਹ ਸਭ ਤੋਂ ਵਧੀਆ ਰਸੋਈਆ ਹੋ ਸਕਦੀ ਹੈ। ਅਸੀਂ ਇਸ ਦੁਨੀਆਂ ਦੀ ਹਰ ਮਾਂ ਨੂੰ ਸ਼ੁਕਰਗੁਜ਼ਾਰੀ ਅਤੇ ਕਦਰਦਾਨੀ ਦੇਣ ਲਈ ਮਾਂ ਦਿਵਸ ਮਨਾਉਂਦੇ ਹਾਂ। ਇੱਕ ਮਾਂ ਸਾਡੇ ਸਾਰਿਆਂ ਲਈ ਇੰਨੀ ਵੱਡੀ ਪ੍ਰੇਰਨਾ ਹੈ ਕਿ ਮਾਂ ਦੇ ਯਤਨਾਂ ਦੀ ਕਦਰ ਕਰਨ ਲਈ ਸਿਰਫ਼ ਇੱਕ ਦਿਨ ਹੀ ਕਾਫ਼ੀ ਨਹੀਂ ਹੈ। ਇਸ ਲਈ ਸਾਨੂੰ ਇਸ ਦਿਨ ਨੂੰ ਰੋਜ਼ਾਨਾ ਦੀ ਰੁਟੀਨ ਬਣਾਉਣ ਦਾ ਸੰਕਲਪ ਲੈਣ ਦੀ ਲੋੜ ਹੈ।

ਦੋਸਤੋ, ਜੇਕਰ ਅਸੀਂ ਮਾਂ ਦਿਵਸ ਦੀ ਮਹੱਤਤਾ ਬਾਰੇ ਗੱਲ ਕਰੀਏ, ਤਾਂ ਸਾਡੀ ਜ਼ਿੰਦਗੀ ਵਿੱਚ ਸਭ ਕੁਝ ਸਾਡੀ ਮਾਂ ਦੁਆਰਾ ਦਿੱਤਾ ਜਾਂਦਾ ਹੈ ਅਤੇ ਅਸੀਂ ਉਸਦਾ ਕਰਜ਼ ਕਦੇ ਨਹੀਂ ਚੁਕਾ ਸਕਦੇ। ਪਰ ਫਿਰ ਸਾਲ ਦਾ ਇੱਕ ਦਿਨ ਮਾਂ ਬਣਨ ਦੀ ਮਹੱਤਤਾ ਨੂੰ ਸਮਰਪਿਤ ਹੁੰਦਾ ਹੈ, ਜਿਸਨੂੰ ਅਸੀਂ ਮਾਂ ਦਿਵਸ ਵਜੋਂ ਮਨਾਉਂਦੇ ਹਾਂ। ਮਾਂ ਦੀ ਗੋਦ ਕਦੇ ਵੀ ਉਸਦੇ ਬੱਚੇ ਲਈ ਛੋਟੀ ਨਹੀਂ ਹੁੰਦੀ। ਇੱਕ ਮਾਂ ਦਾ ਆਪਣੇ ਬੱਚੇ ਲਈ ਪਿਆਰ ਇੰਨਾ ਡੂੰਘਾ ਅਤੇ ਅਟੁੱਟ ਹੁੰਦਾ ਹੈ ਕਿ ਉਹ ਆਪਣੇ ਬੱਚੇ ਦੀ ਖੁਸ਼ੀ ਲਈ ਪੂਰੀ ਦੁਨੀਆ ਨਾਲ ਲੜ ਸਕਦੀ ਹੈ। ਸਾਡੀ ਜ਼ਿੰਦਗੀ ਵਿੱਚ ਮਾਂ ਦਾ ਬਹੁਤ ਮਹੱਤਵ ਹੈ, ਇਹ ਦੁਨੀਆਂ ਮਾਂ ਤੋਂ ਬਿਨਾਂ ਅਧੂਰੀ ਹੈ।

ਦੋਸਤੋ, ਇਹ ਦਿਨ ਬਹੁਤ ਮਹੱਤਵਪੂਰਨ ਹੈ ਕਿਉਂਕਿ ਇਹ ਮਾਵਾਂ ਦੇ ਹੋਂਦ ਦਾ ਜਸ਼ਨ ਮਨਾਉਂਦਾ ਹੈ ਅਤੇ ਉਨ੍ਹਾਂ ਦੁਆਰਾ ਆਪਣੇ ਬੱਚਿਆਂ ਲਈ ਕੀਤੇ ਗਏ ਹਰ ਕੰਮ ਦੀ ਕਦਰ ਕਰਦਾ ਹੈ। ਇਹ ਮਾਵਾਂ ਦਾ ਸਨਮਾਨ ਕਰਦਾ ਹੈ, ਨਾਲ ਹੀ ਮਾਂ ਬਣਨ ਦਾ, ਮਾਤ-ਬੰਧਨ ਦਾ, ਅਤੇ ਸਮਾਜ ਵਿੱਚ ਮਾਵਾਂ ਦੇ ਪ੍ਰਭਾਵ ਦਾ ਵੀ। ਇਹ ਦਿਨ ਮਾਵਾਂ ਨੂੰ ਖਾਸ ਅਤੇ ਪਿਆਰਾ ਮਹਿਸੂਸ ਕਰਵਾਉਣ ਲਈ ਹੈ। ਇਹ ਖਾਸ ਦਿਨ ਮਾਂ ਦੀ ਮਹੱਤਤਾ ਦਾ ਸਨਮਾਨ ਕਰਨ ਲਈ ਮਨਾਇਆ ਜਾਂਦਾ ਹੈ। ਮਾਂ ਦੀ ਗੋਦ ਉਸਦੇ ਬੱਚੇ ਦੀ ਹੁੰਦੀ ਹੈ।

ਦੋਸਤੋ, ਮਾਂ ਦਿਵਸ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਸਾਰੀਆਂ ਮਾਵਾਂ ਪ੍ਰਤੀ ਸਤਿਕਾਰ, ਦੇਖਭਾਲ ਅਤੇ ਪਿਆਰ ਪ੍ਰਗਟ ਕਰਨ ਲਈ ਮਨਾਇਆ ਜਾਂਦਾ ਇੱਕ ਮੌਕਾ ਹੈ। ਅਸੀਂ ਇਸ ਦਿਨ ਨੂੰ ਆਪਣੀ ਜ਼ਿੰਦਗੀ ਵਿੱਚ ਮਾਂ ਦੀ ਭੂਮਿਕਾ ਦਾ ਜਸ਼ਨ ਮਨਾਉਣ ਲਈ ਮਨਾਉਂਦੇ ਹਾਂ। ਇਹ ਮੌਕਾ ਹਰ ਕਿਸੇ ਨੂੰ ਆਪਣੇ ਆਲੇ ਦੁਆਲੇ ਦੀਆਂ ਮਾਵਾਂ ਲਈ ਕੁਝ ਖਾਸ ਕਰਨ ਦਾ ਮੌਕਾ ਦਿੰਦਾ ਹੈ। ਪਰ ਇਹ ਯਾਦ ਰੱਖੋ ਕਿ ਆਪਣੀ ਮਾਂ ਦਾ ਧੰਨਵਾਦ ਕਰਨ ਲਈ ਸਿਰਫ਼ ਇੱਕ ਦਿਨ ਕਾਫ਼ੀ ਨਹੀਂ ਹੈ। ਮਾਂ ਲਈ ਹਰ ਦਿਨ ਖਾਸ ਬਣਾਓ ਅਤੇ ਉਸਨੂੰ ਖਾਸ ਮਹਿਸੂਸ ਕਰਵਾਓ। ਕਿਸੇ ਮਸ਼ਹੂਰ ਗੀਤਕਾਰ ਨੇ ਇਹ ਸਹੀ ਲਿਖਿਆ ਹੈ।

ਕਿਹਾ ਜਾਂਦਾ ਹੈ ਕਿ ਤੁਹਾਡੀ ਉਸਤਤ ਵਿੱਚ ਕੋਈ ਉੱਚਾ ਨਹੀਂ ਬੋਲ ਸਕਦਾ।

ਮਾਂ, ਰੱਬ ਵੀ ਤੇਰੇ ਪਿਆਰ ਦੀ ਕਦਰ ਨਹੀਂ ਕਰ ਸਕਦਾ।
ਮੈਨੂੰ ਪਤਾ ਹੈ ਕਿ ਮੈਂ ਤੁਹਾਡੇ ਤੋਂ ਵੱਡਾ ਹਾਂ,
ਮੈਨੂੰ ਇਹ ਪਤਾ ਹੈ, ਮੈਂ ਤੁਹਾਡੇ ਤੋਂ ਵੱਡਾ ਹਾਂ।
ਦੁਨੀਆਂ ਦੀ ਦੌਲਤ ਕੀ ਹੋਵੇਗੀ?
ਓ ਮਾਂ, ਓ ਮਾਂ ਤੇਰੇ ਚਿਹਰੇ ਤੋਂ ਵੱਖਰਾ
ਰੱਬ ਦਾ ਰੂਪ ਕਿਹੋ ਜਿਹਾ ਹੋਵੇਗਾ?
ਅਸੀਂ ਉਸਨੂੰ ਕਦੇ ਨਹੀਂ ਦੇਖਿਆ।

ਇਸ ਲਈ, ਜੇਕਰ ਅਸੀਂ ਉਪਰੋਕਤ ਪੂਰੇ ਵਰਨਣ ਦਾ ਅਧਿਐਨ ਅਤੇ ਵਿਸ਼ਲੇਸ਼ਣ ਕਰੀਏ, ਤਾਂ ਸਾਨੂੰ ਪਤਾ ਲੱਗੇਗਾ ਕਿ ਮਾਂ ਦਿਵਸ 11 ਮਈ 2025 ਇੱਕ ਖਾਸ ਦਿਨ ਹੈ। ਦੁਨੀਆਂ ਵਿੱਚ ਮਾਂ ਤੋਂ ਵੱਡੀ ਕੋਈ ਦੌਲਤ ਨਹੀਂ ਹੈ। ਹੇ ਮਾਂ, ਰੱਬ ਦਾ ਚਿਹਰਾ ਤੇਰੇ ਚਿਹਰੇ ਤੋਂ ਵੱਖਰਾ ਕੀ ਹੋਵੇਗਾ, ਜੋ ਅਸੀਂ ਨਹੀਂ ਦੇਖਿਆ, ਮਾਂ ਦੀ ਗੋਦ ਵਿੱਚ ਖੁਸ਼ੀ, ਅੱਖਾਂ ਵਿੱਚ ਪਿਆਰ, ਇਸ ਦੁਨੀਆਂ ਵਿੱਚ ਉਸਦੇ ਪੈਰਾਂ ਹੇਠ ਸਵਰਗ ਹੈ। ਖੁਸ਼ਹਾਲ ਜੀਵਨ ਲਈ ਇਸ ਗੱਲ ਨੂੰ ਰੇਖਾਂਕਿਤ ਕਰਨਾ ਜ਼ਰੂਰੀ ਹੈ।

-ਕੰਪਾਈਲਰ ਲੇਖਕ - ਟੈਕਸ ਮਾਹਿਰ ਕਾਲਮਨਵੀਸ ਸਾਹਿਤਕਾਰ ਅੰਤਰਰਾਸ਼ਟਰੀ ਲੇਖਕ ਚਿੰਤਕ ਕਵੀ ਸੰਗੀਤ ਮਾਧਿਅਮ ਸੀਏ(ਏ.ਟੀ.ਸੀ) ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ ਗੋਂਡੀਆ ਮਹਾਰਾਸ਼ਟਰ 9284141425

# ਸੰਤ ਬਾਬਾ ਪੂਰਨ ਦਾਸ ਦੇ ਬਰਸੀ ਸਮਾਗਮ ਤੇ ਵੱਡੀ ਗਿਣਤੀ ਚ ਸੰਗਤ ਹੋਈ ਨਮਸਤਕ, ਬਲਵਿੰਦਰ ਕੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਪਟਿਆਲਾ ਜਗਤਾਰ ਸਿੰਘ ਰੋੜੇਵਾਲ -- ਫਕੀਰੋ ਕਾ ਤਪ ਅਸਥਾਨ ਪ੍ਰਚੀਨ ਡੇਰਾ ਗੁਰਦੁਆਰਾ ਗੁਫਾਸਰ ਸਾਹਿਬ ਪਿੰਡ ਰੋੜਗੜ੍ਹ ਰੋੜੇਵਾਲ ਸਾਹਿਬ ਪਟਿਆਲਾ ਵਿਖੇ ਸੰਤ ਬਾਬਾ ਪੂਰਨ ਦਾਸ ਜੀ ਦੀ 59ਵੀਂ ਬਰਸੀ ਦੇ ਤੀਜੇ ਦਿਨ ਦੇਸ਼- ਵਿਦੇਸ਼ਾਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਪਹੁੰਚ ਕੇ ਨਮਸਤਕ ਹੋਈਆ।ਇਸ ਮੌਕੇ ਸਮਾਜਿਕ, ਰਾਜਨੀਤਕ ਤੇ ਧਾਰਮਿਕ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਹਾਜ਼ਰੀ ਭਰਕੇ ਗੁਰੂ ਘਰ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਬ੍ਰਹਮਲੀਨ ੧੧੧ ਸੰਤ ਬਾਬਾ ਬਲਵੰਤ ਸਿੰਘ ਸਿੱਧਸਰ ਸਿਹੋੜਾ ਸਾਹਿਬ ਵਾਲਿਆਂ ਦੇ ਅਸ਼ੀਰਵਾਦ ਸਦਕਾ ਅਤੇ ਬਾਬਾ ਗੁਰਚਰਨ ਸਿੰਘ ਦੀ ਰਹਿਨੁਮਾਈ ਹੇਠ ਮਨਾਈ ਗਈ। ਬਾਬਾ ਗੁਰਚਰਨ ਸਿੰਘ ਜੀ ਗੱਦੀਨਸ਼ੀਨ ਵਲੋਂ ਮਨੋਹਰ ਕੀਰਤਨ ਰਾਹੀਂ ਬ੍ਰਹਮਲੀਨ ਸੰਤ ਮਹਾਰਾਜ ਜੀ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਦੀ ਅਰਦਾਸ ਕੀਤੀ ਗਈ। ਅੱਜ ਕੀਰਤਨ ਰਾਹੀਂ ਬਾਬਾ ਗੁਰਚਰਨ ਸਿੰਘ ਜੀ ਵਲੋਂ ਸਮੂਹ ਸੰਗਤਾਂ ਨੂੰ ਅੰਮ੍ਰਿਤ ਵੇਲੇ ਉੱਠ ਕੇ ਨਾਮ ਜਪਣਾ,ਕਿਰਤ ਕਰਨ ਅਤੇ ਵੰਡ ਕੇ ਛਕਣ ਦੀ ਸਿੱਖਿਆ ਦਿੱਤੀ। ਮਾਸਟਰ ਅਜੀਤ ਸਿੰਘ ਰਜਵਾੜਾ ਤੇ ਗਿਆਨੀ ਭਜਨ ਸਿੰਘ ਚੰਡੀਗੜ੍ਹ ਨੇ ਸਟੇਜ ਸਕੱਤਰ ਦੀ ਭੂਮਿਕਾ ਸੁਚੱਜੇ ਢੰਗ ਨਾਲ ਨਿਭਾਈ।ਇਸ ਮੌਕੇ ਸਤਵੀਰ ਸਿੰਘ ਖਟੜਾ ਚੈਅਰਮੈਨ ਦੀ ਪਟਿਆਲਾ ਵੈਲਫੇਅਰ ਸੁਸਾਇਟੀ, ਬਲਵਿੰਦਰ ਸਿੰਘ ਕੰਗ ਸਰਪੰਚ ਰੋੜਗੜ੍ਹ, ਲਖਵੀਰ ਸਿੰਘ ਲੌਟ ਸਾਬਕਾ ਚੇਅਰਮੈਨ, ਲਖਵੀਰ ਸਿੰਘ ਲੱਖਾ ਸਾਬਕਾ ਐਮਐਲਏ, ਸੁਰਜੀਤ ਸਿੰਘ ਰੱਖੜਾ ਸਾਬਕਾ ਮੰਤਰੀ,ਗੁਰਬਾਜ ਸਿੰਘ ਸਾਬਕਾ ਸਰਪੰਚ ਖਲੀਫੇਵਾਲ, ਅਮਰੀਕ ਸਿੰਘ ਸਿਊਨਾ ਸਾਬਕਾ ਸਰਪੰਚ, ਜਗਤਾਰ ਸਿੰਘ ਰੋੜੇਵਾਲ ਸਾਬਕਾ ਸਰਪੰਚ, ਜਤਿੰਦਰ ਸਿੰਘ ਸੇਮਲ ਖੇੜੀ, ਸ਼ਰਨਜੀਤ ਸਿੰਘ ਚਰਨਾਥਲ, ਨੰਬਰਦਾਰ ਜਗਤਾਰ ਸਿੰਘ ਤਾਰੀ,ਅਮਰੀਕ ਸਿੰਘ ਲੰਗ, ਬਲਵਿੰਦਰ ਸਿੰਘ ਲੰਗ ਸਾਬਕਾ ਸਰਪੰਚ, ਸਾਹਿਬ ਸਿੰਘ ਕੰਗ, ਗੁਰਮੱਖ ਸਿੰਘ ਠੇਕੇਦਾਰ, ਗੁਰਮੀਤ ਸਿੰਘ ਕਾਲਾ, ਕਰਮਜੀਤ ਸਿੰਘ ਕਾਕਾ, ਪ੍ਰੀਤਪਾਲ ਸਿੰਘ ਸਰਪੰਚ ਲਚਕਾਣੀ, ਜੱਸੀ ਰਾਜਪੁਰਾ, ਮੇਵਾ ਸਿੰਘ ਮਲੇਰਕੋਟਲਾ, ਮਲਕੀਅਤ ਸਿੰਘ ਠਾਣੇਦਾਰ,ਹਰਜਿੰਦਰ ਸਿੰਘ ਬਾਦਲ ਚੰਡੀਗੜ੍ਹ,ਸਾਹਿਬ ਸਿੰਘ ਸਿੱਧੂ, ਬਲਜੀਤ ਸਿੰਘ ਰੋੜਗੜ੍ਹ,ਬੱਬੀ ਟਿਵਾਣਾ, ਚਰਨਜੀਤ ਟਿਵਾਣਾ ਦਿੱਤੂਪੁਰ,ਰਾਮ ਸਿੰਘ ਚਲੈਲਾ, ਬਲਜੀਤ ਸਿੰਘ ਡਕੌਂਦਾ, ਮਨਜੀਤ ਸਿੰਘ ਕਾਠਮੱਠੀ, ਜਗਮਿੰਦਰ ਸਿੰਘ ਕਾਠਮੱਠੀ, ਦਰਸ਼ਨ ਸਿੰਘ ਪੰਚ, ਸ਼ਮਸ਼ੇਰ ਸਿੰਘ ਫੌਜੀ,ਬੁੱਧ ਸਿੰਘ ਦਿਆਲਗੜ੍ਹ, ਕੁਲਵੰਤ ਸਿੰਘ ਦਿਆਗੜ੍ਹ,ਜੱਸਾ ਰੋੜੇਵਾਲ ਡਾਕਟਰ ਭਿੱਲਾ ਦੰਦਰਾਲਾ ਖਰੋੜ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।

# ਭਾਰਤ ਪਾਕਿਸਤਾਨ ਦੀ ਜੰਗ ਰੁਕਣ ਦਾ ਸਵਾਗਤ- ਅੰਮ੍ਰਿਤਪਾਲ ਭੌਂਸਲੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਫਿਲੌਰ / ਅੱਪਰਾ (ਦੀਪਾ)-ਭਾਰਤ ਤੇ ਪਾਕਿਸਤਾਨ ਦਰਮਿਆਨ ਜੰਗ ਦੇ ਹਲਾਤਾਂ ਵਿੱਚ ਪੰਜਾਬ ਉਤੇ ਸਭ ਤੋਂ ਖ਼ਤਰਾ ਮੰਡਰਾ ਰਿਹਾ ਸੀ ਭਾਵੇਂ ਪਾਕਿਸਤਾਨ ਦੇ ਕਾਇਰਾਨਾ ਕਾਰਵਾਈ ਦਾ ਮੂੰਹ ਤੋੜਵਾਂ ਜਵਾਬ ਦੇਣਾ ਬਣਦਾ ਸੀ ਇਸ ਨਾਲ ਸਭ ਤੋਂ ਵੱਧ ਨੁਕਸਾਨ ਪੰਜਾਬ ਨੂੰ ਝੱਲਣਾ ਪੈਂਦਾ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ ਅੰਮ੍ਰਿਤਪਾਲ ਭੌਂਸਲੇ ਫਿਲੌਰ ਨੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦਖ਼ਲ ਅੰਦਾਜ਼ੀ ਨਾਲ ਜੋ ਭਾਰਤ ਅਤੇ ਪਾਕਿਸਤਾਨ ਦੇ ਦਰਮਿਆਨ ਸੀਜ਼ ਫਾਇਰ ਹੋਕੇ ਜੰਗ ਰੁਕਣ ਦਾ ਐਲਾਨ ਹੋਇਆ ਉਸ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕ ਅਤੇ ਸਾਰੀਆਂ ਰਾਜਸੀ ਧਿਰਾਂ ਕੇਂਦਰ ਸਰਕਾਰ ਅਤੇ ਭਾਰਤੀ ਫੌਜਾਂ ਨਾਲ ਸਹਿਯੋਗ ਕਰ ਰਹੀਆਂ ਸਨ। ਪਰ ਜੇਕਰ ਜੰਗ ਭਖਦੀ ਤਾਂ ਸਭ ਤੋਂ ਵੱਧ ਨੁਕਸਾਨ ਪੰਜਾਬ ਦਾ ਹੋਣਾ ਸੀ। ਉਨ੍ਹਾਂ ਵਿਰੋਧੀ ਧਿਰ ਦੇ ਆਗੂ ਸ੍ਰੀ ਰਾਹੁਲ ਗਾਂਧੀ ਅਤੇ ਕਾਂਗਰਸ ਦੇ ਪ੍ਰਧਾਨ ਮਲਿਕਾਅਰਜੁਨ ਖੜਗੇ ਜੀ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਦੂਰ ਅੰਦੇਸ਼ੀ ਨਾਲ ਫੈਸਲੇ ਲੈਂਦਿਆਂ ਕੇਂਦਰ ਸਰਕਾਰ ਅਤੇ ਭਾਰਤੀ ਫੌਜਾਂ ਨਾਲ ਖੜ੍ਹਕੇ ਹੌਂਸਲਾ ਅਫਜ਼ਾਈ ਕੀਤੀ ਅਤੇ ਭਾਰਤ ਦੇ ਲੋਕਾਂ ਦਾ ਮਾਰਗਦਰਸ਼ਨ ਕਰਦਿਆਂ ਸਹਿਯੋਗ ਕਰਨ ਲਈ ਪ੍ਰੇਰਿਆ।

## ਜਨਮ ਦਿਨ ਮੁਬਾਰਕ



ਨਾਮ - ਸੰਜੋਗਪ੍ਰੀਤ ਕੌਰ ਨਹਿਲ
ਪਿਤਾ ਦਾ ਨਾਮ - ਚਮਕੌਰ ਸਿੰਘ ਸ਼ਾਹਪੁਰ
ਮਾਤਾ ਦਾ ਨਾਮ - ਮਨਿੰਦਰ ਕੌਰ
ਸ਼ਾਹਪੁਰ ਕਲਾਂ (ਸੰਗਰੂਰ)

# ਡੌਨਲਡ ਟਰੰਪ ਦੀ ਵਿਚੋਲਗੀ ਮਗਰੋਂ ਭਾਰਤ-ਪਾਕ ਵਿਚਾਲੇ ਜੰਗਬੰਦੀ, ਪੰਜਾਬ ਦੇ ਕੁਝ ਜ਼ਿਲ੍ਹਿਆਂ ‘ਚ ਹਟੀਆਂ ਪਾਬੰਦੀਆਂ

**ਪਾਕਿਸਤਾਨੀ ਫੌਜ ਦੇ ਬੁਲਾਰੇ ਲੈਫਟੀਨੈਂਟ ਜਨਰਲ ਅਹਿਮਦ ਸ਼ਰੀਫ ਚੌਧਰੀ ਨੇ ਕਿਹਾ ਹੈ ਭਾਰਤ ਨੇ ਉਨ੍ਹਾਂ ਦੇ ਤਿੰਨ ਫੌਜੀ ਅੱਡਿਆਂ ‘ਤੇ ਮਿਜ਼ਾਇਲ ਨਾਲ ਹਮਲਾ ਕੀਤਾ ਹੈ। ਪਾਕਿਸਤਾਨੀ ਫੌਜ ਨੇ ਕਿਹਾ ਹੈ ਕਿ ਉਨ੍ਹਾਂ ਨੇ ਭਾਰਤ ਖਿਲਾਫ਼ ਜਵਾਬੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।**

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਕਿਹੜੇ-ਕਿਹੜੇ ਜ਼ਿਲ੍ਹਿਆਂ ਵਿੱਚ ਹਟੀਆਂ ਪਾਬੰਦੀਆਂ

ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਦੇ ਐਲਾਨ ਮਗਰੋਂ ਵੱਖ-ਵੱਖ ਜ਼ਿਲ੍ਹਿਆਂ ਵੱਲੋਂ ਨਗਰਿਕਾਂ ਉੱਤੇ ਪਾਬੰਦੀਆਂ ਹਟਾਏ ਜਾਣ ਦਾ ਐਲਾਨ ਕੀਤਾ ਗਿਆ ਹੈ।

ਜਲੰਧਰ, ਲੁਧਿਆਣਾ, ਅੰਮ੍ਰਿਤਸਰ ਅਤੇ ਪਟਿਆਲਾ ਦੇ ਪ੍ਰਸ਼ਾਸਨ ਵੱਲੋਂ ਕਿਹਾ ਗਿਆ ਹੈ ਕਿ ਨਾਗਰਿਕਾਂ ਉੱਤੇ ਕੋਈ ਪਾਬੰਦੀਆਂ ਨਹੀਂ ਹੋਣਗੀਆਂ ਅਤੇ ਹਾਲਾਤ ਮੁੜ ਆਮ ਹੋਣਗੇ।

ਲੁਧਿਆਣਾ ਪ੍ਰਸ਼ਾਸਨ ਨੇ ਕਿਹਾ ਕਿ ਬਾਜ਼ਾਰ, ਸ਼ੌਪਿੰਗ ਮਾਲਜ਼ ਅਤੇ ਦੁਕਾਨਾਂ ਉੱਤੇ ਕੋਈ ਪਾਬੰਦੀਆਂ ਨਹੀਂ ਹੋਣਗੀਆਂ।

ਪਟਿਆਲਾ ਦੀ ਡਿਪਟੀ ਕਮਿਸ਼ਨਰ ਪ੍ਰੀਤੀ ਯਾਦਵ ਨੇ ਵੀ ਸੁਨੇਹਾ ਜਾਰੀ ਕੀਤਾ ਕਿ ਉਹ ਲੋਕਾਂ ਦੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕਰਦੇ ਹਨ।

ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ ਵੱਲੋਂ ਵੀ ਪਾਬੰਦੀਆਂ ਹਟਾਏ ਜਾਣ ਬਾਰੇ ਆਪਣੇ ਐਕਸ ਅਕਾਊਂਟ ਉੱਤੇ ਲਿਖਿਆ ਗਿਆ ਹੈ।

### ਜੰਗਬੰਦੀ ਦੇ ਐਲਾਨ ਤੋਂ ਬਾਅਦ ਭਾਰਤੀ ਫੌਜ ਨੇ ਕੀ ਕਿਹਾ




ਭਾਰਤ ਅਤੇ ਪਾਕਿਸਤਾਨ ਵਿਚਾਲੇ ਜੰਗਬੰਦੀ ਦੇ ਐਲਾਨ ਤੋਂ ਬਾਅਦ ਭਾਰਤੀ ਫੌਜ ਵੱਲੋਂ ਵੀ ਪ੍ਰੈੱਸ ਕਾਨਫਰੰਸ ਕੀਤੀ ਗਈ।

ਫੌਜ ਵੱਲੋਂ ਪ੍ਰੈੱਸ ਕਾਨਫਰੰਸ ਕਰਕੇ ਕਿਹਾ ਗਿਆ ਕਿ ਦੂਜੀ ਧਿਰ ਵੱਲੋਂ ਕਾਫੀ ਗਲਤ ਜਾਣਕਾਰੀ ਫੈਲਾਈ ਗਈ ਹੈ, ਜਿਸ ਬਾਰੇ ਸਪੱਸ਼ਟ ਕਰਨਾ ਜ਼ਰੂਰੀ ਹੈ।

ਕਰਨਲ ਸੋਫੀਆ ਕੁਰੈਸ਼ੀ ਨੇ ਕਿਹਾ, “ਪਾਕਿਸਤਾਨ ਨੇ ਇਹ ਦਾਅਵਾ ਕੀਤਾ ਹੈ ਕਿ ਉਸ ਨੇ ਆਪਣੇ ਜੇਐੱਫ-17 ਨਾਲ ਸਾਡੇ ਐੱਸ-400 ਅਤੇ ਬ੍ਰਹਮੋਸ ਮਿਜ਼ਾਇਲ ਬੇਸ ਨੂੰ ਨੁਕਸਾਨ ਪਹੁੰਚਾਇਆ ਜੋ ਕਿ ਬਿਲਕੁਲ ਗਲਤ ਹੈ।”

ਉਨ੍ਹਾਂ ਅੱਗੇ ਕਿਹਾ, “ਪਾਕਿਸਤਾਨ ਦੇ ਮੁਤਾਬਕ ਚੰਡੀਗੜ੍ਹ ਅਤੇ ਬਿਆਸ ਵਿਚਲੇ ਐਮਿਊਨੀਸ਼ਨ ਡੰਪ ਨੂੰ ਉਨ੍ਹਾਂ ਨੇ ਨੁਕਸਾਨ ਪਹੁੰਚਾਇਆ ਹੈ ਜੋ ਕਿ ਗਲਤ ਹੈ।”

ਉਨ੍ਹਾਂ ਅੱਗ ਕਿਹਾ ਕਿ ਭਾਰਤ ਵੱਲੋਂ ਪਾਕਿਸਤਾਨ ਦੀ ਡਿਫ਼ੈਂਸਿਵ(ਬਚਾਅ) ਅਤੇ ਓਫ਼ੈਂਸਿਵ(ਹਮਲਾਵਰ) ਕੈਪੈਬਿਲਿਟੀ(ਸਮਰੱਥਾ) ਨੂੰ ਨਸ਼ਟ ਕਰ ਦਿੱਤਾ ਗਿਆ ਹੈ।

### ਪਹਿਲਾਂਅਮਰੀਕੀ ਸੈਕਰੇਟਰੀ ਆਫ ਸਟੇਟ ਨੇ ਭਾਰਤ-ਪਾਕ ਜੰਗਬੰਦੀ ਬਾਰੇ ਕੀ ਕਿਹਾ

ਅਮਰੀਕੀ ਸੈਕਰੇਟਰੀ ਆਫ ਸਟੇਟ ਮਾਰਕੋ ਰੂਬੀਓ ਨੇ ਕਿਹਾ ਕਿ ਉਹ ਆਪ ਅਤੇ ਉਪ ਰਾਸ਼ਟਰਪਤੀ ਜੇਡੀ ਵੈਂਸ ਭਾਰਤ ਅਤੇ ਪਾਕਿਸਤਾਨ ਨਾਲ ਗੱਲਬਾਤ ਵਿੱਚ ਸ਼ਾਮਲ ਸਨ।

ਅਮਰੀਕੀ ਸੈਕਰੇਟਰੀ ਆਫ ਸਟੇਟ ਮਾਰਕੋ ਰੂਬੀਓ ਨੇ ਆਪਣੇ ਐਕਸ ਅਕਾਊਂਟ ਉੱਤੇ ਲਿਖਿਆ, “ਪਿਛਲੇ 48 ਘੰਟਿਆਂ ਦੌਰਾਨ ਉਪ ਰਾਸ਼ਟਰਪਤੀ ਜੇਡੀ ਵੈਂਸ ਅਤੇ ਮੈਂ ਦੋਵੇਂ ਪ੍ਰਧਾਨ ਮੰਤਰੀਆਂ ਨਰਿੰਦਰ ਮੋਦੀ ਤੇ ਸ਼ਹਿਬਾਜ਼ ਸ਼ਰੀਫ਼, ਵਿਦੇਸ਼ ਮੰਤਰੀ ਸੁਬਰਾਮਨਿਅਮ ਜੈਸ਼ੰਕਰ, ਪਾਕਿਸਤਾਨ ਦੇ ਫੌਜ ਮੁਖੀ ਆਸਿਮ ਮੁਨੀਰ ਅਤੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨਾਲ ਗੱਲਬਾਤ ਕੀਤੀ।”

### ਜੰਗਬੰਦੀ ਬਾਰੇ ਭਾਰਤੀ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਕੀ ਬੋਲੇ

ਭਾਰਤੀ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦੋਵੇਂ ਗੋਲੀਬਾਰੀ ਅਤੇ ਫੌਜੀ ਕਾਰਵਾਈ ਨੂੰ ਰੋਕਣ ਲਈ ਤਿਆਰ ਹਨ।

ਉਨ੍ਹਾਂ ਆਪਣੇ ਐਕਸ ਅਕਾਉਂਟ ਉੱਤੇ ਲਿਖਿਆ, “ਭਾਰਤ ਨੇ ਹਮੇਸ਼ਾ ਹਰ ਕਿਸਮ ਦੀ ਦਹਿਸ਼ਦਗਰਦੀ ਦੇ ਖ਼ਿਲਾਫ਼ ਦ੍ਰਿੜ ਅਤੇ ਬਿਨ੍ਹਾਂ ਕਿਸੇ ਸਮਝੌਤੇ ਤੋਂ ਸਟੈਂਡ ਲਿਆ ਹੈ। ਇਹ ਜਾਰੀ ਰਹੇਗਾ।”

ਭਾਰਤ-ਪਾਕ ਵਿਚਾਲੇ ਜੰਗਬੰਦੀ, ਪਾਕਿਸਤਾਨ ਦੇ ਵਿਦੇਸ਼ ਮੰਤਰੀ ਨੇ ਕੀ ਕਿਹਾ

ਪਾਕਿਸਤਾਨ ਦੇ ਵਿਦੇਸ਼ ਮੰਤਰੀ ਇਸਹਾਕ ਡਾਰ ਨੇ ਆਪਣੇ




ਐਕਸ ਅਕਾਊਂਟ ਉੱਤੇ ਲਿਖਿਆ, “ਪਾਕਿਸਤਾਨ ਅਤੇ ਭਾਰਤ ਦੋਵੇਂ ਤੁਰੰਤ ਪ੍ਰਭਾਵ ਨਾਲ ਜੰਗਬੰਦੀ ਲਈ ਸਹਿਮਤ ਹੋ ਗਏ ਹਨ।”

ਉਨ੍ਹਾਂ ਅੱਗੇ ਲਿਖਿਆ, “ਪਾਕਿਸਤਾਨ ਨੇ ਹਮੇਸ਼ਾ ਆਪਣੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦੇ ਨਾਲ ਬਿਨ੍ਹਾਂ ਸਮਝੌਤਾ ਕੀਤੇ ਖਿੱਤੇ ਵਿੱਚ ਸ਼ਾਂਤੀ ਅਤੇ ਸੁਰੱਖਿਆ ਚਾਹੀ ਹੈ।”

### ਭਾਰਤ ਅਤੇ ਪਾਕਿਸਤਾਨ ਵਿੱਚ ਜੰਗਬੰਦੀ ਉੱਤੇ ਹੋਈ ਸਹਿਮਤੀ

ਭਾਰਤੀ ਵਿਦੇਸ਼ ਮੰਤਰਾਲੇ ਦੇ ਸਕੱਤਰ ਵਿਕਰਮ ਮਿਸਰੀ ਨੇ ਕਿਹਾ, “ਪਾਕਿਸਤਾਨ ਫੌਜੀ ਮਾਮਲਿਆਂ ਦੇ ਡਾਇਰੈਕਟਰ ਜਨਰਲ ਨੇ ਭਾਰਤ ਦੇ ਫੌਜੀ ਮਾਮਲਿਆਂ ਦੇ ਡਾਇਰੈਕਟਰ ਜਨਰਲ ਨੂੰ ਦੁਪਹਿਰ 3:35 ਵਜੇ ਫੋਨ ਕੀਤਾ, ਦੋਵਾਂ ਵਿੱਚ ਇਹ ਸਹਿਮਤੀ ਹੋਈ ਕਿ ਦੋਵੇਂ ਧਿਰਾਂ ਸਾਰੀ ਗੋਲੀਬਾਰੀ ਅਤੇ ਧਰਤੀ, ਹਵਾ, ਸਮੁੰਦਰ ਉੱਤੇ ਫੌਜੀ ਕਾਰਵਾਈ ਰੋਕ ਦੇਣਗੀਆਂ।

### ਉਨ੍ਹਾਂ ਕਿਹਾ ਕਿ ਇਹ ਜੰਗਬੰਦੀ 5 ਵਜੇ ਤੋਂ ਲਾਗੂ ਹੋ ਗਈ ਹੈ।

ਉਨ੍ਹਾਂ ਨੇ ਦੱਸਿਆ ਕਿ ਦੋਵਾਂ ਦੇਸ਼ਾਂ ਦੇ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪਰੇਸ਼ੰਨਜ਼ ਵੱਲੋਂ 12 ਮਈ ਨੂੰ ਦੁਬਾਰਾ ਇਸ ਬਾਰੇ ਗੱਲ ਕੀਤੀ ਜਾਵੇਗੀ।

ਟਰੰਪ ਨੇ ਕਿਹਾ, ਭਾਰਤ ਅਤੇ ਪਾਕਿਸਤਾਨ ‘ਮੁਕੰਮਲ ਅਤੇ ਫ਼ੌਰਨ ਜੰਗਬੰਦੀ ਲਈ ਸਹਿਮਤ

### ਡੌਨਲਡ ਟਰੰਪ ਨੇ ਕਿਹਾ ਹੈ, “ਭਾਰਤ ਅਤੇ ਪਾਕਿਸਤਾਨ ਇੱਕ ਮੁਕੰਮਲ ਅਤੇ ਤੁਰੰਤ ਜੰਗਬੰਦੀ ਲਈ ਸਹਿਮਤ ਹੋ ਗਏ ਹਨ।”

ਸੋਸ਼ਲ ਮੀਡੀਆ ਪਲੇਟਫਾਰਮ ਟਰੁੱਥ ਸੋਸ਼ਲ ‘ਤੇ ਇੱਕ ਪੋਸਟ ਵਿੱਚ, ਅਮਰੀਕੀ ਰਾਸ਼ਟਰਪਤੀ ਨੇ ਕਿਹਾ, “ਅਮਰੀਕਾ ਦੀ ਵਿਚੋਲਗੀ ਨਾਲ ਰਾਤ ਭਰ ਚੱਲੀ ਗੱਲਬਾਤ ਤੋਂ ਬਾਅਦ, ਮੈਨੂੰ ਇਹ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਭਾਰਤ ਅਤੇ ਪਾਕਿਸਤਾਨ ਇੱਕ ਮੁਕੰਮਲ ਅਤੇ ਫ਼ੌਰਨ ਜੰਗਬੰਦੀ ਲਈ ਸਹਿਮਤ ਹੋ ਗਏ ਹਨ।”

“ਦੋਵਾਂ ਦੇਸ਼ਾਂ ਨੂੰ ਸਾਂਝੀ ਸਮਝ ਅਤੇ ਸੂਝ-ਬੂਝ ਦੀ ਵਰਤੋਂ ਕਰਨ ਲਈ ਵਧਾਈਆਂ। ਇਸ ਮਾਮਲੇ ਵੱਲ ਧਿਆਨ ਦੇਣ ਲਈ ਤੁਹਾਡਾ ਧੰਨਵਾਦ!”

ਹਾਲੇ ਤੱਕ ਭਾਰਤ ਜਾਂ ਪਾਕਿਸਤਾਨ ਵਲੋਂ ਅਜਿਹੀ ਕੋਈ ਜਾਣਕਾਰੀ ਸਾਨੂੰ ਨਹੀਂ ਮਿਲੀ ਹੈ।

ਸਾਊਦੀ ਅਰਬ ਦੇ ਵਿਦੇਸ਼ ਮੰਤਰੀ ਨੇ ਭਾਰਤ ਅਤੇ ਪਾਕਿਸਤਾਨ ਨਾਲ ਗੱਲ ਕੀਤੀ, ਕੀ ਹੋਈ ਚਰਚਾ?

ਸਾਊਦੀ ਅਰਬ ਦੇ ਵਿਦੇਸ਼ ਮੰਤਰੀ ਪ੍ਰਿੰਸ ਫ਼ੈਸਲ ਬਿਨ ਫ਼ਰਹਾਨ ਨੇ ਭਾਰਤ ਅਤੇ ਪਾਕਿਸਤਾਨ ਦੇ ਵਿਦੇਸ਼ ਮੰਤਰੀਆਂ ਨਾਲ ਫੋਨ ਉੱਤੇ ਗੱਲ ਕੀਤੀ।

### ਸਾਊਦੀ ਅਰਬ ਦੇ ਵਿਦੇਸ਼ ਮੰਤਰਾਲੇ ਨੇ ਬਿਆਨ ਜਾਰੀ ਕਰਕੇ ਇਸ ਬਾਰੇ ਜਾਣਕਾਰੀ ਦਿੱਤੀ।

“ਪ੍ਰਿੰਸ ਫ਼ੈਸਲ ਬਿਨ ਫ਼ਰਹਾਨ ਨੇ ਭਾਰਤੀ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਅਤੇ ਪਾਕਿਸਤਾਨ ਦੇ ਵਿਦੇਸ਼ ਮੰਤਰੀ ਇਸਹਾਕ ਡਾਰ ਨਾਲ ਭਾਰਤ ਅਤੇ ਪਾਕਿਸਤਾਨ ਦੇ ਫੌਜੀ ਤਣਾਅ ਨੂੰ ਖ਼ਤਮ ਕਰਨ ਅਤੇ ਤਣਾਅ ਨੂੰ ਘਟਾਉਣ ਦੇ ਯਤਨਾਂ ਉੱਤੇ ਚਰਚਾ ਕੀਤੀ।”

ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਨੇ ਆਪਣੇ ਬਿਆਨ ਵਿੱਚ ਕਿਹਾ, ‘ਇਸਹਾਕ ਡਾਰ ਨੇ ਉਨ੍ਹਾਂ ਨੂੰ ਬੀਤੀ ਰਾਤ ਭਾਰਤ ਦੇ ਹਮਲਿਆਂ ਅਤੇ ਉਸ ਦੇ ਜਵਾਬ ਵਿੱਚ ਪਾਕਿਸਤਾਨ ਦੀ ਕਾਰਵਾਈ ਤੋਂ ਬਾਅਦ ਖਿੱਤੇ ਦੀ ਹਾਲੀਆ ਸਥਿਤੀ ਬਾਰੇ ਜਾਣੂ ਕਰਵਾਇਆ।

“ਸਾਊਦੀ ਵਿਦੇਸ਼ ਮੰਤਰੀ ਨੇ ਬੇਗੁਨਾਹ ਜਾਨਾਂ ਦੇ ਨੁਕਸਾਨ ਉੱਤੇ ਸੰਵੇਦਨਾ ਜ਼ਾਹਰ ਕੀਤੀ ਅਤੇ ਪਾਕਿਸਤਾਨ ਦੀ ਸੰਜਮ ਵਾਲੀ ਅਤੇ ਸੰਤੁਲਿਤ ਪ੍ਰਤੀਕਿਰਿਆ ਦੀ ਪ੍ਰਸ਼ੰਸਾ ਕੀਤੀ। ਦੋਵਾਂ ਆਗੂਆਂ ਨੇ ਸੰਪਰਕ ਬਣਾ ਕੇ ਰੱਖਣ ਉੱਤੇ ਸਹਿਮਤੀ ਜ਼ਾਹਰ ਕੀਤੀ।”

ਹਾਲੇ ਭਾਰਤ ਦੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਅਤੇ ਭਾਰਤੀ ਵਿਦੇਸ਼ ਮੰਤਰਾਲੇ ਨੇ ਪ੍ਰਿੰਸ ਫ਼ੈਸਲ ਬਿਨ ਫ਼ਰਹਾਨ ਦੇ ਨਾਲ ਹੋਈ ਗੱਲਬਾਤ ਬਾਰੇ ਹਾਲੇ ਕੋਈ ਬਿਆਨ ਜਾਰੀ ਨਹੀਂ ਕੀਤਾ ਹੈ।

# ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਜਨਮ ਦਿਨ ਸਮਾਰੋਹ ਦਾ ਆਯੋਜਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਸੰਗਰੂਰ,10 ਮਈ (ਜਗਸੀਰ ਲੌਂਗੋਵਾਲ)- ਸਥਾਨਿਕ ਤਹਿਸੀਲ ਕੰਪਲੈਕਸ ਵਿਖੇ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਸੰਗਰੂਰ ਯੁਨਿਟ ਵੱਲੋਂ ਮਹੀਨਾਵਾਰ ਜਨਮ ਦਿਨ ਸਨਮਾਨ ਸਮਾਰੋਹ ਭੁਪਿੰਦਰ ਸਿੰਘ ਜੱਸੀ ਪ੍ਰਧਾਨ ਦੀ ਅਗਵਾਈ ਵਿੱਚ ਕੀਤਾ ਗਿਆ। ਅਵਿਨਾਸ਼ ਸ਼ਰਮਾ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਵੱਖ ਵੱਖ ਬੁਲਾਰਿਆਂ ਗੁਰਦੇਵ ਸਿੰਘ ਲੂੰਬਾ, ,ਹਰਵਿੰਦਰ ਸਿੰਘ ਭੱਠਲ, ਦਰਸ਼ਨ ਸਿੰਘ ਨੌਰਥ ਜ਼ਿਲ੍ਹਾ ਸਕੱਤਰ, ਨਿਹਾਲ ਸਿੰਘ ਮਾਨ, ਰਵਿੰਦਰ ਸਿੰਘ ਗੁੱਡੂ, ਸੁਰਿੰਦਰ ਪਾਲ ਸਿੰਘ ਸਿਦਕੀ, ਰਾਜ ਕੁਮਾਰ ਅਰੋੜਾ ਜ਼ਿਲ੍ਹਾ ਪ੍ਰਧਾਨ, ਸੱਜਣ ਸਿੰਘ ਪੂਨੀਆ , ਰਾਮ ਲਾਲ ਪਾਂਧੀ, ਮਹੇਸ਼ ਜੌਹਰ, ਸਤਪਾਲ ਸਿੰਗਲਾ,



ਪਵਿੱਤਰ ਕੌਰ ਗਰੇਵਾਲ ਨੇ ਜਿਥੇ ਜਨਮ ਦਿਨ ਵਾਲੇ ਮੈਂਬਰਾਂ ਨੂੰ ਵਧਾਈਆਂ ਅਤੇ ਸ਼ੁਭ ਕਾਮਨਾਵਾਂ ਦਿੱਤੀਆਂ ਉਥੇ ਪਹਿਲਗਾਮ ਘਟਨਾ ਦੇ ਅੱਤਵਾਦੀਆਂ ਨੂੰ ਪਾਕਿਸਤਾਨ ਵੱਲੋਂ ਪਨਾਹ ਦੇਣ ਦੇ ਰੋਸ ਵਜੋਂ ਭਾਰਤੀ ਫੌਜ ਵੱਲੋਂ ਕੀਤੀ ਜਾ ਰਹੀ ਕਾਰਵਾਈ ਦੀ ਸ਼ਲਾਘਾ ਕੀਤੀ ਅਤੇ ਨਾਲ ਹੀ ਪਾਕਿਸਤਾਨ ਨੂੰ, ਦੋਸ਼ੀਆਂ ਨੂੰ ਭਾਰਤ ਹਵਾਲੇ ਕਰਕੇ ਦੋਹਾਂ ਦੇਸ਼ਾਂ ਦਰਮਿਆਨ ਤਨਾਵ ਘੱਟ ਕਰਨ ਅਤੇ ਅਮਨ ਸ਼ਾਂਤੀ ਦਾ ਮਾਹੌਲ ਬਨਾਉਣ ਦਾ ਸੁਨੇਹਾ ਦਿੱਤਾ। ਬੁਲਾਰਿਆਂ ਵਲੋਂ ਆਪਣੇ ਸਾਥੀਆਂ ਨੂੰ ਬਲੈਕ ਆਊਟ ਸਮੇਂ ਪ੍ਰਸ਼ਾਸਨ ਵੱਲੋਂ ਦਿੱਤੇ ਜਾਂਦੇ ਨਿਰਦੇਸ਼ਾਂ ਨੂੰ ਪੂਰੀ ਤਰ੍ਹਾਂ ਪਾਲਣਾ ਕਰਨ ਲਈ ਕਿਹਾ।ਪੈਨਸ਼ਨਰਜ਼ ਸਾਥੀਆਂ ਦੀਆਂ ਮੰਗਾਂ ਤੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਭੁਪਿੰਦਰ ਸਿੰਘ ਜੱਸੀ ਨੇ ਕਿਹਾ ਕਿ ਜਦੋਂ ਵੀ ਜੰਗ ਦਾ ਮਾਹੌਲ ਬਣਦਾ ਹੈ ਤਾਂ ਉਸ ਸਮੇਂ ਪੰਜਾਬੀ ਫੌਜੀ ਹੀ ਅੱਗੇ ਵੱਧ ਕੇ ਆਪਣੀਆਂ ਜਾਨਾਂ ਕੁਰਬਾਨ ਕਰਦੇ ਹਨ ਜਿਸ ਨਾਲ ਪੰਜਾਬ ਦਾ ਹੀ ਵੱਧ ਨੁਕਸਾਨ ਹੁੰਦਾ ਹੈ। ਜੀਤ ਸਿੰਘ ਢੀਂਡਸਾ ਸਰਪ੍ਰਸਤ ਨੇ ਲੜਾਈ ਕੋਈ ਵੀ ਹੋਵੇ ਅੰਤ ਨੂੰ ਨਤੀਜਾ ਨੁਕਸਾਨਦੇਹ ਹੀ ਹੁੰਦਾ ਹੈ ਇਸ ਲਈ ਦੋਵਾਂ ਦੇਸ਼ਾਂ ਨੂੰ ਜੰਗ ਤੋਂ ਬਿਨਾਂ ਇਸ ਮਸਲੇ ਦਾ ਹੱਲ ਕਰਨਾ ਚਾਹੀਦਾ ਹੈ। ਆਪ ਨੇ ਬੁਲਾਰਿਆਂ ਅਤੇ ਹਾਜ਼ਰ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪਵਿੱਤਰ ਕੌਰ ਗਰੇਵਾਲ ਨੂੰ ਯੁਨਿਟ ਦਾ ਮੀਤ ਪ੍ਰਧਾਨ ਐਲਾਨਿਆ ਗਿਆ ਅਤੇ ਭੁਪਿੰਦਰ ਸਿੰਘ ਜੱਸੀ, ਜੀਤ ਸਿੰਘ ਢੀਂਡਸਾ, ਰਾਜ ਕੁਮਾਰ ਅਰੋੜਾ ਨੇ ਨਿਯੁਕਤੀ ਪੱਤਰ ਦੇ ਕੇ ਸਨਮਾਨਿਤ ਕੀਤਾ। ਉਪਰੰਤ ਜਨਮ ਦਿਨ ਵਾਲੇ ਮੈਂਬਰਾਂ ਤੇਜਾ ਸਿੰਘ ਲੌਂਗੋਵਾਲ, ਸਤਪਾਲ ਬਾਂਸਲ, ਕਿਸ਼ੋਰੀ ਲਾਲ, ਵਰਿੰਦਰ ਸਿੰਘ ਕੌਸ਼ਲ, ਬਲਦੇਵ ਰਾਜ ਮਦਾਨ, ਜਗਦੀਸ਼ ਰਾਏ, ਹਰਮੇਲ ਸਿੰਘ, ਸ਼ਿੰਗਾਰਾ ਸਿੰਘ, ਰਘੂ ਨਾਥ, ਭਗਵੰਤ ਸਿੰਘ, ਨਛੱਤਰ ਸਿੰਘ, ਮਦਨ ਲਾਲ, ਕੈਪਟਨ ਅਨਿਲ ਕੁਮਾਰ, ਸੁਰੇਸ਼ ਕੁਮਾਰ ਸਿੰਗਲਾ, ਭੁਪਿੰਦਰ ਕੌਰ, ਸਵਿੰਦਰ ਕੌਰ ਆਦਿ ਨੂੰ ਪ੍ਰਧਾਨ ਭੁਪਿੰਦਰ ਸਿੰਘ ਜੱਸੀ, ਜੀਤ ਸਿੰਘ ਢੀਂਡਸਾ, ਰਾਜ ਕੁਮਾਰ ਅਰੋੜਾ, ਡਾ ਸਤਵੰਤ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ, ਹਰਪਾਲ ਸਿੰਘ ਸੰਗਰੂਰਵੀ, ਗੁਰਦੇਵ ਸਿੰਘ ਭੁੱਲਰ, ਨੰਦ ਲਾਲ ਮਲਹੋਤਰਾ, ਦੇਵਿੰਦਰ ਜਿੰਦਲ, ਓਮ ਪ੍ਰਕਾਸ਼ ਸ਼ਰਮਾਂ, ਜਰਨੈਲ ਸਿੰਘ ਲੁਬਾਣਾ, ਕਰਨੈਲ ਸਿੰਘ ਸ਼ੇਖੋਂ, ਸੁਰਿੰਦਰ ਸਿੰਘ ਸੋਢੀ, ਰਾਜਿੰਦਰ ਸਿੰਘ ਚੰਗਾਲ, ਰਾਜ ਕੁਮਾਰ ਬਾਂਸਲ, ਸੁਰਿੰਦਰ ਪਾਲ ਗਰਗ, ਪ੍ਰੇਮ ਚੰਦ ਗਰਗ, ਮਨਮੋਹਨ ਸਿੰਘ, ਲਾਲ ਚੰਦ ਸੈਣੀ, ਸੁਰੇਸ਼ ਕੁਮਾਰ ਸਿੰਗਲਾ, ਪਵਿੱਤਰ ਕੌਰ ਗਰੇਵਾਲ ਆਦਿ ਨੇ ਹਾਰ ਪਾ ਕੇ ਅਤੇ ਗਿਫਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਪੈਨਸ਼ਨਰਜ਼ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਪੱਲੇਦਾਰ ਯੂਨੀਅਨ ਨੇ ਰੇਲਵੇ ਪਲੇਟੀ ਦੀ ਸਮੱਸਿਆ ਸਬੰਧੀ ਮੈਡਮ ਦਾਮਨ ਬਾਜਵਾ ਨੂੰ ਸੌਂਪਿਆ ਮੰਗ ਪੱਤਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਸੁਨਾਮ ਊਧਮ ਸਿੰਘ ਵਾਲਾ ,10 ਮਈ (ਜਗਸੀਰ ਲੌਂਗੋਵਾਲ)- ਸ਼ਹਿਰ ਸੁਨਾਮ ਊਧਮ ਸਿੰਘ ਵਾਲਾ ਵਿਖੇ ਰੇਲਵੇ ਪਲੇਟੀ ਨੂੰ ਲੈ ਕੇ ਪੱਲੇਦਾਰ ਮਜ਼ਦੂਰ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ, ਇਸ ਮਸਲੇ ਸਬੰਧੀ ਭਾਜਪਾ ਦੀ ਸੂਬਾ ਸਕੱਤਰ ਮੈਡਮ ਦਾਮਨ ਬਾਜਵਾ ਅਤੇ ਹਰਮਨਦੇਵ ਬਾਜਵਾ ਨਾਲ ਰੇਲਵੇ ਵਿਭਾਗ ਤੋਂ ਆਈ.ਓ.ਡਬਲਯੂ ਸੁਰੇਸ਼ ਕੁਮਾਰ ਸੰਗਰੂਰ ਰੇਲਵੇ ਪਲੇਟੀ ਤੇ ਪਹੁੰਚ ਕੇ ਮਜ਼ਦੂਰਾਂ ਨੂੰ ਮਿਲੇ।

ਇਸ ਮੌਕੇ ਪਹੁੰਚੇ ਮੈਡਮ ਦਾਮਨ ਬਾਜਵਾ ਅਤੇ ਰੇਲਵੇ ਆਈ.ਓ.ਡਬਲਯੂ ਸੁਰੇਸ਼



ਕੁਮਾਰ ਸੰਗਰੂਰ ਨੂੰ ਪੱਲੇਦਾਰ ਮਜ਼ਦੂਰ ਯੂਨੀਅਨ ਵੱਲੋਂ ਦੱਸਿਆ ਗਿਆ ਕਿ ਰੇਲਵੇ ਸਟੇਸ਼ਨ ਸੁਨਾਮ ਊਧਮ ਸਿੰਘ ਵਾਲਾ ਰੇਲਵੇ ਲਾਈਨ 04 ਜਿਸ ਤੇ ਮਜ਼ਦੂਰਾਂ ਵੱਲੋਂ ਅਨਾਜ, ਖਾਦ ਦਾ ਲੋਡਿੰਗ ਅਤੇ ਅਨਲੋਡਿੰਗ ਦਾ ਕੰਮ ਕੀਤਾ ਜਾਂਦਾ ਹੈ, ਉਸ ਜਗ੍ਹਾਂ ਤੇ ਪਲੇਟੀ ਰੇਲਵੇ ਲਾਈਨ ਨਾਲੋਂ ਕਾਫੀ ਉੱਚੀ ਹੈ ਜਿਸ ਕਰਕੇ ਮਜ਼ਦੂਰਾਂ ਨੂੰ ਕੰਮ ਕਰਦੇ ਸਮੇਂ ਬਹੁਤ ਜਿਆਦਾ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮਸਲੇ ਤੇ ਧਿਆਨ ਦਿੰਦੇ ਹੋਏ ਮੈਡਮ ਦਾਮਨ ਬਾਜਵਾ ਨੇ ਕਿਹਾ ਕਿ ਮੈਂ ਇਹ ਜਾਣਕਾਰੀ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਧਿਆਨ ਵਿੱਚ ਲਿਆ ਦਿੱਤੀ ਹੈ ਆਉਣ ਵਾਲੇ ਕੁਝ ਹੀ ਦਿਨਾਂ ਵਿੱਚ ਰੇਲਵੇ ਵਿਭਾਗ ਵੱਲੋਂ ਸੀਨੀਅਰ ਅਧਿਕਾਰੀਆਂ ਦੀ ਟੀਮ ਆਵੇਗੀ ਜਿਸ ਤਰ੍ਹਾਂ ਵੀ ਇਸ ਮਸਲੇ ਦਾ ਹੱਲ ਨਿਕਲਦਾ ਹੋਇਆ ਅਸੀਂ ਹਰ ਹਾਲਤ ਵਿੱਚ ਇਸ ਦਾ ਹੱਲ ਕਰਵਾਕੇ ਦੇਵਾਂਗੇ।

ਇਸ ਮੌਕੇ ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ ਸੁਨਾਮ ਊਧਮ ਸਿੰਘ ਵਾਲਾ ਵੱਲੋਂ ਮੈਡਮ ਦਾਮਨ ਬਾਜਵਾ ਅਤੇ ਹਰਮਨਦੇਵ ਬਾਜਵਾ ਨੂੰ ਮੰਗ ਪੱਤਰ ਵੀ ਦਿੱਤਾ ਗਿਆ। ਇਸ ਸਮੇਂ ਪ੍ਰਧਾਨ ਕੇਵਲ ਸਿੰਘ, ਸੈਕਟਰੀ ਨਰੈਣ ਸਿੰਘ, ਪ੍ਰੇਮ ਸਿੰਘ, ਸਾਬਕਾ ਪ੍ਰਧਾਨ ਜੋਰਾ ਸਿੰਘ, ਪ੍ਰਵੀਨ ਗੋਇਲ, ਚੰਦਰ ਮੋਹਨ, ਭਾਜਪਾ ਮੰਡਲ ਪ੍ਰਧਾਨ ਰਾਜੀਵ ਮੱਖਣ ਆਦਿ ਹਾਜ਼ਰ ਸਨ।

# ਜੰਗਾਂ ਯੁੱਧਾਂ ਵਿੱਚ ਨਿਰਦੋਸ਼ਾਂ ਤੇ ਮਾਸੂਮਾਂ ਦੀਆਂ ਜਾਨਾਂ ਦਾ ਵੱਡੀ ਪੱਧਰ ਤੇ ਨੁਕਸਾਨ ਹੁੰਦਾ ਹੈ- ਖੁਣ ਖੁਣ ਸਿੰਗੜੀਵਾਲਾ

## ਸ਼੍ਰੋਮਣੀ ਅਕਾਲੀ ਦਲ (ਅ) ਵੱਲੋਂ ਅਮਨ ਸ਼ਾਂਤੀ ਲਈ ਰਾਸ਼ਟਰਪਤੀ ਦੇ ਨਾਂ ਤੇ ਦਿੱਤਾ ਮੰਗ ਪੱਤਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 9463601616 hardipchumber57@gmail.com



ਹੁਸ਼ਿਆਰਪੁਰ 10 ਮਈ (ਤਰਸੇਮ ਦੀਵਾਨਾ ) ਪੰਜਾਬ ਪੰਜਾਬੀਆਂ ਸਿੱਖ ਕੌਮ ਅਤੇ ਮਨੁੱਖਤਾ ਵਿਰੁੱਧ ਜਬਰੀ ਥੋਪੀ ਜਾ ਰਹੀ ਜੰਗ ਵਿੱਚ ਸਿੱਖ ਕੌਮ ਵੱਲੋਂ ਕਿਸੇ ਤਰ੍ਹਾਂ ਦਾ ਸਾਥ ਨਾ ਦੇਣ ਅਤੇ ਜੰਗ ਤੋਂ ਤੌਬਾ ਕਰਨ ਸਬੰਧੀ ਇੱਕ ਮੰਗ ਪੱਤਰ ਗੁਰਦੀਪ ਸਿੰਘ ਖੁਣ ਖੁਣ ਕੌਮੀ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ ਅਤੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਅਸ਼ਿਕਾ ਜੈਨ ਦੇ ਰਝੇਵਿਆਂ ਕਾਰਨ ਪਰਮਪ੍ਰੀਤ ਸਿੰਘ ਅਸਿਸਟੈਂਟ ਕਮਿਸ਼ਨਰ (ਜ) ਨੂੰ ਰਾਸ਼ਟਰਪਤੀ ਬੀਬੀ ਦਰੋਪਤੀ ਮੁਰਮੂ ਲਈ ਦਿੱਤਾ ਇਸ ਸਮੇਂ ਗੁਰਦੀਪ ਸਿੰਘ ਖੁਣ ਖੁਣ ਨੇ ਕਿਹਾ ਕਿ ਪੰਜਾਬ ਵਿੱਚ ਵੱਸਣ ਵਾਲੀ ਸਿੱਖ ਕੌਮ ਅਤੇ ਪੰਜਾਬੀ ਹਰ ਤਰ੍ਹਾਂ ਦੀ ਜੰਗ ਅਤੇ ਯੁੱਧ ਦੇ ਇਸ ਲਈ ਵਿਰੋਧੀ ਹਨ ਕਿਉਂਕਿ ਇਸ ਨਾਲ ਨਿਰਦੋਸ਼ਾਂ ਤੇ ਮਸੂਮਾਂ ਦੀਆਂ ਜਾਨਾ ਦਾ ਵੱਡਾ ਨੁਕਸਾਨ ਹੀ ਨਹੀਂ ਹੁੰਦਾ ਹੈ ਬਲਕਿ ਮਾਲੀ ਅਤੇ ਆਰਥਿਕ ਤੌਰ ਤੇ ਵੀ ਅਜਿਹੀਆਂ ਜੰਗਾਂ ਸਮੇਂ ਸਿੱਖ ਕੌਮ ਅਤੇ ਪੰਜਾਬੀਆਂ ਦਾ ਵੱਡਾ ਨੁਕਸਾਨ ਹੁੰਦਾ ਹੈ ਇਸ ਲਈ ਅਸੀਂ ਅਮਨ ਚੈਨ ਅਤੇ ਜਮਹੂਰੀਅਤ ਦੇ ਹਾਮੀ ਹਾਂ ਇਸ ਸਮੇਂ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਕਿਹਾ ਨਰਿੰਦਰ ਮੋਦੀ ਸਰਕਾਰ ਵਲੋਂ ਆਪਣੇ ਸਿਆਸੀ ਅਤੇ ਸਵਾਰਥੀ ਹਿੱਤਾਂ ਦੀ ਪੂਰਤੀ ਲਈ ਸਮੁੱਚੇ ਮੁਲਕ ਨਿਵਾਸੀਆਂ ਨੂੰ ਜੰਗ ਵਿੱਚ ਧੱਕਿਆ ਜਾ ਰਿਹਾ ਹੈ ਅਤੇ ਮੰਦਭਾਵਨਾ ਅਧੀਨ ਸਿੱਖ ਕੌਮ ਅਤੇ ਪੰਜਾਬੀਆਂ ਤੇ ਜੰਗ ਥੋਪੀ ਜਾ ਰਹੀ ਜਿਸ ਦਾ ਸ਼੍ਰੋਮਣੀ ਅਕਾਲ ਦਲ ਅੰਮ੍ਰਿਤਸਰ ਪਾਰਟੀ ਇਸ ਜੰਗ ਦਾ ਸਖ਼ਤ ਵਿਰੋਧ ਕਰਦੀ ਹੈ ਇਸ ਸਮੇਂ ਉਹਨਾਂ ਨੇ ਦੇਸ਼ ਦੀ ਰਾਸ਼ਟਰਪਤੀ ਬੀਬੀ ਦਰੋਪਤੀ ਮੁਰਮੂ ਨੂੰ ਗੰਭੀਰਤਾ ਭਰੀ ਅਪੀਲ ਕਰਦੇ ਹੋਇਆ ਕਿਹਾ ਕਿ ਉਹ ਆਪਣੇ ਵਿਧਾਨਕ ਅਤੇ ਮਨੁੱਖਤਾ ਪੱਖੀ ਸੋਚ ਦੀ ਵਰਤੋਂ ਕਰਦਿਆਂ ਹੋਇਆਂ ਇਸ ਜੰਗ ਨੂੰ ਰੁਕਵਾਉਣ ਲਈ ਤੁਰੰਤ ਆਪਣੀ ਜਿੰਮੇਵਾਰੀ ਨਿਭਾਉਣ ਜਿਸ ਲਈ ਸਿੱਖ ਕੌਮ ਅਤੇ ਪੰਜਾਬੀ ਆਪਦੇ ਦਿਲੋਂ ਸ਼ੁਕਰ ਗੁਜ਼ਾਰ ਹੋਣਗੇ,ਇਸ ਸਮੇਂ ਇਸ ਸਮੇਂ ਸੰਦੀਪ ਸਿੰਘ ਖਾਲਸਾ ਟਾਂਡਾ, ਬੀਬੀ ਰਾਜਵਿੰਦਰ ਕੌਰ,ਸਤਵੰਤ ਸਿੰਘ ਮੁਰਾਦਪੁਰ, ਬਘੇਲ ਸਿੰਘ ਟਾਂਡਾ, ਗੁਰਵਿੰਦਰ ਸਿੰਘ ਮਿਆਣੀ, ਜਸਦੀਪ ਸਿੰਘ ਕੁਰੇਸ਼ੀਆ ਆਦਿ ਹਾਜ਼ਰ ਸਨ

# ਖਾਨਪੁਰ ਦੀ ਵਸਨੀਕ ਵਿਆਹੁਤਾ ਲੜਕੀ ਨੂੰ ਕੁੱਟ ਕੁੱਟ ਕੇ ਕਤਲ ਕਰਨ ਵਾਲਾ ਪਤੀ ਗ੍ਰਿਫਤਾਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 9463601616 hardipchumber57@gmail.com

ਫਿਲੌਰ/ਅੱਪਰਾ (ਦੀਪਾ)-ਬੀਤੇ ਦਿਨੀਂ ਕਰੀਬੀ ਪਿੰਡ ਖਾਨਪੁਰ ਦੀ ਵਸਨੀਕ ਇੱਕ ਵਿਆਹੁਤਾ ਲੜਕੀ ਰਜਨੀ ਬਾਲਾ (24) ਨੂੰ ਉਸਦੇ ਪਤੀ ਨੇ ਕੁੱਟ ਕੁੱਟ ਕੇ ਬੇਰਹਿਮ ਤਰੀਕੇ ਨਾਲ ਕਤਲ ਕਰਨ ਵਾਲੇ ਉਸਦੇ ਪਤੀ ਨੂੰ ਪੁਲਿਸ ਨੇ ਕਾਬੂ ਕਰ ਲਿਆ ਹੈ | ਇਸ ਸੰਬੰਧ 'ਚ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਇੰਸਪੈਕਟਰ ਸੰਜੀਵ ਕਪੂਰ ਇੰਚਾਰਜ ਫਿਲੌਰ ਨੇ ਦੱਸਿਆ ਕਿ ਰਜਨੀ ਬਾਲਾ ਦਾ ਕਤਲ ਕਰਨ ਵਾਲੇ ਉਸਦੇ ਪਤੀ ਸੂਰਜ ਪ੍ਰਕਾਸ਼ ਨੂੰ ਫਿਲੌਰ ਦੇ ਜ਼ਖੀਰੇ ਤੋਂ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਉਸਨੂੰ ਮਾਣਯੋਗ ਅਦਾਲਤ ਪੇਸ਼ ਕੀਤਾ ਜਾਵੇਗਾ |

# ਰਬਾਬ ਕਲਾਸਜ ਵਿਖੇ ਮਾਂ ਦਿਵਸ ਤੇ ਬੱਚਿਆਂ ਦੇ ਡਰਾਇੰਗ ਮੁਕਾਬਲੇ ਕਰਵਾਏ ਗਏ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 9463601616 hardipchumber57@gmail.com



ਸੰਗਰੂਰ,10 ਮਈ (ਜਗਸੀਰ ਲੌਂਗੋਵਾਲ) - ਮਦਰ ਡੇ ਦਿਵਸ ਮੌਕੇ ਸਥਾਨਕ ਰਬਾਬ ਕਲਾਸਜ ਸੰਗਰੂਰ ਵਿਖੇ ਮਾਂ ਦਿਵਸ ਨੂੰ ਸਮਰਪਿਤ ਡਰਾਇੰਗ ਮੁਕਾਬਲੇ ਕਰਵਾਏ ਗਏ ਜਿਸ ਵਿਚ ਸਕੂਲੀ ਬੱਚਿਆਂ ਨੇ ਵਧ ਚੜ੍ਹ ਕੇ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੈਡਮ ਸੁਖਮਨੀ ਨੇ ਦੱਸਿਆ ਕਿ ਡਰਾਇੰਗ ਮੁਕਾਬਲਿਆਂ ਵਿਚ ਸੁਖਮਨਪ੍ਰੀਤ ਕੌਰ ਨੇ ਪਹਿਲਾਂ ਤੇ ਹਰਸੀਰਤ ਕੌਰ ਨੇ ਦੂਜਾ ਅਤੇ ਹਰਜੋਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਜਸਪ੍ਰੀਤ ਕੌਰ, ਦੀਪਇੰਦਰ ਕੋਰ,ਜਪਜੀ ਕੌਰ ਅਤੇ ਹਰਮਨ ਕੌਰ ਦੀਆਂ ਬਣਾਈਆਂ ਡਰਾਇੰਗਾਂ ਵੀ ਵਧੇਰੇ ਪਸੰਦ ਕੀਤੀਆਂ ਗਈਆਂ। ਮਦਰ ਡੇ ਮੌਕੇ ਡਰਾਇੰਗ ਮੁਕਾਬਲਿਆਂ ਕਰਾਉਣ ਸਬੰਧੀ ਦੱਸਦਿਆਂ ਮੈਡਮ ਸੁਖਮਨੀ ਨੇ ਦੱਸਿਆ ਕਿ ਹਰ ਇਨਸਾਨ ਦੀ ਜ਼ਿੰਦਗੀ 'ਚ ਮਾਂ ਸਭ ਤੋਂ ਵੱਡਾ ਤੇ ਪਹਿਲਾ ਗੁਰੂ ਹੁੰਦੀ ਹੈ। ਮਾਂ ਬੱਚੇ ਨੂੰ ਪਹਿਲਾਂ ਬੋਲਣਾ, ਚੱਲਣ-ਫਿਰਨਾ ਤੇ ਸਮਾਜ 'ਚ ਵਿਚਰਨਾ ਸਿਖਾਉਂਦੀ ਹੈ ਤੇ ਮਾਂ ਆਪਣੀ ਪੂਰੀ ਜ਼ਿੰਦਗੀ 'ਚ ਆਪਣੇ ਬੱਚੇ ਨੂੰ ਹਰ ਰੋਜ਼ ਸਿਖਾਉਂਦੀ ਹੈ। ਮਾਂ ਤੋਂ ਬਾਅਦ ਮਾਂ ਦੀਆਂ ਦਿੱਤੀਆਂ ਸਿੱਖਿਆਵਾਂ ਵੀ ਵਿਅਕਤੀ ਦਾ ਪੂਰੀ ਜ਼ਿੰਦਗੀ ਮਾਰਗ ਦਰਸ਼ਨ ਕਰਦੀਆਂ ਰਹਿੰਦੀਆਂ ਹਨ ਤੇ ਇਸੇ ਲਈ ਬੱਚਿਆਂ ਚ ਮਾਂ ਨੂੰ ਸਮਰਪਣ ਡਰਾਇੰਗ ਮੁਕਾਬਲੇ ਕਰਵਾਏ ਗਏ। ਉਕਤ ਮੁਕਾਬਲਿਆਂ ਸਬੰਧੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਮਾਜਸੇਵੀ ਪ੍ਰੀਤੀ ਮਹੰਤ ਨੇ ਕਿਹਾ ਕਿ ਮਾਵਾਂ ਦਾ ਸਤਿਕਾਰ ਸਭ ਤੋਂ ਜ਼ਰੂਰੀ ਹੈ, ਜੇ ਵਿਅਕਤੀ ਆਪਣੀ ਮਾਂ ਦਾ ਸਤਿਕਾਰ ਨਹੀਂ ਕਰਦਾ, ਸਮਾਜ 'ਚੋਂ ਫਿਰ ਉਸ ਦਾ ਕੋਈ ਸਤਿਕਾਰ ਨਹੀਂ ਕਰਦਾ ਹੈ। ਉਨ੍ਹਾਂ ਕਿਹਾ ਕਿ ਆਪਣੀ ਜ਼ਿੰਦਗੀ ਦੇ ਫ਼ਰਜ਼ਾਂ ਨੂੰ ਨਿਭਾਉਂਦਿਆਂ ਆਪਣੇ ਮਾਤਾ-ਪਿਤਾ ਦੀ ਸਾਂਭ-ਸੰਭਾਲ ਕਰਨਾ ਵੀ ਅਤਿ ਜ਼ਰੂਰੀ ਹੈ।

# ਜ਼ਿਲ੍ਹਾ ਸੰਗਰੂਰ ਦੇ ਸਾਬਕਾ ਫ਼ੌਜੀ ਜ਼ਿਲ੍ਹਾ ਪ੍ਰਸ਼ਾਸ਼ਨ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ

## - ਦੇਸ਼ ਦੀ ਹਿਫ਼ਾਜ਼ਤ ਕਰਨ ਲਈ ਹਲੇ ਵੀ ਜਜ਼ਬੇ ਦੀ ਕਮੀ ਨਹੀਂ: ਸਾਬਕਾ ਫ਼ੌਜੀ,,, - ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਸਹੀ ਜਾਣਕਾਰੀ ਅਤੇ ਸਹਿਯੋਗ ਦਿਓ, ਪ੍ਰਸ਼ਾਸ਼ਨ ਦੇ ਅੱਖਾਂ ਅਤੇ ਕੰਨ ਬਣਕੇ ਕੰਮ ਕਰੋ: ਵਧੀਕ ਡਿਪਟੀ ਕਮਿਸ਼ਨਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 9463601616 hardipchumber57@gmail.com



ਦਲਜੀਤ ਕੌਰ

ਸੰਗਰੂਰ, 10 ਮਈ, 2025: ਮੌਜੂਦਾ ਹਾਲਾਤ ਨੂੰ ਧਿਆਨ ਵਿੱਚ ਰੱਖਦਿਆਂ ਅਤੇ ਹਰੇਕ ਅਣਕਿਆਸੀ ਸਥਿਤੀ ਦਾ ਸਾਹਮਣਾ ਦਲੇਰੀ ਨਾਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਸਥਾਨਕ ਮੀਟਿੰਗ ਹਾਲ ਵਿਖੇ ਜ਼ਿਲਾ ਸੰਗਰੂਰ ਨਾਲ ਸਬੰਧਤ ਸਾਬਕਾ ਫ਼ੌਜੀਆਂ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਅਮਿਤ ਬੈਂਬੀ ਨੇ ਕੀਤੀ। ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵ) ਸ੍ਰ ਸੁਖਚੈਨ ਸਿੰਘ ਪਪੜਾ, ਸ੍ਰ ਗੁਰਪ੍ਰੀਤ ਸਿੰਘ ਡੀ ਐੱਸ ਪੀ, ਸ੍ਰ ਪ੍ਰਭਦੀਪ ਸਿੰਘ ਨੱਥੋਵਾਲ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਸੰਗਰੂਰ ਅਤੇ ਵੱਡੀ ਗਿਣਤੀ ਵਿੱਚ ਸਾਬਕਾ ਫ਼ੌਜੀ ਹਾਜ਼ਰ ਸਨ।

ਸ਼੍ਰੀ ਅਮਿਤ ਬੈਂਬੀ ਨੇ ਕਿਹਾ ਕਿ ਇਸ ਹੰਗਾਮੀ ਸਥਿਤੀ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਾਬਕਾ ਸੈਨਿਕਾਂ ਦੇ ਤਜ਼ਰਬੇ ਅਤੇ ਸਹਿਯੋਗ ਦੀ ਬਹੁਤ ਲੋੜ ਹੈ। ਉਹਨਾਂ ਕਿਹਾ ਕਿ ਉਹ ਸਹੀ ਜਾਣਕਾਰੀ ਅਤੇ ਸਹਿਯੋਗ ਦੇਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਅੱਖਾਂ ਅਤੇ ਕੰਨ ਬਣਕੇ ਕੰਮ ਕਰਨ। ਉਹਨਾਂ ਕਿਹਾ ਕਿ ਉਹ ਆਪਣੇ ਆਪਣੇ ਸਮੂਹ ਇਲਾਕਾ ਵਾਸੀਆਂ ਨੂੰ ਘਰਾਂ ਦੀਆਂ ਲਾਈਟਾਂ ਬੰਦ ਰੱਖਣ, ਸੋਲਰ ਲਾਈਟਾਂ ਜਾ ਸੀ ਸੀ ਟੀ ਵੀ ਦੀਆਂ ਕੈਮਰਿਆਂ ਆਦਿ ਬੰਦ ਰੱਖਣ ਬਾਰੇ ਜਾਗਰੂਕ ਕਰਨ।

ਸਰਕਾਰੀ ਹੁਕਮਾਂ ਦੀ ਇੰਨ ਬਿੰਨ ਪਾਲਣਾ ਕਰਨਾ ਯਕੀਨੀ ਕੀਤਾ ਜਾਵੇ। ਕਿਸੇ ਨੂੰ ਘਬਰਾਉਣ ਦੀ ਜ਼ਰੂਰਤ ਨਹੀਂ ਹੈ ਅਤੇ ਜ਼ਿੰਮੇਵਾਰ ਨਾਗਰਿਕ ਵਜੋਂ ਕਿਸੇ ਵੀ ਤਰਾਂ ਦੀ ਅਫਵਾਹ ਜਾ ਤੱਥ ਰਹਿਤ ਜਾਣਕਾਰੀ ਨੂੰ ਅੱਗੇ ਸਾਂਝਾ ਨਾ ਕੀਤਾ ਜਾਵੇ। ਉਹਨਾਂ ਅਪੀਲ ਕੀਤੀ ਕਿ ਉਹ ਜਮ੍ਹਾਂਖੋਰੀ, ਕਾਲਾ ਬਾਜ਼ਾਰੀ ਜਾਂ ਕੀਮਤਾਂ ਨਾਲ ਛੇੜਛਾੜ ਦੀ ਕੋਈ ਵੀ ਘਟਨਾ ਹੋਣ ਦੀ ਸੂਚਨਾ ਸੰਬੰਧਤ ਅਧਿਕਾਰੀਆਂ ਨੂੰ ਜਰੂਰ ਦੇਣ। ਉਹਨਾਂ ਕਿਹਾ ਕਿ ਇਸ ਸਬੰਧੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਉਹਨਾਂ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੀ ਹਦੂਦ ਅੰਦਰ ਲਗਾਤਾਰ ਠੀਕਰੀ ਪਹਿਰਾ ਲਗਾਉਣ ਲਈ ਸਬੰਧਿਤ ਪਿੰਡਾਂ ਦੀਆਂ ਸਮੂਹ ਪੰਚਾਇਤਾਂ, ਪਿੰਡ ਦੇ ਵਾਸੀਆਂ, ਨਗਰ ਕੌਂਸਲਾਂ, ਨਗਰ ਕੌਂਸਲ ਵਾਸੀਆਂ ਅਤੇ ਧਾਰਮਿਕ ਸਥਾਨਾਂ ਦੀਆਂ ਕਮੇਟੀਆਂ/ ਬੋਰਡ/ਟਰੱਸਟ ਦੇ ਮੁਖੀਆਂ ਦੀ ਜ਼ਿੰਮੇਵਾਰੀ ਲਗਾਈ ਹੈ। ਉਹਨਾਂ ਕਿਹਾ ਹੈ ਕਿ ਮੌਜੂਦਾ ਸਕਿਓਰਿਟੀ ਹਾਈ-ਅਲਰਟ ਦੇ ਹਾਲਾਤ ਨੂੰ ਮੱਦੇਨਜ਼ਰ ਰੱਖਦੇ ਹੋਏ ਜ਼ਿਲ੍ਹਾ ਸੰਗਰੂਰ ਵਿੱਚ ਪਿੰਡ-ਪਿੰਡ ਠੀਕਰੀ ਪਹਿਰੇ ਲਗਵਾਉਣ ਦੀ ਜ਼ਰੂਰਤ ਹੈ।

ਇਸ ਦੌਰਾਨ ਕਿਸੇ ਵੀ ਤਰ੍ਹਾਂ ਦੇ ਸ਼ੱਕੀ ਵਿਅਕਤੀ ਜਾਂ ਕਾਰਵਾਈ ਧਿਆਨ ਵਿੱਚ ਆਉਂਦੀ ਹੈ ਤਾਂ ਇਸ ਸਬੰਧੀ ਤੁਰੰਤ ਸੀਨੀਅਰ ਪੁਲਿਸ ਕਪਤਾਨ, ਸੰਗਰੂਰ, ਸਬੰਧਤ ਪੁਲਿਸ ਥਾਣਾ, ਕੰਟਰੋਲ ਰੂਮ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵਿਖੇ ਟੈਲੀਫੋਨ ਨੰਬਰ 01672-234128 ਅਤੇ ਪੁਲਿਸ ਕੰਟਰੋਲ ਰੂਮ ਨੰਬਰ 80545-45100, 80545-45200 'ਤੇ ਸੂਚਿਤ ਕੀਤਾ ਜਾਵੇ।

ਇਸ ਮੌਕੇ ਹਾਜ਼ਰ ਸਮੂਹ ਸਾਬਕਾ ਫ਼ੌਜੀ ਭਾਈਚਾਰੇ ਨੇ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਉਹਨਾਂ ਵਿੱਚ ਦੇਸ਼ ਦੀ ਹਿਫ਼ਾਜ਼ਤ ਕਰਨ ਲਈ ਹਲੇ ਵੀ ਜਜ਼ਬੇ ਦੀ ਕਮੀ ਨਹੀਂ ਹੈ। ਉਹ ਹਰੇਕ ਹੰਗਾਮੀ ਸਥਿਤੀ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਹਰ ਹੁਕਮ ਮੰਨਣ ਅਤੇ ਸਹਿਯੋਗ ਦੇਣ ਲਈ ਤਿਆਰ ਹਨ।

# ਡਰੋਨ ਡਿੱਗਣ ਦੀ ਘਟਨਾ ਸਾਹਮਣੇ ਆਉਣ ਕਾਰਨ ਕੰਟਰੋਲ ਰੂਮ 112 ਜਾਂ 01652-229082 ਤੇ ਦਿੱਤੀ ਜਾਵੇ ਸੂਚਨਾ-ਡਿਪਟੀ ਕਮਿਸ਼ਨਰ

## *ਮੀਡੀਆ ਕਰਮੀਆਂ ਅਤੇ ਲੋਕਾਂ ਨੂੰ ਡਰੋਨ ਡਿੱਗਣ ਸਬੰਧੀ ਵੀਡੀਓ ਜਾਂ ਲੋਕੇਸ਼ਨ ਸਾਂਝੀ ਨਾ ਕਰਨ ਦੀ ਕੀਤੀ ਅਪੀਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 10 ਮਈ INTERNATIONAL PAPER, 9463601616 hardipchumber57@gmail.com

ਮਾਨਸਾ, 10 ਮਈ :,, (ਆਤਮਾ ਸਿੰਘ ਪਮਾਰ) ਡਿਪਟੀ ਕਮਿਸ਼ਨਰ ਮਾਨਸਾ ਸ੍ਰੀ ਕੁਲਵੰਤ ਸਿੰਘ ਆਈ.ਏ.ਐਸ. ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਜ਼ਿਲ੍ਹੇ ਅੰਦਰ ਕਿਧਰੇ ਵੀ ਡਰੋਨ ਡਿੱਗਣ ਸਬੰਧੀ ਘਟਨਾ ਧਿਆਨ ਵਿੱਚ ਆਉਂਦੀ ਹੈ, ਤਾਂ ਇਸ ਸਬੰਧੀ ਤੁਰੰਤ ਨੇੜਲੇ ਥਾਣੇ ਨੂੰ ਸੂਚਿਤ ਕੀਤਾ ਜਾਵੇ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪੁਲਿਸ ਕੰਟਰੋਲ ਰੂਮ ਨੰਬਰ 112 ਜਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਪਿਤ ਕੰਟਰੋਲ ਰੂਮ ਦੇ ਨੰਬਰ 01652-229082 ਤੇ ਵੀ ਸੂਚਨਾ ਦਿੱਤੀ ਜਾ ਸਕਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਆਲੇ-ਦੁਆਲੇ ਡਰੋਨ ਡਿੱਗਣ ਦੀ ਸਥਿਤੀ ਵਿੱਚ ਉਸ ਦੇ ਨਜ਼ਦੀਕ ਜਾਣ ਅਤੇ ਵੀਡੀਓ ਬਣਾਉਣ ਤੋਂ ਪਰਹੇਜ਼ ਕੀਤਾ ਜਾਵੇ, ਕਿਉਂਕਿ ਇਸ ਵਿੱਚ ਧਮਾਕਾ ਹੋਣ ਨਾਲ ਕੋਈ ਵੀ ਨੁਕਸਾਨ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਲੋਕ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਐਡਵਾਇਜ਼ਰੀ ਅਤੇ ਹਦਾਇਤਾਂ ਦੀ ਪਾਲਣਾ ਕਰਕੇ ਪ੍ਰਸ਼ਾਸਨ ਦਾ ਸਹਿਯੋਗ ਕਰਨ।

ਡਿਪਟੀ ਕਮਿਸ਼ਨਰ ਨੇ ਮੀਡੀਆ ਕਰਮੀਆਂ ਅਤੇ ਲੋਕਾਂ ਨੂੰ ਕਿਹਾ ਕਿ ਜ਼ਿਲ੍ਹੇ ਅੰਦਰ ਡਰੋਨ ਡਿੱਗਣ ਦੀ ਸਥਿਤੀ ਵਿੱਚ ਨਾ ਤਾਂ ਉਸਦੀ ਵੀਡੀਓ ਵਾਇਰਲ ਕੀਤੀ ਜਾਵੇ ਅਤੇ ਨਾ ਹੀ ਉਸ ਥਾਂ ਦੀ ਲੋਕੇਸ਼ਨ ਕਿਸੇ ਨਾਲ ਵੀ ਸਾਂਝੀ ਕੀਤੀ ਜਾਵੇ। ਉਨ੍ਹਾਂ ਨਾਲ ਹੀ ਲੋਕਾਂ ਨੂੰ ਅਫ਼ਵਾਹਾਂ ਤੋਂ ਦੂਰ ਰਹਿ ਕੇ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਡਰੋਨ ਦੇ ਨਜ਼ਦੀਕ ਜਾਣ ਜਾਂ ਵੀਡੀਓ ਬਣਾਉਣ ਦੀ ਥਾਂ ਤੇ ਆਪਣੇ ਨੇੜਲੇ ਥਾਣੇ, ਪੁਲਿਸ ਜਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਰੂਮਾਂ ਦੇ ਉਕਤ ਨੰਬਰਾਂ ਤੇ ਸੂਚਨਾ ਦਿੱਤੀ ਜਾਵੇ।

ਡਿਪਟੀ ਕਮਿਸ਼ਨਰ ਕਿਹਾ ਕਿ ਇਸ ਤੋਂ ਇਲਾਵਾ ਜੇਕਰ ਕੋਈ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤਾਂ ਦੀ ਜਮ੍ਹਾਖੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਕਰਦਾ ਹੈ ਤਾਂ ਇਸ ਸਬੰਧੀ ਜ਼ਿਲ੍ਹਾ ਫੂਡ ਸਪਲਾਈ ਅਤੇ ਸਿਵਲ ਸਪਲਾਈ ਦਫ਼ਤਰ ਵਿਖੇ ਜਰਨੈਲ ਸਿੰਘ 81465-45767 ਅਤੇ



ਸੰਦੀਪ ਸਿੰਘ 81467-00706 ਤੇ ਸੂਚਨਾ ਦਿੱਤੀ ਜਾ ਸਕਦੀ ਹੈ। ਇਸੇ ਤਰ੍ਹਾਂ ਪਸ਼ੂਆਂ ਨਾਲ ਸਬੰਧਿਤ ਜ਼ਰੂਰਤਾਂ ਲਈ ਪਸ਼ੂ ਪਾਲਣ ਵਿਭਾਗ ਦੇ ਡਾ. ਕਮਲ ਗੁਪਤਾ 78372-18835 ਅਤੇ ਡਾ. ਦੁਸ਼ਯੰਤ ਪ੍ਰੀਤ 98725-72448, ਸਬਜ਼ੀਆਂ-ਫਲ ਆਦਿ ਦੀ ਉਪਲੱਬਧਤਾ ਸਬੰਧੀ ਮੰਡੀ ਬੋਰਡ ਦੇ ਸ੍ਰੀ ਅਮਨ ਬਾਂਸਲ 81468-00501 ਅਤੇ ਸ੍ਰੀ ਮਹਿੰਦਰ ਸਿੰਘ 97790-30002, 01652 'ਤੇ ਸੰਪਰਕ ਕੀਤਾ ਜਾਵੇ।

# ਡਿਪਟੀ ਕਮਿਸ਼ਨਰ ਵਲੋਂ ਬਚਾਅ ਕਾਰਜ ਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com




ਮੋਰਿੰਡਾ 10 ਮਈ ( ਪਤਰ ਪ੍ਰੇਰਕ) ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵਲੋਂ ਲੋੜ ਪੈਣ ਉਤੇ ਜ਼ਿਲ੍ਹਾ ਰੂਪਨਗਰ ਦੇ ਕਿਸੇ ਵੀ ਖੇਤਰ ਵਿਚ ਬਚਾਅ ਕਾਰਜ ਚਲਾਉਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਨਿਰੀਖਣ ਕੀਤਾ ਗਿਆ। ਸ੍ਰੀ

ਵਰਜੀਤ ਵਾਲੀਆ ਨੇ ਮੀਟਿੰਗ ਦੀ ਅਗਵਾਈ ਕਰਦਿਆਂ ਸਬ ਡਵੀਜ਼ਨਲ ਮੈਜਿਸਟਰੇਟਾਂ ਨੂੰ ਹਿਦਾਇਤ ਕੀਤੀ ਕਿ ਉਹ ਸਬ ਡਵੀਜ਼ਨ ਪੱਧਰ ਉੱਤੇ ਕੰਟਰੋਲ ਸਥਾਪਿਤ ਕਰਨ ਤਾਂ ਜੋ ਆਮ ਲੋਕਾਂ ਨੂੰ ਵੱਧ ਤੋਂ ਵੱਧ ਜਾਣਕਾਰੀ ਮੁਹਈਆ ਕਰਵਾਈ ਜਾ ਸਕੇ।

ਉਨ੍ਹਾਂ ਅੱਗੇ ਕਿਹਾ ਕਿ ਆਮ ਲੋਕਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਡੀ ਏ ਵੀ ਸਕੂਲ ਨੰਗਲ ਵਿਖੇ ਮੌਕ ਡਰਿੱਲ (ਅਭਿਆਸ) ਕੀਤੀ ਗਈ ਸੀ ਜੋ ਅੱਗੇ ਵੀ ਕੀਤੀ ਜਾਏਗੀ ਜਿਸ ਵਿੱਚ ਲੋਕਾਂ ਨੂੰ ਬਚਾਅ ਕਾਰਜ ਬਾਰੇ ਦੱਸਿਆ ਜਾ ਰਿਹਾ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨੀ ਹੈ। ਉਨ੍ਹਾਂ ਸਿਹਤ ਵਿਭਾਗ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਲੋੜ ਪੈਣ ਉਤੇ ਕੰਮ ਆਉਣ ਵਾਲੀਆਂ ਜ਼ਰੂਰੀ ਦਵਾਈਆਂ ਅਤੇ ਇਲਾਜ ਸਬੰਧੀ ਸਮਾਨ ਦਾ ਪ੍ਰਬੰਧ ਕਰਨ ਅਤੇ ਇਸ ਤੋਂ ਇਲਾਵਾ ਪ੍ਰਾਈਵੇਟ ਹਸਪਤਾਲਾਂ ਸਮੇਤ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਮੈਂਬਰਾਂ ਨਾਲ ਮੀਟਿੰਗਾਂ ਕਰਨ। ਉਨ੍ਹਾਂ ਸਿਵਲ ਸਰਜਨ ਤੋਂ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿਖੇ ਬੈੱਡਾਂ, ਦਵਾਈਆਂ ਅਤੇ ਬਲੱਡ ਯੂਨਿਟਾਂ ਦੀ ਉਪਲੱਬਧਾਂ ਦੀ ਰਿਪੋਰਟ ਵੀ ਤੁਰੰਤ ਪੇਸ਼ ਕਰਨ ਦੀ ਹਦਾਇਤ ਦਿੱਤੀ ਅਤੇ ਖੂਨਦਾਨ ਕੈਂਪ ਲਗਾਉਣ ਲਈ ਵੀ ਕਿਹਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਰੂਪਨਗਰ ਦੇ ਹਰ ਪਿੰਡ ਅਤੇ ਸ਼ਹਿਰ ਵਿਖੇ ਲੋੜੀਂਦਾ ਸੇਵਾਵਾਂ ਪਹੁੰਚਾਉਣ ਲਈ ਸਬ-ਡਵੀਜ਼ਨਲ ਮੈਜੀਸਟ੍ਰੈਟਾਂ ਅਧੀਨ 'ਕਿਉੱਕ ਰਿਸਪੌਂਸ ਟੀਮਾਂ' ਸਥਾਪਿਤ ਕੀਤੀਆਂ ਜਾ ਰਹੀਆਂ ਹਨ ਜਿਸ ਵਿਚ ਸਿਹਤ, ਪੁਲਿਸ, ਜਲ ਸਪਲਾਈ, ਬਿਜਲੀ ਵਿਭਾਗ ਸਮੇਤ ਹੋਰ ਵਿਭਾਗਾਂ ਦੇ ਨੁਮਾਇੰਦੇ ਵੀ ਸ਼ਾਮਲ ਹੋਣ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਅਤੇ ਤਣਾਅਪੂਰਨ ਸਥਿਤੀ ਨੂੰ ਮੁਸਤੈਦੀ ਨਾਲ ਕਾਬੂ ਕੀਤਾ ਜਾ ਸਕੇ। ਵਰਜੀਤ ਵਾਲੀਆ ਨੇ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਬਿਲਕੁਲ ਘਬਰਾਉਣ ਦੀ ਜ਼ਰੂਰਤ ਨਹੀਂ ਹੈ ਅਤੇ ਇਹ ਸਾਰੇ ਪ੍ਰਬੰਧ ਆਪ ਸਭ ਦੀ ਅਗਾਊਂ ਸੁਰੱਖਿਆ ਲਈ ਕੀਤੇ ਜਾ ਰਹੇ ਹਨ ਜਿਸ ਵਿਚ ਆਪ ਸਭ ਦੇ ਪੂਰਨ ਸਹਿਯੋਗ ਦੀ ਲੋੜ ਹੈ । ਜਦਕਿ ਜ਼ਿਲ੍ਹਾ ਵਾਸੀਆਂ ਵਲੋਂ ਦੂਜੇ ਦਿਨ ਕੀਤੇ ਗਏ ਬਲੇਕ ਆਊਟ ਵਿਚ ਬਹੁਤ ਵਧੀਆ ਢੰਗ ਨਾਲ ਹਦਾਇਤਾਂ ਦੀ ਪਾਲਣਾ ਕੀਤੀ ਗਈ ਹੈ ਜਿਸ ਤੋਂ ਪਤਾ ਲਗਦਾ ਹੈ ਕਿ ਜਿਲ੍ਹਾ ਵਾਸੀ ਪ੍ਰਸ਼ਾਸਨ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਗੰਭੀਰਤਾ ਨਾਲ ਕਰ ਰਹੇ ਹਨ।ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵ) ਚੰਦਰਜਯੋਤੀ ਸਿੰਘ, ਐੱਸ.ਪੀ ਅਰਵਿੰਦ ਮੀਨਾ, ਵਧੀਕ ਡਿਪਟੀ ਕਮਿਸ਼ਨਰ (ਜ) ਪੂਜਾ ਸਿਆਲ ਗਰੇਵਾਲ, ਆਰ.ਟੀ.ਓ ਗੁਰਵਿੰਦਰ ਸਿੰਘ ਜੌਹਲ, ਸਹਾਇਕ ਕਮਿਸ਼ਨਰ (ਜ) ਅਰਵਿੰਦਰਪਾਲ ਸਿੰਘ ਸੋਮਲ, ਮੁੱਖ ਮੰਤਰੀ ਫੀਲਡ ਅਫ਼ਸਰ ਜਸਜੀਤ ਸਿੰਘ, ਐਸ.ਡੀ. ਐਮ ਰੂਪਨਗਰ ਸਚਿਨ ਪਾਠਕ, ਐਸ.ਡੀ.ਐਮ ਮੋਰਿੰਡਾ ਸੁਖਪਾਲ ਸਿੰਘ, ਐਸ.ਡੀ. ਐਮ ਨੰਗਲ ਅਨਮਜੋਤ ਕੌਰ, ਐਸ.ਡੀ.ਐਮ ਸ੍ਰੀ ਅਨੰਦਪੁਰ ਸਾਹਿਬ ਜਸਪ੍ਰੀਤ ਸਿੰਘ, ਐਸ.ਡੀ.ਐਮ ਸ੍ਰੀ ਚਮਕੌਰ ਸਾਹਿਬ ਅਮਰੀਕ ਸਿੰਘ ਸਿੱਧੂ, ਸਿਵਲ ਸਰਜਨ ਡਾ. ਸਵਪਨਜੀਤ ਕੌਰ, ਜ਼ਿਲ੍ਹਾ ਮਾਲ ਅਫਸਰ ਬਾਦਲਦੀਨ ਅਤੇ ਜ਼ਿਲ੍ਹੇ ਦੇ ਹੋਰ ਉੱਚ ਅਧਿਕਾਰੀ ਹਾਜ਼ਰ ਸਨ।

# ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਿੰਦਰ ਸਿੰਘ ਭੰਗੂ ਸਮੇਤ ਕਈ ਕਿਸਾਨ ਆਗੂ ਜੇਲ ਤੋਂ ਰਿਹਾਅ

## ਕਿਸਾਨ ਯੂਨੀਅਨ ਵੱਲੋਂ ਆਗੂਆਂ ਦਾ ਭਰਵਾ ਸਵਾਗਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com



ਮੋਰਿੰਡਾ 10 ਮਈ ( ਪਤਰ ਪ੍ਰੇਰਕ) ਬੀਤੇ ਦਿਨੀਂ ਪੁਲਸ ਵੱਲੋਂ ਹਿਰਾਸਤ ਵਿੱਚ ਲਏ ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਿੰਦਰ ਸਿੰਘ ਭੰਗੂ ਅਤੇ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਪੰਜੋਲਾ ਨੂੰ ਰੂਪਨਗਰ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਗਿਆ।ਇਸ ਸਬੰਧੀ ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਮਲਕੀਤ ਸਿੰਘ ਸੇਖੋਂ ਕਕਰਾਲੀ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ 5 ਮਈ ਦੇ ਐਕਸ਼ਨ ਨੂੰ ਮੁੱਖ ਰੱਖਦਿਆਂ ਪੁਲਿਸ ਵੱਲੋਂ ਸੂਬਾ ਪ੍ਰਧਾਨ ਗੁਰਿੰਦਰ ਸਿੰਘ ਭੰਗੂ ਅਤੇ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਪੰਜੋਲਾ ਨੂੰ 5 ਮਈ ਨੂੰ ਤੜਕਸਾਰ ਨੂੰ ਘਰਾਂ ਵਿੱਚ ਸੁੱਤੇ ਪਿਆ ਨੂੰ ਚੁੱਕ ਕੇ ਗੈਰ ਕਾਨੂੰਨੀ ਹਿਰਾਸਤ ਵਿੱਚ ਰੱਖਿਆ ਗਿਆ, ਇਸ ਤੋਂ ਉਪਰੰਤ 6 ਮਈ ਨੂੰ ਜ਼ਿਲ੍ਹਾ ਜੇਲ੍ਹ ਰੂਪਨਗਰ ਵਿੱਚ ਭੇਜਿਆ ਗਿਆ । ਇਹਨਾ ਨੂੰ ਅਜ ਜੇਲ੍ਹ ਤੋਂ ਰਿਹਾਅ ਕੀਤਾ ਗਿਆ । ਗੁਰਿੰਦਰ ਸਿੰਘ ਭੰਗੂ ਨੇ ਜੇਲ੍ਹ ਤੋਂ ਬਾਹਰ ਆਉਂਦਿਆਂ ਕਿਹਾ ਕਿ ਹੱਕ ਸੱਚ ਦੀ ਗੱਲ ਕਰਨ ਵਾਲਿਆਂ ਦੀ ਅਵਾਜ਼ ਨੂੰ ਧੱਕੇ ਨਾਲ ਬੰਦ ਕੀਤਾ ਜਾ ਰਿਹਾ ਹੈ, ਪੁਲਸ ਪ੍ਰਸ਼ਾਸਨ ਵਲੋਂ ਤੜਕਸਾਰ ਕਿਸਾਨ ਆਗੂਆਂ ਦੇ ਘਰਾਂ ਵਿੱਚ ਕੰਧਾਂ ਟੱਪ ਕੇ ਗੈਰ ਕਾਨੂੰਨੀ ਤਰੀਕੇ ਨਾਲ ਹਿਰਾਸਤ ਵਿੱਚ ਲੈਣਾ ਕਿਥੋਂ ਦਾ ਲੋਕਤੰਤਰ ਹੈ, ਇਹ ਧੱਕੇ ਸ਼ਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ,। ਆਉਣ ਵਾਲੇ ਸਮੇਂ ਵਿੱਚ ਇਸ ਧੱਕੇ ਸ਼ਾਹੀ ਦੇ ਖਿਲਾਫ ਹਾਈਕੋਰਟ ਦਾ ਦਰਵਾਜ਼ਾ ਖੜਕਾਇਆ ਜਾਵੇਗਾ,। ਇਸ ਮੌਕੇ ਭੁਪਿੰਦਰ ਸਿੰਘ ਡੇਕਵਾਲਾ, ਦਲਜੀਤ ਸਿੰਘ ਗਿੱਲ, ਰਵਿੰਦਰ ਸਿੰਘ ਚੈੜੀਆਂ, ਜਗਰੂਪ ਸਿੰਘ ਮੀਆਂ ਪੁਰ, ਕੁਲਵਿੰਦਰ ਸਿੰਘ ਭਾਗੋਮਾਜਰਾ,ਨਰਿੰਦਰ ਸਿੰਘ ਦੁਗਰੀ, ਸਰਬਜੀਤ ਸਿੰਘ ਰੋਪੜ, ਜਗਜੀਤ ਸਿੰਘ ਚੂਹੜ ਮਾਜਰਾ, ਸੋਹਣ ਸਿੰਘ ਮਗਰੋੜ, ਜਗਮੀਤ ਸਿੰਘ ਮੁਗ਼ਲ ਮਾਜਰੀ, ਸੁਖਵੀਰ ਸਿੰਘ ਭਾਗੋਮਾਜਰਾ, ਜਸਵੀਰ ਸਿੰਘ ਪੰਚ, ਗੁਰਦੇਵ ਸਿੰਘ ਜੇ ਈ, ਹੁਸਨ ਬਲ ,ਰਾਜਾ ਪੰਜੋਲਾ, ਮੇਹਰ ਸਿੰਘ ਮੀਆਂ ਪੁਰ, ਜਰਨੈਲ ਸਿੰਘ ਗੋਗੀ, ਜਸਕਰਨ ਸਿੰਘ ਰੁੜਕੀ ਹੀਰਾਂ, ਗੁਰਵਿੰਦਰ ਸਿੰਘ ਸੀਹੋਂ ਮਾਜਰਾ, ਜਗਦੀਪ ਰੁੜਕੀ, ਹਰਜਿੰਦਰ ਸਿੰਘ ਦੁਗਰੀ ਅਤੇ ਵਡੀ ਗਿਣਤੀ ਵਿੱਚ ਇਕਾਈਆਂ ਦੇ ਪ੍ਰਧਾਨ ਤੇ ਮੈਂਬਰ ਹਾਜ਼ਰ ਸਨ।

# ਸੰਪਾਦਕ ਦੇ ਨਾਮ ਖਤ: ਕਣਕ ਦੇ ਨਾੜ ਨੂੰ ਅੱਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com

ਇਹ ਧਰਤੀ ਇਕੱਲੀ ਮਨੁੱਖ ਦੇ ਰਹਿਣ ਲਈ ਹੀ ਨਹੀਂ,ਸਗੋਂ ਹੋਰ ਵੀ ਅਨੇਕਾਂ ਜੀਵ ਜੰਤੂਆਂ ਦੇ ਰਹਿਣ ਲਈ ਬਣੀ ਹੈ। ਧਰਤੀ ਤੇ ਰਹਿਣ ਵਾਲੇ ਵੱਡੀ ਗਿਣਤੀ ਮਨੁੱਖ ਕਿਸੇ ਨਾ ਕਿਸੇ ਧਰਮ ਨੂੰ ਜ਼ਰੂਰ ਮੰਨਦੇ ਹਨ। ਪ੍ਰੰਤੂ ਕੋਈ ਵੀ ਧਰਮ ਕੁਦਰਤੀ ਬਨਸਪਤੀ ਨੂੰ ਅੱਗ ਨਾਲ ਫੂਕਣ ਬਾਰੇ ਨਹੀਂ ਕਹਿੰਦਾ,ਸਗੋਂ ਕੁਦਰਤੀ ਬਨਸਪਤੀ ਨੂੰ ਬਚਾਉਣ ਦੇ ਰਾਹ ਤੇ ਚੱਲਣ ਦੀ ਹੀ ਸਿੱਖਿਆ ਦਿੰਦਾ ਹੈ। ਜੇਕਰ ਗੱਲ ਇਕੱਲੇ ਪੰਜਾਬ ਦੀ ਹੀ ਕੀਤੀ ਜਾਵੇ ਤਾਂ ਅਨੇਕਾਂ ਹੀ ਕਿਸਾਨ ਇਹ ਤਰਕ ਦੇਕੇ ਝੋਨੇ ਦੀ ਪਰਾਲੀ ਨੂੰ ਹਰ ਵਰ੍ਹੇ ਅੱਗ ਲਗਾਕੇ ਵਾਤਾਵਰਨ ਦੂਸ਼ਿਤ ਕਰਦੇ ਹਨ ਕਿ ਅੱਗ ਲਗਾਉਣ ਤੋਂ ਬਿਨ੍ਹਾਂ ਹੋਰ ਕੋਈ ਚਾਰਾ ਹੀ ਨਹੀਂ ਉਹਨਾਂ ਕੋਲ। ਪਰ ਕਿਸਾਨ ਆਪਣੇ ਧਰਮ ਨੂੰ ਭੁੱਲਕੇ ਕਣਕ ਦੇ ਨਾੜ ਨੂੰ ਬਿਨ੍ਹਾਂ ਗੱਲੋਂ ਹੀ ਅੱਗ ਲਗਾ ਕੇ ਵਾਤਾਵਰਣ ਦੂਸ਼ਿਤ ਕਰ ਰਹੇ ਹਨ, ਜਦ ਕਿ ਕਣਕ ਦਾ ਨਾੜ ਝੋਨਾ ਲਗਾਉਣ ਤੱਕ ਆਪਣੇ ਆਪ ਹੀ ਖਤਮ ਹੋ ਜਾਂਦਾ ਹੈ। ਕਣਕ ਦੇ ਨਾੜ ਨੂੰ ਅੱਗ ਲਗਾਉਣ ਕਿਸਾਨਾਂ ਦੀ ਕੋਈ ਮਜਬੂਰੀ ਨਹੀਂ ਸਗੋਂ ਗੰਦੀ ਆਦਤ ਤੇ ਕਾਨੂੰਨ ਦਾ ਡਰ ਨਾ ਹੋਣਾ ਹੀ ਹੈ। ਨਾੜ ਨੂੰ ਅੱਗ ਲਗਾਉਣ ਨਾਲ ਧਰਤੀ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ,ਇਸ ਤੋਂ ਇਲਾਵਾ ਅਨੇਕਾਂ ਮਿੱਤਰ ਕੀੜੇ ਵੀ ਅੱਗ ਦੀ ਬਲੀ ਚੜ੍ਹ ਜਾਂਦੇ ਹਨ। ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਲਗਾਉਣ ਤੇ ਟਾਲਾ ਹੀ ਵੱਟਣਾ ਚਾਹੀਦਾ ਹੈ ਤਾਂ ਕਿ ਕੁਦਰਤ ਦੀ ਦਿਨੋਂ ਦਿਨ ਹੋ ਰਹੀ ਬਰਬਾਦੀ ਨੂੰ ਰੋਕਿਆ ਜਾ ਸਕੇ।

ਅੰਗਰੇਜ ਸਿੰਘ ਵਿੱਕੀ
ਕੋਟਗੁਰੂ
ਪਿੰਡ ਤੇ ਡਾਕ. ਕੋਟਗੁਰੂ
(ਬਠਿੰਡਾ)

# ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਆਊਟਸੋਰਸਿਸ ਮੁਲਜ਼ਮਾਂ ਦੀ ਹੋਈ ਇਕੱਤਰਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਮਈ
INTERNATIONAL PAPER, 94636 01616
hardipchumber57@gmail.com




